ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਹਾੜ ਨਾਨਕਸ਼ਾਹੀ ਸੰਮਤ ੫੪੮
ਅੰਕ ੬ ਜਿਲਦ ੯੩
ਜੂਨ ੨੦੧੬

ਸੰਪਾਦਕ ਦਿਲਜੀਤ ਸਿੰਘ 'ਬੇਦੀ'

**ਸਹਾਇਤਾ**

| ਦੇਸ਼ | ਵਿਦੇਸ਼ |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |

***Website : www.sgpc.net***
***E-mail : gurdwaragazette@gmail.com***
***info@sgpc.net***

***Phone: 0183-255 3956-60, Ext. 254***

## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

---

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੯੮/੧੦੨੫੯ ਮਿਤੀ ੨੦-੬-੯੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

---

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ।

***ਪ੍ਰਤੀ ਕਾਪੀ 2/-ਰੁਪਏ***

## ਲੇਖ ਸੂਚੀ

| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੬ |
| ਸੰਪਾਦਕੀ | ੭ |
| ਪੰਚਮ ਪਾਤਸ਼ਾਹ ਜੀ ਦੀ ਪਾਵਨ ਸ਼ਹਾਦਤ *-ਜਥੇਦਾਰ ਅਵਤਾਰ ਸਿੰਘ* | ੧੦ |
| ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਖ਼ਸੀਅਤ *-ਡਾ. ਪਰਮਵੀਰ ਸਿੰਘ* | ੧੩ |
| ਲਾਸਾਨੀ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ *-ਪ੍ਰੋ. ਨਵ ਸੰਗੀਤ ਸਿੰਘ* | ੧੮ |
| ਛਠਮੁ ਪੀਰੁ ਬੈਠਾ ਗੁਰੁ ਭਾਰੀ *-ਦਿਲਜੀਤ ਸਿੰਘ 'ਬੇਦੀ'* | ੩੧ |
| ਸਿੱਖਿਆ, ਸੇਵਾ ਤੇ ਖੇਡਾਂ ਦੇ ਖੇਤਰ ਵਿਚ ਸ਼੍ਰੋਮਣੀ ਕਮੇਟੀ ਦੀ ਭੂਮਿਕਾ *-ਡਾ. ਬਲਵੰਤ ਸਿੰਘ ਢਿੱਲੋਂ* | ੩੪ |
| ਖ਼ਬਰਨਾਮਾ | ੩੭ |
| ਧਰਮ ਪ੍ਰਚਾਰ ਸਰਗਰਮੀਆਂ | ੭੨ |
| ਹਿਸਾਬ-ਕਿਤਾਬ | ੮੩ |

***English Section***

| | |
|---|---|
| Historical Events | *98* |
| Sri Guru Tegh Bahadur Sahib Ji *- S. Surjit Singh 'Gandhi'* | 99 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਹਾੜ)

| | |
|---|---|
| * ਕਿਵਾੜ ਖੁੱਲ੍ਹਣ ਦਾ ਸਮਾਂ | ੨-੦੦ ਵਜੇ ਅੰਮ੍ਰਿਤ ਵੇਲੇ |
| * ਕੀਰਤਨ ਆਰੰਭ | ੨-੦੦ ਵਜੇ ਅੰਮ੍ਰਿਤ ਵੇਲੇ |
| * ਆਸਾ ਦੀ ਵਾਰ ਦਾ ਕੀਰਤਨ ਆਰੰਭ | ੩-੦੦ ਵਜੇ ਸਵੇਰੇ |
| * ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੪-੦੦ ਵਜੇ ਸਵੇਰੇ |
| * ਪਹਿਲਾ ਹੁਕਮਨਾਮਾ | ੪-੩੦ ਵਜੇ ਸਵੇਰੇ |
| * ਪਹਿਲੀ ਅਰਦਾਸ | ੫-੦੦ ਵਜੇ ਸਵੇਰੇ |
| * ਆਸਾ ਦੀ ਵਾਰ ਦੀ ਸਮਾਪਤੀ | ੬-੦੦ ਵਜੇ ਸਵੇਰੇ |
| * ਦੂਸਰੀ ਅਰਦਾਸ ਤੇ ਹੁਕਮਨਾਮਾ | ੬-੧੫ ਵਜੇ ਸਵੇਰੇ |

* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।

| | |
|---|---|
| * ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੧੦-੩੦ ਵਜੇ ਰਾਤ |
| * ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੧੦-੪੫ ਵਜੇ ਰਾਤ |
| * ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੧-੦੦ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬**
**ਫੋਨ : ੦੦੯੧-੧੮੩-੨੫੫੩੯੫੭,੫੮,੫੯**

# ੧੬ ਜੂਨ ਤੋਂ ੧੫ ਜੁਲਾਈ ਵਿਚਲੇ ਇਤਿਹਾਸਕ ਦਿਹਾੜੇ

| | | |
|---|---|---|
| ੧੭ ਜੂਨ | | ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਪਵਿੱਤਰ ਸਰੋਵਰ ਦੀ ਕਾਰ-ਸੇਵਾ ਆਰੰਭ ਹੋਈ। (੧੭-੬-੧੯੨੩) |
| ੧੮ ਜੂਨ | (ੳ) | ਗੁਰਦੁਆਰਾ ਐਕਟ ਅਨੁਸਾਰ ਸੈਂਟਰਲ ਬੋਰਡ ਦੀ ਪਹਿਲੀ ਚੋਣ ਹੋਈ। (੧੮-੬-੧੯੨੬) |
| | (ਅ) | ਚੰਡੀਗੜ੍ਹ ਵਿਖੇ ਸਾਰੀਆਂ ਪਾਰਟੀਆਂ ਨੇ ਇਕ ਕਨਵੈਨਸ਼ਨ ਕੀਤੀ ਜਿਸ ਵਿਚ ਚੰਡੀਗੜ੍ਹ ਪੰਜਾਬ ਨੂੰ ਦੇਣ ਦੀ ਮੰਗ ਕੀਤੀ। (੧੮-੬-੧੯੬੮) |
| ੧੯ ਜੂਨ | | ਅਦਾਲਤ ਨੇ ਗੁਰਦੁਆਰਾ ਫੇਰੂ ਦੇ ਕੇਸ ਦਾ ਫੈਸਲਾ ਸਿੱਖਾਂ ਦੇ ਹੱਕ ਵਿਚ ਦਿੱਤਾ। (੧੯-੬-੧੯੩੧) |
| ੨੨ ਜੂਨ | | ਸਿੱਖਾਂ ਨੇ ਕੈਬਨਿਟ ਮਿਸ਼ਨ ਦਾ ਬਾਈਕਾਟ ਕਰਨ ਦਾ ਫੈਸਲਾ ਕੀਤਾ। (੨੨-੬-੧੯੪੬) |
| ੨੬ ਜੂਨ | | ਪੈਂਦੇ ਖਾਂ ਅਤੇ ਅਦੀਨਾ ਬੇਗ ਨੇ ਸ੍ਰੀ ਅਨੰਦਪੁਰ ਸਾਹਿਬ 'ਤੇ ਹਮਲਾ ਕੀਤਾ । (੨੬-੬-੧੭੦੦) |
| ੨੭ ਜੂਨ | | ਸ਼ੇਰੇ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਅਕਾਲ ਚਲਾਣਾ ਕਰ ਗਿਆ। (੨੭-੬-੧੮੩੯) |
| ੩੦ ਜੂਨ | | ਸੰਯੁਕਤ ਰਾਸ਼ਟਰ ਅਮਰੀਕਾ ਦੇ ਹਾਊਸ ਆਫ ਕਾਮਨਜ਼ ਨੇ ਸਿੱਖ ਮਸਲਿਆਂ 'ਤੇ ਵਿਚਾਰ ਕੀਤੀ ਤੇ ੨੦੪ ਮੈਂਬਰਾਂ ਨੇ ਸਿੱਖਾਂ ਦੀ ਹਮਾਇਤ ਕੀਤੀ। (੩੦-੬-੧੯੮੯) |
| ੧ ਜੁਲਾਈ | | ਨੰਗਲ ਗੁਜਰਾਂ ਦੀ ਲੜਾਈ ਵਿਚ ਬਾਬਾ ਗੁਰਦਿੱਤਾ ਜੀ ਤੇ ੧੦੦ ਦੇ ਕਰੀਬ ਉਨ੍ਹਾਂ ਦੇ ਸਾਥੀਆਂ ਨੇ ਹਿੰਮਤ ਚੰਦ ਹੰਡੂਰੀ ਨਾਲ ਰਲ ਕੇ ਰੋਪੜ ਦੇ ਪਠਾਣ ਮੁਖੀ ਨਾਲ ਲੜਾਈ ਲੜੀ। (੧-੭-੧੬੩੫) |
| ੭ ਜੁਲਾਈ | | ਸ. ਸੁਰਜੀਤ ਸਿੰਘ ਬਰਨਾਲਾ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋਏ। (੭-੭-੧੯੮੮) |
| ੮ ਜੁਲਾਈ | | ਮੋਗੇ ਦੇ ਸ. ਤਾਰਾ ਸਿੰਘ ਨੇ 'ਗੁਰਦੁਆਰਾ ਬਿੱਲ' ਨੂੰ ਪੰਜਾਬ ਦੀ ਲੈਜਿਸਲੇਟਿਵ ਕੌਂਸਲ ਵਿਚ ਪੇਸ਼ ਕੀਤਾ। (੮-੭-੧੯੨੫) |
| ੯ ਜੁਲਾਈ | (ੳ) | ਗੁਰਦੁਆਰਾ ਬਿੱਲ ਪਾਸ ਹੋ ਕੇ ਕਾਨੂੰਨ ਬਣਿਆ। (੯-੭-੧੯੨੫) |
| | (ਅ) | ਸ਼੍ਰੋਮਣੀ ਅਕਾਲੀ ਦਲ ਨੇ ਐਮਰਜੈਂਸੀ ਵਿਰੁੱਧ ਮੋਰਚਾ ਲਾਇਆ। (੯-੭-੧੯੭੫) |
| ੧੦ ਜੁਲਾਈ | | 'ਪੰਜਾਬੀ ਸੂਬਾ ਜ਼ਿੰਦਾਬਾਦ' ਦੇ ਨਾਅਰੇ 'ਤੇ ਲਗਾਈ ਪਾਬੰਦੀ ਵਾਪਸ ਲਈ। (੧੦-੭-੧੯੫੫) |
| ੧੨ ਜੁਲਾਈ | | ਮਾਸਟਰ ਤਾਰਾ ਸਿੰਘ ਨੇ ਪੰਜਾਬੀ ਸੂਬੇ ਲਈ ਲੋਕ ਰਾਏ ਲੈਣ ਦੀ ਮੰਗ ਕੀਤੀ। (੧੨-੭-੧੯੬੧) |
| ੧੫ ਜੁਲਾਈ | (ੳ) | 'ਖਾਲਸਾ ਦਰਬਾਰ' ਦਾ ਇਕ ਵਫਦ ਲਾਹੌਰ ਵਿਖੇ ਗਾਂਧੀ ਨੂੰ ਮਿਲਿਆ, ਗਾਂਧੀ ਨੇ ਭਰੋਸਾ ਦਿਵਾਇਆ ਕਿ ਕਾਂਗਰਸ ਕਿਸੇ ਵੀ ਉਸ ਵਿਧਾਨ ਨੂੰ ਪ੍ਰਵਾਨ ਨਹੀਂ ਕਰੇਗੀ ਜੋ ਸਿੱਖਾਂ ਨੂੰ ਸੰਤੁਸ਼ਟ ਨਾ ਕਰਦਾ ਹੋਵੇ। (੧੫-੭-੧੯੩੪) |
| | (ਅ) | ਮਾਸਟਰ ਤਾਰਾ ਸਿੰਘ ਨੇ ਸਿੱਖ ਸਟੇਟ ਦੀ ਮੰਗ ਕਰਦਿਆਂ ਦਲੀਲ ਦਿੱਤੀ ਕਿ ਜੇ ੧੦ ਫੀਸਦੀ ਯਹੂਦੀਆਂ ਵਾਸਤੇ ਇਸਰਾਈਲ ਬਣ ਸਕਦਾ ਹੈ ਤਾਂ ਸਿੱਖਾਂ ਵਾਸਤੇ ਆਜ਼ਾਦ ਮੁਲਕ ਕਿਉਂ ਨਹੀਂ ਬਣ ਸਕਦਾ। (੧੫-੭-੧੯੪੫) |

**ਗੁਰਬਾਣੀ ਵਿਚਾਰ:**

# ਆਸਾੜੁ ਤਪੰਦਾ ਤਿਸੁ ਲਗੈ...

**ਆਸਾੜੁ ਤਪੰਦਾ ਤਿਸੁ ਲਗੈ ਹਰਿ ਨਾਹੁ ਨ ਜਿੰਨਾ ਪਾਸਿ॥**
**ਜਗਜੀਵਨ ਪੁਰਖੁ ਤਿਆਗਿ ਕੈ ਮਾਣਸ ਸੰਦੀ ਆਸ॥**
**ਦੁਯੈ ਭਾਇ ਵਿਗੁਚੀਐ ਗਲਿ ਪਈਸੁ ਜਮ ਕੀ ਫਾਸ॥**
**ਜੇਹਾ ਬੀਜੈ ਸੋ ਲੁਣੈ ਮਥੈ ਜੋ ਲਿਖਿਆਸੁ॥**
**ਰੈਣਿ ਵਿਹਾਣੀ ਪਛੁਤਾਣੀ ਉਠਿ ਚਲੀ ਗਈ ਨਿਰਾਸ॥**
**ਜਿਨ ਕੌ ਸਾਧੂ ਭੇਟੀਐ ਸੋ ਦਰਗਹ ਹੋਇ ਖਲਾਸੁ॥**
**ਕਰਿ ਕਿਰਪਾ ਪ੍ਰਭ ਆਪਣੀ ਤੇਰੇ ਦਰਸਨ ਹੋਇ ਪਿਆਸ॥**
**ਪ੍ਰਭ ਤੁਧੁ ਬਿਨੁ ਦੂਜਾ ਕੋ ਨਹੀ ਨਾਨਕ ਕੀ ਅਰਦਾਸਿ॥**
**ਆਸਾੜੁ ਸੁਹੰਦਾ ਤਿਸੁ ਲਗੈ ਜਿਸੁ ਮਨਿ ਹਰਿ ਚਰਣ ਨਿਵਾਸ॥੫॥**

*(ਪੰਨਾ ੧੩੪)*

ਹਾੜ ਦਾ ਮਹੀਨਾ ਉਸ ਜੀਵ ਨੂੰ ਤਪਦਾ ਪ੍ਰਤੀਤ ਹੁੰਦਾ ਹੈ (ਉਹ ਬੰਦੇ ਹਾੜ ਦੇ ਮਹੀਨੇ ਵਾਂਗ ਤਪਦੇ-ਕਲਪਦੇ ਰਹਿੰਦੇ ਹਨ) ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ-ਪਤੀ ਨਹੀਂ ਵੱਸਦਾ, ਜਿਹੜੇ ਜਗਤ ਦੇ ਸਹਾਰਾ ਪਰਮਾਤਮਾ (ਦਾ ਆਸਰਾ) ਛੱਡ ਕੇ ਬੰਦਿਆਂ ਦੀਆਂ ਆਸਾਂ ਬਣਾਈ ਰੱਖਦੇ ਹਨ।

(ਪ੍ਰਭੂ ਤੋਂ ਬਿਨਾਂ) ਕਿਸੇ ਹੋਰ ਦੇ ਆਸਰੇ ਰਿਹਾਂ ਖ਼ੁਆਰ ਹੀ ਹੋਈਦਾ ਹੈ, (ਜੋ ਭੀ ਕੋਈ ਹੋਰ ਸਹਾਰਾ ਤੱਕਦਾ ਹੈ) ਉਸ ਦੇ ਗਲ ਵਿਚ ਜਮ ਦੀ ਫਾਹੀ ਪੈਂਦੀ ਹੈ (ਉਸ ਦਾ ਜੀਵਨ ਸਦਾ ਸਹਿਮ ਵਿਚ ਬੀਤਦਾ ਹੈ)। (ਕੁਦਰਤਿ ਦਾ ਨਿਯਮ ਹੀ ਐਸਾ ਹੈ ਕਿ) ਮਨੁੱਖ ਜੇਹਾ ਬੀਜ ਬੀਜਦਾ ਹੈ, (ਕੀਤੇ ਕਰਮਾਂ ਅਨੁਸਾਰ) ਜਿਹੜਾ ਲੇਖ ਉਸ ਦੇ ਮੱਥੇ ਉੱਤੇ ਲਿਖਿਆ ਜਾਂਦਾ ਹੈ, ਉਹੋ ਜਿਹਾ ਫਲ ਉਹ ਪ੍ਰਾਪਤ ਕਰਦਾ ਹੈ। (ਜਗਜੀਵਨ ਪੁਰਖ ਨੂੰ ਵਿਸਾਰਨ ਵਾਲੀ ਜੀਵ-ਇਸਤਰੀ ਦੀ) ਸਾਰੀ ਜ਼ਿੰਦਗੀ ਪਛੁਤਾਵਿਆਂ ਵਿਚ ਹੀ ਗੁਜ਼ਰਦੀ ਹੈ, ਉਹ ਜਗਤ ਤੋਂ ਟੁੱਟੇ ਹੋਏ ਦਿਲ ਨਾਲ ਹੀ ਤੁਰ ਪੈਂਦੀ ਹੈ।

ਜਿਨ੍ਹਾਂ ਬੰਦਿਆਂ ਨੂੰ ਗੁਰੂ ਮਿਲ ਪੈਂਦਾ ਹੈ, ਉਹ ਪਰਮਾਤਮਾ ਦੀ ਹਜ਼ੂਰੀ ਵਿਚ ਸੁਰਖ਼ਰੂ ਹੁੰਦੇ ਹਨ (ਆਦਰ-ਮਾਣ ਪਾਉਂਦੇ ਹਨ)।

ਹੇ ਪ੍ਰਭੂ! (ਤੇਰੇ ਅੱਗੇ) ਨਾਨਕ ਦੀ ਬੇਨਤੀ ਹੈ, ਆਪਣੀ ਮਿਹਰ ਕਰ, (ਮੇਰੇ ਮਨ ਵਿਚ) ਤੇਰੇ ਦਰਸ਼ਨ ਦੀ ਤਾਂਘ ਬਣੀ ਰਹੇ, (ਕਿਉਂਕਿ) ਹੇ ਪ੍ਰਭੂ! ਤੈਥੋਂ ਬਿਨਾਂ ਮੇਰਾ ਕੋਈ ਹੋਰ ਆਸਰਾ ਨਹੀਂ ਹੈ।

ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦੇ ਚਰਨਾਂ ਦਾ ਨਿਵਾਸ ਬਣਿਆ ਰਹੇ, ਉਸ ਨੂੰ (ਤਪਦਾ) ਹਾੜ (ਭੀ) ਸੁਹਾਵਣਾ ਜਾਪਦਾ ਹੈ (ਉਸ ਨੂੰ ਦੁਨੀਆਂ ਦੇ ਦੁੱਖ-ਕਲੇਸ਼ ਭੀ ਦੁਖੀ ਨਹੀਂ ਕਰ ਸਕਦੇ)॥੫॥

■

*ਸੰਪਾਦਕੀ...*

# ਸ਼੍ਰੋਮਣੀ ਕਮੇਟੀ ਵੱਲੋਂ ਇੰਟਰਨੈੱਟ ਰਾਹੀਂ ਦਿੱਤੀਆਂ ਜਾ ਰਹੀਆਂ ਸੇਵਾਵਾਂ

*ਅੱਜ ਦੇ ਯੁੱਗ ਅੰਦਰ ਹਰ ਕੰਮ ਤਕਨਾਲੋਜੀ ਉੱਪਰ ਅਧਾਰਤ ਹੈ। ਆਧੁਨਿਕ ਤਰੀਕੇ ਦੇ ਸੰਚਾਰ ਸਾਧਨਾ ਨਾਲ ਸਾਡੀ ਪਹੁੰਚ ਦੁਨੀਆਂ ਦੇ ਹਰ ਕੋਨੇ ਤਕ ਅੱਜ ਮਿੰਟਾਂ ਵਿਚ ਹੋ ਜਾਂਦੀ ਹੈ। ਵਰਤਮਾਨ ਸਮੇਂ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਈ ਸਾਰੀਆਂ ਆਧੁਨਿਕ ਵਿਧੀਆਂ ਨੂੰ ਅਪਣਾਇਆ ਜਾ ਰਿਹਾ ਹੈ। ਇਸ ਤਹਿਤ ਦਨੀਆਂ ਭਰ ਵਿਚ ਵੱਸਦੀਆਂ ਗੁਰੂ ਨਾਨਕ ਨਾਮ-ਲੇਵਾ ਸੰਗਤਾਂ ਦੀ ਸਹੂਲਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੰਟਰਨੈੱਟ ਦੇ ਇਸ ਮਾਧਿਅਮ ਦੁਆਰਾ ਆਪਣੀ ਵੈੱਬਸਾਈਟ* ***www.sgpc.net*** *'ਤੇ ਅਨੇਕਾਂ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ, ਜਿਨ੍ਹਾਂ ਦੀ ਜਾਣਕਾਰੀ ਪਾਠਕਾਂ ਤਕ ਪਹੁੰਚਾਉਣਾ ਇਨ੍ਹਾਂ ਸ਼ਬਦਾਂ ਦਾ ਮੰਤਵ ਹੈ।*

*ਦੇਸ਼-ਵਿਦੇਸ਼ ਵਿਚ ਵੱਸਦੀਆਂ ਸਿੱਖ ਸੰਗਤਾਂ ਦੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪ੍ਰਤੀ ਅਥਾਹ ਸ਼ਰਧਾ ਹੈ। ਇਸ ਲਈ ਸੰਗਤਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਹੁੰਦੇ ਕੀਰਤਨ ਨਾਲ ਜੋੜਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੰਟਰਨੈੱਟ ਵਿਭਾਗ ਵੱਲੋਂ ਵਿਸ਼ੇਸ਼ 'ਸਟੈਂਡ ਅਲੋਨ ਕੀਰਤਨ ਪਲੇਅਰ' ਬਣਾਇਆ ਗਿਆ ਹੈ, ਜਿਸ ਤਹਿਤ ਕੇਵਲ ਇਕ ਕਲਿੱਕ ਕਰਨ ਨਾਲ ਸੰਗਤਾਂ ਦੇਸ਼-ਵਿਦੇਸ਼ ਵਿਚ ਰਹਿੰਦਿਆਂ ਹੋਇਆਂ ਵੀ ਰੋਜ਼ਾਨਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਹੋਣ ਵਾਲੇ ਗੁਰਬਾਣੀ ਕੀਰਤਨ ਨੂੰ ਮੀਡੀਅਮ ਅਤੇ ਹਾਈ ਕੁਆਲਿਟੀ ਵਿਚ ਲਾਈਵ ਸੁਣ ਸਕਦੀਆਂ ਹਨ। ਇਸ ਦੇ ਨਾਲ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਰੋਜ਼ਾਨਾ ਮੁੱਖਵਾਕ ਦੀ ਕਥਾ ਵੀ ਸੰਗਤਾਂ ਤਕ ਪਹੁੰਚਾਈ ਜਾ ਰਹੀ ਹੈ ਅਤੇ ਰੋਜ਼ਾਨਾ ਕੀਰਤਨ ਦੀ ਹਾਜਰੀ ਭਰਨ ਵਾਲੇ ਜਥਿਆਂ ਦੀਆਂ ਡਿਊਟੀਆਂ ਦਾ ਵੇਰਵਾ ਵੀ ਇਸ ਕੀਰਤਨ ਪਲੇਅਰ ਉੱਪਰ ਉਪਲਬਧ ਕਰਵਾਇਆ ਗਿਆ ਹੈ। ਇਸ ਪਲੇਅਰ ਦੀ ਵਰਤੋਂ ਕੰਪਿਊਟਰ ਦੀ ਬਹੁਤੀ ਜਾਣਕਾਰੀ ਨਾ ਰੱਖਣ ਵਾਲਿਆਂ ਲਈ ਵੀ ਸਹਿਲ ਹੈ। ਗੁਰਬਾਣੀ ਕੀਰਤਨ ਦੇ ਪ੍ਰੇਮੀਆਂ ਨੂੰ ਹੋਰ ਸਹੂਲਤ ਦਿੰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋ ਰਹੇ ਗੁਰਬਾਣੀ ਕੀਰਤਨ ਦਾ ਅਨੰਦ ਮਾਣਨ ਲਈ ਵੈੱਬਸਾਈਟ ਤੋਂ 'ਵੈੱਬ-ਗੁਰਬਾਣੀ ਡਿਸਪਲੇ ਸਿਸਟਮ' ਦੀ ਸ਼ੁਰੂਆਤ ਵੀ ਕੀਤੀ ਗਈ ਹੈ, ਜਿਸ ਤਹਿਤ ਕੀਰਤਨ ਦੀ ਵਿਆਖਿਆ ਪੰਜਾਬੀ ਅਤੇ ਅੰਗ੍ਰੇਜ਼ੀ ਵਿਚ ਮੁਹੱਈਆ ਕਰਵਾਈ ਜਾ ਰਹੀ ਹੈ। ਆਨਲਾਈਨ ਕੀਰਤਨ ਸਰਵਣ ਕਰਨ ਵਾਲੀਆਂ ਸੰਗਤਾਂ ਵੱਲੋਂ ਇਸ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।*

*ਬਹੁਤ ਸਾਰੀਆਂ ਸੰਗਤਾਂ ਦੀ ਇੱਛਾ ਹੁੰਦੀ ਹੈ ਉਨ੍ਹਾਂ ਨੂੰ ਪੁਰਾਤਨ ਰਾਗੀ ਸਿੰਘਾਂ ਵੱਲੋਂ ਗਾਇਨ ਕੀਤੇ ਗੁਰਬਾਣੀ ਕੀਰਤਨ ਦਾ ਖਜ਼ਾਨਾ ਮਿਲੇ। ਸੰਗਤਾਂ ਦੀ ਇਸ ਮੰਗ ਨੂੰ ਮੁੱਖ ਰੱਖਦਿਆਂ ਪੁਰਾਤਨ ਰਾਗੀ ਸਿੰਘਾਂ ਵੱਲੋਂ*

ਗਾਇਨ ਗੁਰਬਾਣੀ ਕੀਰਤਨ ਨੂੰ ਵੀ ਸ਼੍ਰੋਮਣੀ ਕਮੇਟੀ ਦੀ ਵੈੱਬਸਾਈਟ ਤੋਂ ਸੁਣਆਂ ਜਾ ਸਕਦਾ ਹੈ। ਇਸ ਸੁਵਿਧਾ ਤਹਿਤ ਉੱਘੇ ਪੁਰਾਤਨ ਰਾਗੀ ਸਿੰਘਾਂ ਜਿਨ੍ਹਾਂ ਵਿਚ ਭਾਈ ਧਰਮ ਸਿੰਘ ਜ਼ਖਮੀ, ਭਾਈ ਦਿਲਬਾਗ ਸਿੰਘ ਭਾਈ ਗੁਲਬਾਗ ਸਿੰਘ, ਭਾਈ ਗਿਆਨ ਸਿੰਘ ਅਲਮਸਤ, ਗੁਲਾਮ ਮੁਹੰਮਦ ਆਦਿ ਵੱਲੋਂ ਗਾਇਨ ਕੀਤਾ ਗਿਆ ਗੁਰਬਾਣੀ ਕੀਰਤਨ ਉਪਲਬਧ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਰੋਜ਼ਾਨਾ ਆਉਣ ਵਾਲੇ ਮੁੱਖਵਾਕ ਦੀ ਕਥਾ ਗੁ: ਮੰਜੀ ਸਾਹਿਬ ਦੀਵਾਨ ਅਸਥਾਨ ਤੋਂ ਸਿੱਖ ਪੰਥ ਦੇ ਮਹਾਨ ਕਥਾਵਾਚਕਾਂ ਵੱਲੋਂ ਕੀਤੀ ਜਾਂਦੀ ਹੈ। ਕਥਾ ਕਰਨ ਵਾਲੇ ਕਥਾਵਾਚਕਾਂ ਦੀ ਡਿਊਟੀ ਲਿਸਟ ਵੀ ਪਿਛਲੇ ਸਮੇਂ ਤੋਂ ਸੰਗਤਾਂ ਦੀ ਸਹੂਲਤ ਲਈ ਮੁਹੱਈਆ ਕਰਵਾਈ ਜਾ ਰਹੀ ਹੈ।

ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਹੋਣ ਵਾਲੇ ਗੁਰਬਾਣੀ ਕੀਰਤਨ ਦੀ ਰਿਕਾਰਡਿੰਗ ਅੰਮ੍ਰਿਤ ਵੇਲੇ ਤੋਂ ਲੈ ਕੇ ਸਮਾਪਤੀ ਸਮੇਂ ਤੱਕ ਤਕਰੀਬਨ ੨੦ ਘੰਟੇ ਦੀ ਇਕ ਹੀ ਫਾਈਲ ਬਣਦੀ ਸੀ ਅਤੇ ਸ਼੍ਰੋਮਣੀ ਕਮੇਟੀ ਦੇ ਸਰਵਰ 'ਤੇ ਉਪਲਬਧ ਹੁੰਦੀ ਸੀ। ਪਰ ਹੁਣ ਇੰਟਰਨੈੱਟ ਵਿਭਾਗ ਰਾਹੀਂ ਇਹ ਕਾਰਜ ਹੋਰ ਸੁਖਾਲਾ ਕਰਦੇ ਹੋਏ ਰੋਜ਼ਾਨਾ ਗੁਰਬਾਣੀ ਕੀਰਤਨ ਨੂੰ ਰਾਗੀ ਸਿੰਘਾਂ ਦੀ ਡਿਊਟੀ ਮੁਤਾਬਕ ਉਨ੍ਹਾਂ ਦੇ ਨਾਮ, ਡਿਊਟੀ ਦਾ ਸਮਾਂ ਅਤੇ ਡਿਊਟੀ ਦੀ ਤਾਰੀਖ ਅਨੁਸਾਰ ਕਟਿੰਗ/ਐਡੀਟਿੰਗ ਕਰਕੇ ਸ਼੍ਰੋਮਣੀ ਵੈੱਬਸਾਈਟ 'ਤੇ ਪਾਇਆ ਜਾ ਰਿਹਾ ਹੈ। ਇਸਦੇ ਨਾਲ ਹੀ ਸਾਲ ੨੦੦੯ ਤੋਂ ਹੁਣ ਤੱਕ ਦੀ ਕੀਰਤਨ ਰਿਕਾਰਡਿੰਗ ਦੀ ਕਟਿੰਗ/ਐਡੀਟਿੰਗ ਕਰਕੇ ਇਸ ਦੇ ਭੰਡਾਰਣ ਦਾ ਕੰਮ ਸ਼ੁਰੂ ਕੀਤਾ ਹੋਇਆ ਹੈ, ਜਿਸ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੀਤੇ ਜਾਂਦੇ ਗੁਰਬਾਣੀ ਕੀਰਤਨ ਦਾ ਵਿਸ਼ਾਲ ਭੰਡਾਰ ਇਕੱਤਰ ਹੋ ਜਾਵੇਗਾ।

ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੈੱਬਸਾਈਟ ਉੱਪਰ ਮਹੀਨਾਵਾਰ ਗੁਰਪੁਰਬ ਅਤੇ ਇਤਿਹਾਸਕ ਦਿਹਾੜਿਆਂ ਦੀ ਜਾਣਕਾਰੀ ਨਾਨਕਸ਼ਾਹੀ ਤਾਰੀਖਾਂ ਦਰਸਾਈ ਗਈ ਹੈ। ਇਸ ਦੇ ਨਾਲ ਹੀ ਗੁਰਪੁਰਬਾਂ ਅਤੇ ਇਤਿਹਾਸਕ ਦਿਹਾੜਿਆਂ ਆਦਿ ਬਾਰੇ ਇਕ ਵਿਸ਼ੇਸ਼ ਪੈਂਫਲੈਟ ਡਿਜ਼ਾਇਨ ਕਰਕੇ ਵੈੱਬਸਾਈਟ ਉੱਪਰ ਪਾਇਆ ਗਿਆ ਹੈ।

ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਤ ਮਾਸਿਕ ਪੱਤਰ ਗੁਰਮਤਿ ਪ੍ਰਕਾਸ਼ ਅਤੇ ਹਿੰਦੀ ਦੇ ਮਾਸਿਕ ਪੱਤਰ ਗੁਰਮਤਿ ਗਿਆਨ ਨੂੰ ਪੀ.ਡੀ.ਐਫ. ਫਾਈਲਾਂ ਦੇ ਰੂਪ ਵਿਚ ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਕਮੇਟੀ ਦੀ ਵੈੱਬਸਾਈਟ 'ਤੇ ਉਪਲਬਧ ਕਰਵਾਇਆ ਜਾ ਰਿਹਾ ਹੈ। ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਕਾਸ਼ਤ ਮੈਗਜ਼ੀਨ 'ਗੁਰਦੁਆਰਾ ਗਜ਼ਟ' ਵੀ ਅੰਗ੍ਰੇਜ਼ੀ/ਪੰਜਾਬੀ ਰੂਪ ਵਿਚ ਸੰਗਤਾਂ ਦੀ ਸਹੂਲਤ ਵਾਸਤੇ ਉਪਲਬਧ ਕਰਵਾਇਆ ਗਿਆ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਫੇਸਬੁੱਕ ਪੇਜ ਵੀ ਇੰਟਰਨੈੱਟ ਵਿਭਾਗ ਵੱਲੋਂ ਚਲਾਇਆ ਜਾ ਰਿਹਾ ਹੈ। ਇਸ ਪੇਜ ਉੱਪਰ ਰੋਜ਼ਾਨਾ ਮੁੱਖਵਾਕ, ਪ੍ਰੈੱਸ ਨੋਟ, ਅਪੀਲਾਂ, ਸੰਦੇਸ਼ ਅਤੇ ਇਤਿਹਾਸਕ ਦਿਹਾੜੇ ਅਤੇ ਗੁਰਪੁਰਬਾਂ ਦੀਆਂ ਸਲਾਈਡਾਂ ਬਣਾ ਕੇ ਸੰਗਤਾਂ ਨੂੰ ਜਾਣੂੰ ਕਰਵਾਇਆ ਜਾਂਦਾ ਹੈ ਅਤੇ ਇਸ ਦੇ ਨਾਲ ਹੀ ਗੁਰੂ ਸਾਹਿਬਾਨ, ਭਗਤ ਸਾਹਿਬਾਨ ਅਤੇ ਸਿੱਖਾਂ ਨਾਲ ਸਬੰਧਤ ਇਤਿਹਾਸਕ ਦਿਹਾੜਿਆਂ ਸਬੰਧੀ ਸਲਾਈਡਾਂ ਵੀ ਤਿਆਰ ਕਰਕੇ ਅਪਡੇਟ ਕੀਤੀਆਂ ਜਾਂਦੀਆਂ ਹਨ। ਇਸ ਪੇਜ ਨੂੰ ੩ ਲੱਖ ਲੋਕਾਂ ਵੱਲੋਂ ਪਸੰਦ ਕੀਤਾ ਜਾ ਚੁੱਕਾ ਹੈ। ਇਸੇ ਤਰ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰਵਾਨਿਤ 'ਸਿੱਖ ਰਹਿਤ ਮਰਯਾਦਾ'

ਪੰਜਾਬੀ ਅਤੇ ਅੰਗ੍ਰੇਜ਼ੀ ਵਿਚ ਵੈੱਬਸਾਈਟ ਉੱਪਰ ਮੁਹੱਈਆ ਹੈ। ਸਿੱਖ ਸੰਗਤਾਂ ਨੂੰ ਗੁਰੂ ਸਾਹਿਬਾਨ ਅਤੇ ਸਿੱਖ ਇਤਿਹਾਸ ਸਬੰਧੀ ਜਾਣਕਾਰੀ ਦੇਣ ਵਾਸਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਕਾਸ਼ਤ ਲਿਟਰੇਚਰ (ਕਿਤਾਬਾਂ, ਟ੍ਰੈਕਟ ਆਦਿਕ) 'ਈ-ਬੁਕਜ਼' ਲਿੰਕ ਹੇਠ ਪੀ.ਡੀ.ਐਫ. ਰੂਪ ਵਿਚ ਵੈੱਬਸਾਈਟ ਤੇ ਉਪਲੱਬਧ ਹਨ, ਜਿਸ ਦੀ ਮਦਦ ਨਾਲ ਸੰਗਤਾਂ ਗੁਰੂ ਸਾਹਿਬਾਨ ਦੇ ਜੀਵਨ, ਸਿੱਖਿਆਵਾਂ ਅਤੇ ਸਿੱਖ ਇਤਿਹਾਸ ਬਾਰੇ ਭਰਪੂਰ ਜਾਣਕਾਰੀ ਹਾਸਲ ਕਰ ਰਹੀਆਂ ਹਨ। ਗੁਰਬਾਣੀ ਦੇ ਪ੍ਰਚਾਰ-ਪ੍ਰਸਾਰ ਨੂੰ ਸਾਹਮਣੇ ਰੱਖਦਿਆਂ ਗੁਰਬਾਣੀ ਨਿਤਨੇਮ ਅਤੇ ਹੋਰ ਬਾਣੀਆਂ ਦੀਆਂ ਆਡੀਓ ਫਾਈਲਾਂ ਬਣਾ ਕੇ ਵੈੱਬਸਾਈਟ 'ਤੇ ਉਪਲਬਧ ਕਰਵਾਈਆਂ ਗਈਆਂ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਡਾਕੂਮੈਂਟ ਅਤੇ ਪੀ.ਡੀ.ਐਫ ਫਾਈਲਾਂ, ਪ੍ਰੋ: ਸਾਹਿਬ ਸਿੰਘ ਵੱਲੋਂ ਕੀਤਾ ਗਿਆ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਟੀਕਾ, ਪ੍ਰੋ: ਸੰਤ ਸਿੰਘ ਜੀ ਦੁਆਰਾ ਤਿਆਰ ਟੀਕਾ (ਅੰਗ੍ਰੇਜ਼ੀ), ਕਬਿੱਤ ਅਤੇ ਵਾਰਾਂ ਭਾਈ ਗੁਰਦਾਸ ਜੀ ਆਦਿ ਵੀ ਵੈੱਬਸਾਈਟ 'ਤੇ ਉਪਲੱਬਧ ਹਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਰੋਜ਼ਾਨਾ ਅੰਮ੍ਰਿਤ ਵੇਲੇ ਤੋਂ ਲੈ ਕੇ ਸਮਾਪਤੀ ਸਮੇਂ ਤੱਕ ਦੀ ਮਰਯਾਦਾ ਸਬੰਧੀ ਸਮਾਂ-ਸਾਰਨੀ ਅਤੇ ਪੂਰਾ ਵੇਰਵਾ ਸੰਗਤਾਂ ਦੀ ਸਹੂਲਤ ਲਈ ਵੈੱਬਸਾਈਟ ਉੱਪਰ ਉਪਲਬਧ ਹੈ, ਜਿਸ ਦੀ ਮਦਦ ਨਾਲ ਦੇਸ਼-ਵਿਦੇਸ਼ ਵਿਚਲੀਆਂ ਸੰਗਤਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਰੋਜ਼ਾਨਾ ਮਰਯਾਦਾ ਬਾਰੇ ਜਾਣਕਾਰੀ ਪ੍ਰਾਪਤ ਕਰ ਰਹੀਆਂ ਹਨ।

ਇਸ ਤਰ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਧਿਕਾਰਤ ਵੈੱਬਸਾਈਟ ਸਿੱਖੀ ਦੇ ਪ੍ਰਚਾਰ-ਪ੍ਰਸਾਰ ਵਿਚ ਵਡਮੁੱਲਾ ਯੋਗਦਾਨ ਪਾ ਰਹੀ ਹੈ। ਇਥੇ ਉਪਲਬਧ ਸਮਗਰੀ ਭਾਵੇਂ ਅਜੇ ਹੋਰ ਵਿਸਥਾਰ ਮੰਗਦੀ ਹੈ ਪਰ ਵਰਤੋਂਕਾਰਾਂ ਵੱਲੋਂ ਇਸ ਦੀ ਵੱਡੀ ਪੱਧਰ 'ਤੇ ਕੀਤੀ ਜਾ ਰਹੀ ਵਰਤੋਂ ਇਸ ਦੀ ਸਾਰਥਿਕਤਾ ਨੂੰ ਸਵੀਕਾਰ ਕਰਦੀ ਹੈ। ਅਗਲੇ ਸਮੇਂ ਵਿਚ ਇਸ ਵੈੱਬਸਾਈਟ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵਿਉਂਤਬੰਦੀ ਕੀਤੀ ਜਾ ਰਹੀ ਹੈ। ਇਸ ਤਹਿਤ ਸਿੱਖ ਇਤਿਹਾਸ ਰੀਸਰਚ ਬੋਰਡ ਨਾਲ ਸਬੰਧਤ ਕੀਮਤੀ ਖਜ਼ਾਨਾ ਅਪਲੋਡ ਕਰਨ ਅਤੇ ਕੇਂਦਰੀ ਸਿੱਖ ਅਜਾਇਬਘਰ ਨੂੰ ਡਿਜੀਟਲ ਰੂਪ ਵਿਚ ਡਿਸਪਲੇ ਕਰਨ ਦੇ ਯਤਨ ਜਾਰੀ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਇਤਿਹਾਸਕ ਗੁਰਦੁਆਰਾ ਸਾਹਿਬਾਨ ਨੂੰ '੩-ਡੀ ਵਰਚੁਅਲ ਟੂਲ' ਦੀ ਸੁਵਿਧਾ ਨਾਲ ਸੰਗਤਾਂ ਤਕ ਪਹੁੰਚਾਇਆ ਜਾਵੇਗਾ, ਜਿਸ ਵਿਚ ੩੬੦ ਡਿਗਰੀ ਦਾ ਪੂਰਾ ਦ੍ਰਿਸ਼ ਦੇਖਿਆ ਜਾ ਸਕਦਾ ਹੈ। ਇਸੇ ਤਰ੍ਹਾਂ ਹੀ ਸ਼੍ਰੋਮਣੀ ਕਮੇਟੀ ਵੱਲੋਂ ਜਲਦ ਹੀ ਇੱਕ 'ਮੋਬਾਇਲ ਐਪ' ਲਾਂਚ ਕੀਤੀ ਜਾ ਰਹੀ ਹੈ ਅਤੇ ਆਪਣਾ ਸਟੂਡੀਓ ਸਥਾਪਿਤ ਕਰਨ ਲਈ ਵੀ ਵਿਚਾਰ ਕੀਤੀ ਜਾ ਰਹੀ ਹੈ, ਤਾਂ ਜੋ ਇੰਟਰਨੈੱਟ ਦੁਆਰਾ ਗੁਰਮਤਿ ਪ੍ਰਚਾਰ ਨੂੰ ਆਧੁਨਿਕ ਢੰਗ ਨਾਲ ਅਮਲ ਵਿਚ ਲਿਆਂਦਾ ਜਾ ਸਕੇ।

**-ਦਿਲਜੀਤ ਸਿੰਘ 'ਬੇਦੀ'**

# ਪੰਚਮ ਪਾਤਸ਼ਾਹ ਜੀ ਦੀ ਪਾਵਨ ਸ਼ਹਾਦਤ



*-ਜਥੇਦਾਰ ਅਵਤਾਰ ਸਿੰਘ**

ਪਰਮਾਤਮਾ ਨਾਲ ਇਕਮਿਕ ਹੋਏ, ਰੱਬੀ ਰੰਗ ਵਿਚ ਅਭੇਦ, ਦੁਖੀਆਂ ਦੇ ਦਰਦੀ, ਮਹਾਨ ਤਪੱਸਵੀ, ਦੂਰਅੰਦੇਸ਼, ਕੌਮੀ ਉਸਰਈਏ, ਦਿੱਬ ਦ੍ਰਿਸ਼ਟੀ ਦੇ ਮਾਲਕ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸਿੱਖ ਇਤਿਹਾਸ ਵਿਚ ਸ਼ਹੀਦਾਂ ਦੇ ਸਿਰਤਾਜ ਵਜੋਂ ਸਿਖਰ ਸਨਮਾਨ ਹਾਸਲ ਹੈ। ਇਨ੍ਹਾਂ ਦੀ ਸ਼ਹੀਦੀ ਸਿੱਖ ਇਤਿਹਾਸ ਵਿਚ ਵਿਲੱਖਣ ਸਥਾਨ ਰੱਖਦੀ ਹੈ। ਸ਼ਹਾਦਤ ਸ਼ਬਦ ਪੜ੍ਹਦਿਆਂ, ਸੁਣਦਿਆਂ ਹੀ ਪੰਚਮ ਗੁਰੂ ਸਾਹਿਬ ਦੇ ਦਰਸ਼ਨ ਹੋ ਜਾਂਦੇ ਹਨ। ਆਪ ਨੇ ਲੋਕ ਪੀੜਾ ਅਤੇ ਲੋਕਾਈ ਦੇ ਦਰਦ ਨੂੰ ਆਪਣੇ ਪਿੰਡੇ 'ਤੇ ਝਲਦਿਆਂ ਆਪਣੀ ਲਾਸਾਨੀ ਸ਼ਹਾਦਤ ਦਿੱਤੀ, ਜਿਸ ਦਾ ਸਿੱਖ ਲਹਿਰ ਅਤੇ ਪੰਜਾਬ ਦੇ ਇਤਿਹਾਸ ਵਿਚ ਬਹੁਤ ਹੀ ਦੂਰਗਾਮੀ ਅਸਰ ਹੋਇਆ। ਸਿੱਖ ਲਹਿਰ ਨੇ ਇਕ ਨਵਾਂ ਮੋੜ ਲਿਆ ਤੇ ਲੋਕ ਕਲਿਆਣਕਾਰੀ ਸ਼ਕਤੀ ਜ਼ੋਰਦਾਰ ਤਰੀਕੇ ਨਾਲ ਉੱਭਰੀ।

ਸ੍ਰੀ ਗੁਰੂ ਅਰਜਨ ਦੇਵ ਜੀ ਦੀ ਇਸ ਪਾਵਨ ਸ਼ਹੀਦੀ ਦਾ ਮੂਲ ਤੇ ਮੁੱਖ ਕਾਰਨ ਸਿੱਖ-ਸਿਧਾਂਤ ਤੇ ਆਚਾਰ ਵਿਹਾਰ ਦਾ ਨਿਆਰਾਪਨ ਹੀ ਸੀ, ਜਿਸ ਦੇ ਦਿਨੋ ਦਿਨ ਵਧ ਰਹੇ ਤੇਜ ਪ੍ਰਤਾਪ ਨੂੰ ਬਰਦਾਸ਼ਤ ਕਰਨਾ ਇਸਲਾਮੀ ਸਰਕਾਰ ਤੇ ਉਸ ਦੇ ਤੁਅੱਸਬੀ ਬਾਦਸ਼ਾਹ, ਕਰਮਕਾਂਡੀ, ਧਰਮ ਤੇ ਉਸ ਦੇ ਕੱਟੜਪੰਥੀ ਠੇਕੇਦਾਰਾਂ ਲਈ ਮੁਸ਼ਕਲ ਹੋ ਚੁੱਕਾ ਸੀ। ਪੰਜਵੇਂ ਪਾਤਸ਼ਾਹ ਜੀ ਦੀ ਚੜ੍ਹਦੀ ਕਲਾ, ਬੇਬਾਕ ਬਿਆਨ ਤੇ ਨਿਧੜਕ ਐਲਾਨ ਜਿਥੇ ਉਨ੍ਹਾਂ ਦੇ ਧਰਮ-ਕਰਮ ਦੀ ਵਿਲੱਖਣਤਾ, ਆਚਾਰ-ਸਦਾਚਾਰ ਦੀ ਨਿਆਰਤਾ, ਕਥਨੀ-ਕਰਨੀ ਦੀ ਸੁਤੰਤਰਤਾ, ਸੁਭਾਅ ਦੀ ਨਿਰਭੈਤਾ ਅਤੇ ਸਿੱਖ ਲਹਿਰ ਦੇ ਅੱਗੇ ਵਧਣ ਦਾ ਸੂਚਕ ਸੀ, ਉਥੇ ਕਰਮਕਾਂਡੀ ਤੁਅੱਸਬੀ ਸ਼ਕਤੀਆਂ ਨੂੰ ਭਾਰੀ ਚੈਲੰਜ ਸੀ:

**ਵਰਤ ਨ ਰਹਉ ਨ ਮਹ ਰਮਦਾਨਾ॥ ਤਿਸੁ ਸੇਵੀ ਜੋ ਰਖੈ ਨਿਦਾਨਾ॥੧॥**
**ਏਕੁ ਗੁਸਾਈ ਅਲਹੁ ਮੇਰਾ॥ ਹਿੰਦੂ ਤੁਰਕ ਦੁਹਾਂ ਨੇਬੇਰਾ॥੧॥ਰਹਾਉ॥**
**ਹਜ ਕਾਬੈ ਜਾਉ ਨ ਤੀਰਥ ਪੂਜਾ॥ ਏਕੋ ਸੇਵੀ ਅਵਰੁ ਨ ਦੂਜਾ॥੨॥**
**ਪੂਜਾ ਕਰਉ ਨ ਨਿਵਾਜ ਗੁਜਾਰਉ॥ ਏਕ ਨਿਰੰਕਾਰ ਲੇ ਰਿਦੈ ਨਮਸਕਾਰਉ॥੩॥**
**ਨਾ ਹਮ ਹਿੰਦੂ ਨ ਮੁਸਲਮਾਨ॥ ਅਲਹ ਰਾਮ ਕੇ ਪਿੰਡੁ ਪਰਾਨ॥੪॥** *(ਪੰਨਾ ੧੧੩੬)*

ਅਜਿਹਾ ਐਲਾਨ ਮੌਕੇ ਦੇ ਹਾਕਮਾਂ ਨੂੰ ਬਿਲਕੁਲ ਹੀ ਸੁਨਣਾ ਪ੍ਰਵਾਨ ਨਹੀਂ ਸੀ। ਉਨ੍ਹਾਂ ਨੇ ਵਿਉਂਤਾਂ ਗੁੰਦੀਆਂ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਖਤਮ ਕਰ ਦਿੱਤਾ ਜਾਵੇ ਤਾਂ ਜੋ ਮੁੜ ਅਜਿਹੀ ਲਹਿਰ ਨਾ ਚੱਲੇ ਤੇ ਇੰਞ ਸਿੱਖ ਧਰਮ ਦਾ ਖਾਤਮਾ ਹੋ ਜਾਵੇਗਾ। ਪਰ ਇਤਿਹਾਸ ਗਵਾਹ ਹੈ ਕਿ ਹੋਇਆ ਇਸ ਦੇ ਉਲਟ। ਕੇਵਲ ਮੁਗ਼ਲ ਬਾਦਸ਼ਾਹ ਤੇ ਮੁਗ਼ਲੀਆ ਰਾਜ ਦਾ ਖਾਤਮਾ ਹੀ ਨਹੀਂ ਹੋਇਆ ਸਗੋਂ ਪੰਚਮ ਪਾਤਸ਼ਾਹ ਜੀ ਦੀ ਸ਼ਹਾਦਤ ਤੋਂ ਬਾਅਦ ਸਿੱਖ ਧਰਮ ਦਿਨੋਂ ਦਿਨ ਵਧਦਾ ਫੁੱਲਦਾ ਗਿਆ।

ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਸਿੱਖ ਇਤਿਹਾਸ ਵਿਚ ਪਹਿਲੀ ਤੇ ਦੁਨੀਆਂ ਦੇ ਇਤਿਹਾਸ ਵਿਚ ਇਕ ਲਾਸਾਨੀ ਤੇ ਬੇਮਿਸਾਲ ਸ਼ਹਾਦਤ ਹੈ। ਆਪ ਜੀ ਦੀ ਸ਼ਹਾਦਤ ਸਬੰਧੀ ਚਰਚਾ ਕਰਦਿਆਂ ਇਹ ਸਮਝਣਾ ਵੀ ਜ਼ਰੂਰੀ ਹੈ ਸ਼ਹੀਦ ਕੌਣ ਹੁੰਦਾ ਹੈ? ਸ਼ਹੀਦ ਤੇ ਸ਼ਹਾਦਤ ਅਰਬੀ ਭਾਸ਼ਾ ਦੇ ਸ਼ਬਦ ਹਨ। ਸ਼ਹੀਦ ਦਾ ਭਾਵ ਆਪਣੇ

*ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਈਮਾਨ ਦੀ ਗਵਾਹੀ ਦੇਣ ਵਾਲਾ ਜਾਂ ਧਰਮ ਯੁੱਧ ਵਿਚ ਸ਼ਹੀਦ ਹੋਣ ਵਾਲਾ ਹੈ। ਕਿਸੇ ਉਚੇ-ਸੁੱਚੇ ਉਦੇਸ਼ ਲਈ ਨਿਸ਼ਕਾਮ ਰਹਿ ਕੇ ਸਰੀਰ ਦੀ ਕੁਰਬਾਨੀ ਦੇਣ ਵਾਲਾ ਸ਼ਹੀਦ ਹੈ। ਸ਼ਹੀਦ ਆਪਣੇ ਵਿਸ਼ਵਾਸ਼ ਦੀ ਗਵਾਹੀ ਸਿਦਕ ਨਾਲ ਭਰਮ-ਭਉ ਤੋਂ ਰਹਿਤ ਹੋ ਕੇ ਦਿੰਦਾ ਹੈ। ਭਾਈ ਗੁਰਦਾਸ ਜੀ ਅਨੁਸਾਰ ਉਹ ਹੀ ਸ਼ਹੀਦ ਅਖਵਾਉਣ ਦਾ ਹੱਕਦਾਰ ਹੈ ਜਿਸ ਵਿਚ ਸਬਰ, ਸਿਦਕ ਆਦਿ ਜਿਹੇ ਅਮੋਲਕ ਗੁਣ ਹੋਣ:

**ਸਾਬਰੁ ਸਿਦਕਿ ਸਹੀਦੁ ਭਰਮ ਭਉ ਖੋਵਣਾ॥**

*(ਭਾਈ ਗੁਰਦਾਸ ਜੀ, ਵਾਰ ੩/੧੮)*

ਇਸ ਪ੍ਰਸੰਗ ਵਿਚ ਵੇਖੀਏ ਤਾਂ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਤਾਂ ਸਾਰਾ ਜੀਵਨ ਹੀ ਪਰਉਪਕਾਰ ਤੇ ਉੱਚੇ ਆਦਰਸ਼ ਲਈ ਬਤੀਤ ਹੋਇਆ। ਆਪ ਦੇ ਗੁਣ ਬੇਅੰਤ ਹਨ। ਪਰਉਪਕਾਰ ਤੇ ਸਿਫ਼ਤਾਂ ਵੀ ਬੇਸ਼ੁਮਾਰ ਹਨ।

ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਧਰਮ ਦੇ ਇਤਿਹਾਸ ਵਿਚ ਇਕ ਮਹਾਨ ਤੇ ਜੁਗ ਪਲਟਾਊ ਘਟਨਾ ਹੈ। ਪ੍ਰਸਿੱਧ ਮੁਸਲਮਾਨ ਇਤਿਹਾਸਕਾਰ ਲਤੀਫ ਦੇ ਅਨੁਸਾਰ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਮਨੁੱਖਤਾ ਦੇ ਇਤਿਹਾਸ ਵਿਚ ਇਨਕਲਾਬੀ ਮੋੜ ਦੀ ਸੂਚਕ ਹੈ। ਇਸ ਸ਼ਹਾਦਤ ਨੇ ਸਿੱਖਾਂ ਨੂੰ ਜ਼ੁਲਮ ਨਾਲ ਟੱਕਰ ਲੈਣ, ਅਕਾਲ ਪੁਰਖ ਦਾ ਭਾਣਾ ਸਿੱਧ ਕਰਕੇ ਮੰਨਣ, ਸਬਰ-ਸੰਤੋਖ ਤੇ ਦ੍ਰਿੜਤਾ ਨਾਲ ਆਪਣੇ ਹੱਕਾ ਦੀ ਰੱਖਿਆ ਕਰ ਸਕਣ ਦਾ ਚੱਜ ਸਿਖਾ ਕੇ ਸਿੱਖੀ ਦੇ ਮਹੱਲ ਦੀਆਂ ਨੀਹਾਂ ਨੂੰ ਐਸਾ ਪੱਕਾ ਤੇ ਮਜ਼ਬੂਤ ਕਰ ਦਿੱਤਾ ਕਿ ਆਉਣ ਵਾਲੇ ਸਮੇਂ ਦੇ ਜ਼ੁਲਮ ਤੇ ਝੱਖੜ ਇਸਦਾ ਕੁਝ ਨਾ ਵਿਗਾੜ ਸਕੇ।

ਇਸ ਸ਼ਹਾਦਤ ਨੇ ਸਿੱਖ ਮਰਜੀਵੜਿਆਂ ਨੂੰ ਮਰਨ ਦੀ ਇਹੋ ਜਿਹੀ ਜਾਚ ਸਿਖਾਈ ਕਿ ਉਹ 'ਬਹੁਰਿ ਨਾ ਮਰਨਾ ਹੋਇ' ਦੇ ਲਕਸ਼ ਨੂੰ ਪ੍ਰਾਪਤ ਹੋ ਗਏ। ਇਸ ਸ਼ਹੀਦੀ ਨਾਲ ਸਿੱਖ ਇਤਿਹਾਸ ਵਿਚ ਸ਼ਹੀਦੀਆਂ ਦਾ ਨਵਾਂ ਅਧਿਆਇ ਆਰੰਭ ਹੋਇਆ।

ਪੰਚਮ ਪਾਤਸ਼ਾਹ ਜੀ ਦੀ ਮਹਾਨ ਸ਼ਹੀਦੀ ਦੇ ਵੱਖ-ਵੱਖ ਇਤਿਹਾਸਕਾਰਾਂ ਨੇ ਕਈ ਕਾਰਨ ਦੱਸੇ ਹਨ। ਜਿਵੇਂ ਚੰਦੂ ਦੀ ਦੁਸ਼ਮਣੀ, ਪ੍ਰਿਥੀ ਚੰਦ ਦਾ ਵਿਰੋਧ, ਬਾਗੀ ਖੁਸਰੋ ਦੀ ਮੱਦਦ ਕਰਨਾ, ਪੰਥ ਦੋਖੀਆਂ ਵੱਲੋਂ ਬਾਦਸ਼ਾਹ ਦੇ ਕੰਨ ਭਰਨਾ ਅਤੇ ਨਕਸ਼ਬੰਦੀਆਂ ਦੀ ਵਿਰੋਧਤਾ ਆਦਿ। ਇਨ੍ਹਾਂ ਤੋਂ ਇਲਾਵਾ ਗੁਰੂ ਜੀ ਦੀ ਸ਼ਹਾਦਤ ਦੇ ਲਈ ਬਾਦਸ਼ਾਹ ਜਹਾਂਗੀਰ ਦੀ ਧਾਰਮਿਕ ਕੱਟੜਤਾ ਪ੍ਰਮੁੱਖ ਕਾਰਨ ਸੀ।

ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦਾ ਅਸਲ ਕਾਰਨ ਬਾਦਸ਼ਾਹ ਦੀ ਧਾਰਮਿਕ ਕੱਟੜਤਾ ਤੇ ਤੰਗ ਦਿਲੀ ਹੀ ਮੰਨਿਆ ਜਾ ਸਕਦਾ ਹੈ। ਬਾਕੀ ਸਾਰੇ ਕਾਰਨ ਉਸ ਕੱਟੜਤਾ ਵਿਚ ਸਹਾਇਕ ਸਿੱਧ ਹੋਏ। ਅਸਲ ਵਿਚ ਜਹਾਂਗੀਰ ਮੌਕੇ ਦੀ ਭਾਲ ਵਿਚ ਸੀ ਕਿ ਕਦੋਂ ਕੋਈ ਬਹਾਨਾ ਮਿਲੇ ਤੇ ਉਹ ਸਿੱਖ ਲਹਿਰ ਨੂੰ ਖ਼ਤਮ ਕਰ ਦੇਵੇ ਤੇ ਉਨ੍ਹਾਂ ਦੇ ਮੁਖੀ (ਸ੍ਰੀ ਗੁਰੂ ਅਰਜਨ ਦੇਵ ਜੀ) ਨੂੰ ਮੁਸਲਮਾਨ ਬਣਾ ਲਵੇ ਜਾਂ ਸ਼ਹੀਦ ਕਰ ਦੇਵੇ। ਇਸ ਗੱਲ ਦਾ ਜ਼ਿਕਰ ਉਹ ਆਪਣੀ ਸਵੈ-ਜੀਵਨੀ ਤੁਜਕੇ ਜਹਾਂਗੀਰੀ ਵਿਚ ਵੀ ਕਰਦਾ ਹੈ। ਜਹਾਂਗੀਰ ਦੇ ਹੁਕਮ ਅਨੁਸਾਰ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਕਈ ਤਰ੍ਹਾਂ ਦੇ ਅਕਹਿ ਤੇ ਅਸਹਿ ਤਸੀਹੇ ਦਿੱਤੇ ਗਏ। ਉਨ੍ਹਾਂ ਨੇ ਅਕਾਲ ਪੁਰਖ ਦੇ ਹੁਕਮ ਵਿਚ ਰਹਿੰਦਿਆਂ 'ਤੇਰਾ ਕੀਆ ਮੀਠਾ ਲਾਗੇ' ਦੇ ਮਹਾਂਵਾਕ ਅਨੁਸਾਰ ਤੱਤੀ ਤੱਵੀ ਉਪਰ ਚੌਂਕੜਾ ਮਾਰ ਤੱਤਾ ਰੇਤਾ ਸੀਸ ਤੇ ਪਵਾ ਲਿਆ। ਦੇਗ਼ ਵਿਚ ਉਬਾਲੇ ਵੀ ਖਾਧੇ, ਪਰ ਜ਼ੋਰ ਤੇ ਜਬਰ ਅੱਗੇ ਸੀਸ ਨਹੀਂ ਝੁਕਾਇਆ। ਉਹ ਪਰਮਾਤਮਾ ਦੀ ਰਜ਼ਾ ਵਿਚ ਰਾਜੀ ਸਨ:

**ਜਹ ਬੈਸਾਲਹਿ ਤਹ ਬੈਸਾ ਸੁਆਮੀ ਜਹ ਭੇਜਹਿ ਤਹ ਜਾਵਾ॥**
**ਸਭ ਨਗਰੀ ਮਹਿ ਏਕੋ ਰਾਜਾ ਸਭੇ ਪਵਿਤੁ ਹਹਿ ਥਾਵਾ॥** *(ਪੰਨਾ ੯੯੩)*

ਇਸ ਤਰ੍ਹਾਂ ਅਕਹਿ ਤੇ ਅਸਹਿ ਕਸ਼ਟ ਦੇ ਕੇ ਆਪ ਜੀ ਨੂੰ ਲਾਹੌਰ ਵਿਖੇ ੩੦ ਮਈ ੧੬੦੬ ਈ: ਨੂੰ ਸ਼ਹੀਦ ਕੀਤਾ ਗਿਆ। ਇਸ ਮਹਾਨ ਸ਼ਹਾਦਤ ਵਾਲੇ ਸਥਾਨ ਤੇ ਰਾਵੀ ਕੰਢੇ ਲਾਹੌਰ ਵਿਖੇ ਗੁਰਦੁਆਰਾ 'ਡੇਰਾ ਸਾਹਿਬ' ਸਥਿਤ ਹੈ।

ਗੁਰੂ ਜੀ ਦੀ ਸ਼ਹਾਦਤ ਨੇ ਸਿੱਖ ਕੌਮ ਵਿਚ ਜਬਰ ਤੇ ਜ਼ੁਲਮ ਵਿਰੁੱਧ ਬਗਾਵਤ ਦਾ ਅਥਾਹ ਜੋਸ਼ ਭਰ ਦਿੱਤਾ ਤੇ ਪਿਆਰ ਭਰੇ ਜਜ਼ਬੇ ਦੇ ਨਾਲ ਸ਼ਸਤਰ ਵੀ ਸਿੱਖਾਂ ਦਾ ਸ਼ਿੰਗਾਰ ਬਣ ਗਏ, ਹੁਣ ਇਹ ਅਨੁਭਵ ਕੀਤਾ ਜਾਣ ਲੱਗ ਪਿਆ ਕਿ ਧਰਮ ਰੱਖਿਆ ਤੇ ਸਵੈਮਾਣ ਲਈ ਤਾਕਤ ਤੇ ਜਥੇਬੰਦੀ ਦਾ ਹੋਣਾ ਜ਼ਰੂਰੀ ਹੈ। ਸ੍ਰੀ ਗੁਰੂ ਹਰਗੋਬਿੰਦ ਸਾਹਿਬ ਵੱਲੋਂ ਮੀਰੀ-ਪੀਰੀ ਦੀਆਂ ਕਿਰਪਾਨਾਂ ਪਹਿਨਣਾ, ਸ਼ਸਤਰ ਇਕੱਠੇ ਕਰਨਾ, ਕਿਲ੍ਹੇ ਬਣਵਾਉਣਾ, ਅਕਾਲ ਤਖ਼ਤ ਸਾਹਿਬ ਦਾ ਹੋਂਦ ਵਿਚ ਆਉਣਾ, ਸ਼ਾਹੀ ਫ਼ੌਜ ਦਾ ਡਟ ਕੇ ਟਾਕਰਾ ਕਰਨਾ ਅਤੇ ਉਨ੍ਹਾਂ ਨੂੰ ਕਰਾਰੀ ਹਾਰ ਦੇਣਾ, ਸਿੱਖਾਂ ਨੂੰ ਸੰਤ ਸਿਪਾਹੀ ਬਣਾਉਣਾ, ਇਸ ਸ਼ਹਾਦਤ ਦੇ ਫਲਸਰੂਪ ਹੀ ਅਮਲ ਵਿਚ ਆਏ ਸਨ। ਭਗਤੀ ਤੇ ਸ਼ਕਤੀ, ਸਿਮਰਨ ਤੇ ਸੂਰਮਗਤੀ ਦਾ ਮੇਲ ਇਸ ਸ਼ਹਾਦਤ ਦਾ ਹੀ ਨਤੀਜਾ ਸੀ।

ਆਓ! ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ 'ਤੇ ਗੁਰੂ ਜੀ ਦੀ ਮਹਾਨ ਕੁਰਬਾਨੀ ਤੇ ਸ਼ਹੀਦੀ ਫਲਸਫੇ ਨੂੰ ਹਿਰਦਿਆਂ 'ਚ ਵਸਾ ਲੋਕਾਈ ਦੀ ਸੇਵਾ ਵਿਚ ਜੁਟ ਜਾਈਏ ਅਤੇ ਜਬਰ-ਜ਼ੁਲਮ ਵਿਰੁੱਧ ਸੰਘਰਸ਼ਸ਼ੀਲ ਹੋਈਏ।

**ਜਪ੍ਹਉ ਜਿਨ੍ ਅਰਜੁਨ ਦੇਵ ਗੁਰੂ ਫਿਰਿ ਸੰਕਟ ਜੋਨਿ ਗਰਭ ਨ ਆਯਉ॥**

*(ਪੰਨਾ ੧੪੦੯)*

■

# ਗੁਰਦੁਆਰਾ ਪ੍ਰਬੰਧਕਾਂ ਦੇ ਧਿਆਨ ਹਿਤ

## ਗੁਰੂ-ਘਰਾਂ ਵਿਚ ਅੱਗ ਬੁਝਾਊ ਜੰਤਰ ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ ਅਤੇ ਪਹਿਰੇਦਾਰੀ ਲਾਜ਼ਮੀ ਕੀਤੀ ਜਾਵੇ

ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗ ਲੱਗਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ-ਭੇਟ ਹੋ ਜਾਣ ਦੀਆਂ ਖ਼ਬਰਾਂ ਬਹੁਤ ਹੀ ਦੁਖਦਾਈ, ਚਿੰਤਾਜਨਕ ਤੇ ਹਿਰਦੇਵੇਧਕ ਹਨ। ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਅਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ, ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਵਿਚ ਧੂਫ਼, ਲਾਈਟਾਂ, ਪੱਖੇ ਅਤੇ ਬਿਜਲੀ ਦੀਆਂ ਸਜਾਵਟੀ ਲੜੀਆਂ ਉਦੋਂ ਤਕ ਹੀ ਜਗਾਈਆਂ ਜਾਣ, ਜਦ ਤਕ ਕੋਈ ਨਿਗਰਾਨ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਧੂਫ਼/ਅਗਰਬੱਤੀ ਅਤੇ ਬਿਜਲੀ ਦਾ ਮੇਨ-ਸਵਿੱਚ ਆਦਿ ਬੰਦ ਕਰ ਦੇਣੇ ਚਾਹੀਦੇ ਹਨ। ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਦੀ ਬਿਜਲੀ ਦੀ ਸਮੁੱਚੀ ਫਿਟਿੰਗ ਤਸੱਲੀਬਖਸ਼ ਕੀਤੀ ਜਾਵੇ। ਜ਼ਿਆਦਾ ਗਰਮੀ ਅਤੇ ਤੇਜ਼ ਹਵਾਵਾਂ ਆਦਿ ਚੱਲਣ ਸਮੇਂ ਅਕਸਰ ਹੀ ਤਾਰਾਂ ਸ਼ਾਰਟ ਹੋ ਜਾਂਦੀਆਂ ਹਨ, ਇਸ ਲਈ ਗੁਰੂ-ਘਰਾਂ ਦੇ ਪ੍ਰਬੰਧਕ, ਗ੍ਰੰਥੀ ਸਿੰਘ ਅਤੇ ਸੇਵਾਦਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ ਲਈ ਹਮੇਸ਼ਾਂ ਸੁਚੇਤ ਹੋ ਕੇ ਪਹਿਰੇਦਾਰੀ ਲਾਜ਼ਮੀ ਬਣਾਉਣ। ਹਰ ਗੁਰੂ-ਘਰ ਵਿਚ ਅੱਗ ਬੁਝਾਊ ਜੰਤਰ ਲਗਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਨਿਗਰਾਨੀ ਲਈ ਗੁਰੂ-ਘਰਾਂ ਵਿਚ ਸੀ.ਸੀ.ਟੀ.ਵੀ. ਕੈਮਰੇ ਵੀ ਲਗਾਏ ਜਾਣ।

***ਸਕੱਤਰ,***

***ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।***

# ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਖ਼ਸੀਅਤ

-ਡਾ. ਪਰਮਵੀਰ ਸਿੰਘ*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਸਾਜੇ ਖਾਲਸਾ ਪੰਥ ਵਿਚ ਬਾਬਾ ਬੰਦਾ ਸਿੰਘ ਬਹਾਦਰ ਇਕ ਅਜਿਹਾ ਅਨਮੋਲ ਹੀਰਾ ਹੈ, ਜਿਸ ਨੇ ਗੁਰੂ ਜੀ ਦੇ ਦਰਸਾਏ ਮਾਰਗ 'ਤੇ ਚੱਲਦੇ ਹੋਏ ਆਪਣੀ ਸ਼ਹਾਦਤ ਦੇ ਦਿੱਤੀ, ਪਰ ਜ਼ਾਲਮ ਹਕੂਮਤ ਦੀ ਈਨ ਨਾ ਮੰਨੀ। ਖਾਲਸਾ ਜਥੇਬੰਦੀ ਵਿਚ ਸ਼ਾਮਲ ਹੋ ਕੇ ਇਸ ਜਰਨੈਲ ਨੇ ਕਹਿੰਦੇ-ਕਹਾਉਂਦੇ ਮੁਗ਼ਲ ਜਾਬਰਾਂ ਦੇ ਮੂੰਹ ਮੋੜ ਦਿੱਤੇ ਅਤੇ ਆਪਣੇ ਅੰਤਮ ਸਮੇਂ ਤਕ ਉਨ੍ਹਾਂ ਕਦਰਾਂ-ਕੀਮਤਾਂ ਦੀ ਬਹਾਲੀ ਲਈ ਜੱਦੋ-ਜਹਿਦ ਕਰਦਾ ਰਿਹਾ, ਜਿਨ੍ਹਾਂ ਦੀ ਰਾਖੀ ਵਾਸਤੇ ਗੁਰੂ ਜੀ ਨੇ ਉਸ ਨੂੰ ਥਾਪੜਾ ਦਿੱਤਾ ਸੀ। ਦੱਖਣ ਤੋਂ ਚੱਲ ਕੇ ਪੰਜਾਬ ਵਿਚ ਆਏ ਇਸ ਜਰਨੈਲ ਨੂੰ ਸਿੱਖ ਇਤਿਹਾਸ ਵਿਚ ਇਕ ਯੋਧੇ ਦੇ ਤੌਰ 'ਤੇ ਜਾਣਿਆ ਜਾਂਦਾ ਹੈ, ਜਿਸ ਦੇ ਆਉਣ 'ਤੇ ਇਸ ਧਰਤੀ ਦੇ ਆਮ ਲੋਕਾਂ ਨੂੰ ਸੁਖ ਅਤੇ ਸ਼ਾਂਤੀ ਦਾ ਜਿਉਣਾ ਨਸੀਬ ਹੋਇਆ।

ਬਾਬਾ ਬੰਦਾ ਸਿੰਘ ਬਹਾਦਰ ਦਾ ਮੁੱਢਲਾ ਜੀਵਨ ਇਕ ਆਮ ਕਿਸਾਨ ਪਰਵਾਰ ਵਿਚ ਬੀਤਿਆ। ਕਸ਼ਮੀਰ ਪ੍ਰਾਂਤ- ਵਿਚ ਰਾਮਦੇਵ ਰਾਜਪੂਤ ਦੇ ਘਰ ੧੬੭੦ ਈ: ਵਿਚ ਜਨਮੇ ਇਸ ਬੱਚੇ ਦਾ ਨਾਂ ਲਛਮਣ ਦੇਵ ਰੱਖਿਆ ਗਿਆ। ਕੋਮਲ ਹਿਰਦੇ ਵਾਲੇ ਇਸ ਬੱਚੇ ਨੂੰ ਸ਼ਿਕਾਰ ਦਾ ਸ਼ੌਂਕ ਸੀ। ਇਸੇ ਸ਼ੌਂਕ ਕਾਰਨ ਉਸ ਦੇ ਜੀਵਨ ਵਿਚ ਬਦਲਾਉ ਆਇਆ ਅਤੇ ਉਸ ਨੇ ਇਕ ਸਾਧੂ ਦਾ ਰੂਪ ਧਾਰਨ ਕਰ ਲਿਆ। ਕਿਹਾ ਜਾਂਦਾ ਹੈ ਇਕ ਵਾਰ ਉਸ ਨੇ ਹਿਰਨੀ ਦਾ ਸ਼ਿਕਾਰ ਕੀਤਾ ਜਿਸ ਦੇ ਪੇਟ ਵਿੱਚੋਂ ਨਿਕਲੇ ਬੱਚਿਆਂ ਦੁਆਰਾ ਉਸ ਦੇ ਸਾਹਮਣੇ ਦਮ ਤੋੜਨ ਦੀ ਘਟਨਾ ਉਸ ਦਾ ਕੋਮਲ ਮਨ ਬਦਲਣ ਲਈ ਕਾਫ਼ੀ ਸੀ। ਇਕ ਸ਼ਿਕਾਰੀ ਦੀ ਜ਼ਿੰਦਗੀ ਵਿਚ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਆਮ ਗੱਲ ਹੁੰਦੀ ਹੈ ਅਤੇ ਇਹੋ ਜਿਹੇ ਕਾਰਨਾਮੇ ਸ਼ਿਕਾਰੀ ਦੀ ਤੀਰਅੰਦਾਜ਼ੀ ਅਤੇ ਸ਼ਿਕਾਰ ਕਰਨ ਦੇ ਢੰਗ ਤਰੀਕਿਆਂ ਵਿਚ ਪ੍ਰਪੱਕਤਾ ਲਿਆਉਣ ਵਿਚ ਸਹਾਈ ਹੁੰਦੇ ਹਨ। ਪਰ ਇੱਥੇ ਇਸ ਤੋਂ ਉਲਟ ਅਸਰ ਵੇਖਣ ਨੂੰ ਮਿਲਦਾ ਹੈ ਕਿ ਇਕ ਸ਼ਿਕਾਰ ਹੋਇਆ ਜਾਨਵਰ ਵਿਅਕਤੀ ਦੀ ਪੂਰਨ ਤੌਰ 'ਤੇ ਜ਼ਿੰਦਗੀ ਹੀ ਬਦਲ ਰਿਹਾ ਹੈ ਜੋ ਕਿ ਵਿਅਕਤੀ ਅੰਦਰ ਕਠੋਰਤਾ ਦੀ ਜਗ੍ਹਾ ਕੋਮਲਤਾ ਦੇ ਗੁਣ ਉਭਾਰਨ ਵਿਚ ਸਫਲ ਰਿਹਾ। ਇਸ ਘਟਨਾ ਤੋਂ ਬਾਅਦ ਉਹ ਸਾਧੂਆਂ ਦੀ ਸੰਗਤ ਕਰਨ ਲੱਗਾ। ਸਾਧੂਆਂ ਦੀ ਮੰਡਲੀ ਨਾਲ ਲਛਮਣ ਦੇਵ ਕਈ ਥਾਈਂ ਘੁੰਮਦਾ ਰਿਹਾ ਅਤੇ ਤਪ ਸਾਧਨਾਵਾਂ ਰਾਹੀਂ ਅਧਿਆਤਮਿਕ ਉੱਚਤਾ ਪ੍ਰਾਪਤ ਕਰਨ ਦੇ ਯਤਨਾਂ ਵਿਚ ਲੱਗਾ ਰਹਿੰਦਾ। ਸਾਧੂ ਮੰਡਲੀ ਨਾਲ ਹੀ ਲਛਮਣ ਦੇਵ ਬਾਬਾ ਰਾਮ ਥੰਮਣ ਦੇ ਡੇਰੇ ਵਿਚ ਕਸੂਰ ਪਹੁੰਚਿਆ।[੧] ਇੱਥੇ ਕੁਝ ਸਮਾਂ ਟਿਕਣ ਤੋਂ ਬਾਅਦ ਉਹ ਰਾਮਦਾਸ ਸਾਧੂ ਦੀ ਸੰਗਤ ਵਿਚ ਦੱਖਣ ਵੱਲ ਚੱਲ ਪਿਆ। ਕਈ ਸਾਲ ਪੰਚਬਟੀ ਦੇ ਸਥਾਨ ਉੱਤੇ ਤਪੱਸਿਆ ਕੀਤੀ ਤੇ ਫਿਰ ਨੰਦੇੜ ਵਿਚ ਗੋਦਾਵਰੀ ਨਦੀ ਦੇ ਕੰਢੇ 'ਤੇ ਆਪਣਾ ਡੇਰਾ ਬਣਾ ਲਿਆ। ਇੱਥੇ ਹੀ ਉਸ ਦਾ ਮਿਲਾਪ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਹੋਇਆ ਜਿਨ੍ਹਾਂ ਨੇ ਉਸ ਦਾ ਮਨ ਬਦਲ ਦਿੱਤਾ। ਗੁਰੂ ਸਾਹਿਬ ਵੀ ਇਹੀ ਚਾਹੁੰਦੇ ਸਨ ਕਿ ਇਸ ਨੂੰ ਸਿੱਧੇ ਰਾਹ ਪਾ ਕੇ ਇਸ ਤੋਂ ਸਮਾਜ ਅਤੇ ਲੋਕ ਕਲਿਆਣ ਦੇ ਕੰਮ ਲਏ ਜਾਣ। ਇੱਥੇ ਬੈਰਾਗੀਆਂ ਦੀ ਜਮਾਤ ਵਿਚ ਸ਼ਾਮਲ ਹੋ ਗਿਆ ਤੇ ਉਸ ਦਾ ਨਾਮ ਮਾਧੋ ਦਾਸ ਰੱਖ ਦਿੱਤਾ ਗਿਆ। ਉਨ੍ਹਾਂ ਨੇ ਮਾਧੋ ਦਾਸ ਵਿਚ ਉਹ ਸਭ ਗੁਣ ਵੇਖੇ ਸਨ, ਜੋ ਇਕ ਸੱਚੇ ਸੰਤ-ਸਿਪਾਹੀ ਵਿਚ ਹੋ ਸਕਦੇ ਹਨ ਪਰ ਮਾਧੋ ਦਾਸ ਆਪਣੀ ਹਉਮੈ ਵੱਸ ਆਪਣੇ ਇਨ੍ਹਾਂ ਗੁਣਾਂ ਤੋਂ ਅਨਜਾਣ ਸੀ, ਇਸੇ ਕਰਕੇ ਉਹ ਰਿਧੀਆਂ-ਸਿਧੀਆਂ ਦੀ ਪ੍ਰਾਪਤੀ 'ਤੇ ਹੀ ਖੁਸ਼ ਸੀ। ਪਰ ਗੁਰੂ ਜੀ ਨੇ ਉਸ ਨੂੰ ਲੋਕ ਕਲਿਆਣ ਦਾ ਇਕ ਨਵਾਂ ਰਾਹ ਵਿਖਾਇਆ, ਜਿਸ ਨਾਲ ਬਾਬਾ ਬੰਦਾ ਸਿੰਘ ਦੀ ਸ਼ਖ਼ਸੀਅਤ ਵਿਚ ਨਵੇਂ ਗੁਣਾਂ ਦਾ ਸੰਚਾਰ ਹੋਇਆ।

*ਮੁਖੀ, ਸਿੱਖ ਵਿਸ਼ਵਕੋਸ਼ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਉਹ ਵਿਅਕਤੀ ਜਿਹੜਾ ਪਹਿਲਾਂ ਹਰ ਆਮ-ਖਾਸ ਨਾਲ ਮਸ਼ਕਰੀਆਂ ਕਰਦਾ ਸੀ, ਹੁਣ ਗੁਰੂ ਦਾ ਪੱਕਾ ਸਿੱਖ ਬਣ ਕੇ ਧਰਮ ਰੱਖਿਅਕ ਦੇ ਤੌਰ 'ਤੇ ਸਾਹਮਣੇ ਆਇਆ। ਜ਼ਾਲਮਾਂ ਨੂੰ ਸੋਧਣ ਦਾ ਜੋ ਅਸ਼ੀਰਵਾਦ ਉਸ ਨੂੰ ਗੁਰੂ ਸਾਹਿਬ ਤੋਂ ਮਿਲਿਆ ਉਸ ਨਾਲ ਉਸ ਦੀ ਸ਼ਖ਼ਸੀਅਤ ਦਾ ਇਕ ਨਵਾਂ ਰੂਪ ਵੇਖਣ ਨੂੰ ਮਿਲਿਆ। ਗੁਰੂ ਜੀ ਨੇ ਉਸ ਦੀ ਸ਼ਖ਼ਸੀਅਤ ਨੂੰ ਪੂਰਨ ਤੌਰ 'ਤੇ ਤਬਦੀਲ ਕਰਦੇ ਹੋਏ ਉਸ ਨੂੰ 'ਖੰਡੇ ਦੀ ਪਾਹੁਲ' ਬਖਸ਼ੀ। ਇਸ ਬਖ਼ਸ਼ਿਸ਼ ਤੋਂ ਬਾਅਦ ਉਹ ਖਾਲਸਾ ਜਥੇਬੰਦੀ ਦਾ ਅੰਗ ਬਣ ਗਿਆ। ਇਸ ਘਟਨਾ 'ਤੇ ਟਿੱਪਣੀ ਕਰਦੇ ਹੋਏ ਭਾਈ ਸਰੂਪ ਸਿੰਘ ਕੌਸ਼ਿਸ਼ ਦੱਸਦਾ ਹੈ ਕਿ "ਸਤਿਗੁਰਾਂ ਆਪਨੇ ਦਸਤ ਮੁਬਾਰਕ ਸੇ ਕੰਘਾ, ਕ੍ਰਿਪਾਨ, ਕੜਾ ਤੇ ਕਛਹਿਰਾ ਪਹਿਨਾਏ। ਸਿਰ ਤੇ ਛੋਟੀ ਦਸਤਾਰ-ਕੇਸਕੀ ਸਜਾ ਬੈਰਾਗੀ ਸੇ ਸਿੰਘ ਰੂਪ ਮੈਂ ਲੈ ਆਂਦਾ। ਮਾਧੋ ਦਾਸ ਢਾਲਾ, ਸ੍ਰੀ ਸਾਹਿਬ ਗਾਤਰੇ ਸਜਾ ਨੇਜਾ ਪਕਰ ਗੁਰੂ ਜੀ ਸੇ ਨਮਸਕਾਰ ਕਰ ਕੇ ਸਾਮ੍ਹੇ ਖਲਾ ਹੋਇ ਗਿਆ। ਸਤਿਗੁਰਾਂ ਇਸੇ ਭਾਈ ਦਯਾ ਸਿੰਘ ਆਦਿ ਸਿੱਖਾਂ ਕੋ ਗੈਲ ਲੈ ਆਪਨੇ ਪਾਵਨ ਹਾਥੋਂ ਸੇ 'ਖੰਡੇ ਕੀ ਪਾਹੁਲ' ਦੇ ਕੇ ਬੈਰਾਗੀ ਸੇ ਸਿੰਘ ਸਜਾ ਦਿੱਤਾ। ਸ੍ਰੀ ਮੁਖ ਥੀਂ ਮਾਧੋ ਦਾਸ ਸੇ ਬੰਦਾ ਸਿੰਘ ਨਾਮ ਰਾਖਾ, ਸਿੰਘਾਂ ਸਤਿ ਸ੍ਰੀ ਅਕਾਲ ਕੇ ਜੈਕਾਰਿਆਂ ਸੇ ਅਸਮਾਨ ਗੁੰਜਾ ਦਿੱਤਾ।"[੨] ਇੱਥੋਂ ਬਾਬਾ ਬੰਦਾ ਸਿੰਘ ਦਾ ਪੰਥਕ ਜੀਵਨ ਅਰੰਭ ਹੁੰਦਾ ਹੈ, ਜਿਸ ਨਾਲ ਦੁਨੀਆ ਦੇ ਇਤਿਹਾਸ ਵਿਚ ਪ੍ਰਮੁੱਖ ਸਿੱਖ ਦੇ ਤੌਰ 'ਤੇ ਉਜਾਗਰ ਹੋ ਕੇ ਸਾਹਮਣੇ ਆਇਆ।

ਗੁਰੂ ਜੀ ਨੇ ਉਸ ਨੂੰ ਸੰਤ ਦੇ ਨਾਲ-ਨਾਲ ਸਿਪਾਹੀ ਬਣਨ ਦੀ ਪ੍ਰੇਰਨਾ ਦੇ ਕੇ ਉਸ ਅੰਦਰ ਬਚਪਨ ਦੀਆਂ ਰੁਚੀਆਂ ਅਤੇ ਪ੍ਰਵ੍ਰਿਤੀਆਂ ਨੂੰ ਉਜਾਗਰ ਕਰਦੇ ਹੋਏ, ਉਸ ਨੂੰ ਤੀਰ-ਕਮਾਨ ਫੜਾਇਆ ਅਤੇ ਹਮੇਸ਼ਾਂ ਨੈਤਿਕ, ਸਮਾਜਿਕ, ਰਾਜਨੀਤਿਕ ਕਦਰਾਂ-ਕੀਮਤਾਂ ਲਈ ਜੂਝਣ ਦਾ ਆਸ਼ੀਰਵਾਦ ਦਿੱਤਾ। ਉਸ ਦੀ ਕਮਾਨ ਹੇਠ ਪੰਜ ਸਿੰਘ ਦੇ ਕੇ ਉਸ ਨੂੰ ਪੰਜਾਬ ਵੱਲ ਤੋਰਿਆ ਤਾਂ ਜੋ ਜ਼ੁਲਮ ਦੀ ਹਕੂਮਤ ਨੂੰ ਠੱਲ੍ਹ ਪਾਈ ਜਾ ਸਕੇ। ਇਸ ਦਾ ਵਿਸਤਾਰ ਵਰਣਨ ਕਰਦੇ ਹੋਏ ਡਾ. ਗੰਡਾ ਸਿੰਘ ਦੱਸਦੇ ਹਨ ਕਿ "ਪੰਜਾਬ ਨੂੰ ਤੋਰਨ ਤੋਂ ਪਹਿਲਾਂ ਗੁਰੂ ਗੋਬਿੰਦ ਸਿੰਘ ਜੀ ਨੇ ਬਾਬਾ ਬੰਦਾ ਸਿੰਘ ਨੂੰ ਆਪਣੇ ਪਾਸ ਬੁਲਾ ਕੇ "ਬਹਾਦਰੀ" ਦਾ ਥਾਪੜਾ ਦਿੱਤਾ, ਪੰਜ ਤੀਰ ਆਪਣੇ ਭੱਥੇ ਵਿੱਚੋਂ ਬਖ਼ਸ਼ੇ ਅਤੇ ਉਸ ਦੀ ਸਹਾਇਤਾ ਲਈ ਭਾਈ ਬਿਨੋਦ ਸਿੰਘ, ਭਾਈ ਕਾਹਨ ਸਿੰਘ, ਭਾਈ ਬਾਜ ਸਿੰਘ, ਭਾਈ ਦਇਆ ਸਿੰਘ ਅਤੇ ਭਾਈ ਰਣ ਸਿੰਘ ਪੰਜ ਪਿਆਰੇ ਭੇਜੇ ਜੋ ਉਸ ਦੀ ਸੰਸਾਰਕ ਸੱਤਾ ਦੀਆਂ ਬਾਹਰਮੁਖੀ ਨਿਸ਼ਾਨੀਆਂ ਸਨ।"[੩]

ਗੁਰੂ ਜੀ ਦੀਆਂ ਨਿਸ਼ਾਨੀਆਂ ਲੈ ਕੇ ਬਾਬਾ ਬੰਦਾ ਸਿੰਘ ਬਹਾਦਰ ਪੰਜਾਬ ਵੱਲ ਵਧਿਆ ਅਤੇ ਆਮ ਲੋਕਾਂ ਵਿਚ ਇਕ ਦ੍ਰਿੜ੍ਹ ਅਤੇ ਵਿਸ਼ਵਾਸੀ ਸਿੱਖ ਵਜੋਂ ਉਸ ਸਮੇਂ ਉਜਾਗਰ ਹੋਇਆ ਜਦੋਂ ਉਸ ਨੇ ਗੁਰਮਤਿ ਸਿਧਾਂਤਾਂ ਅਨੁਸਾਰ ਜਨ-ਕਲਿਆਣ ਅਤੇ ਦੱਬੇ-ਕੁਚਲੇ ਲੋਕਾਂ ਦੀ ਰਾਖੀ ਦਾ ਕਾਰਜ ਅਰੰਭਿਆ।

ਮੁੱਢਲੇ ਤੌਰ 'ਤੇ ਪੰਜਾਬ ਪਹੁੰਚਣ ਸਮੇਂ ਉਸ ਨੇ ਜੋ ਪ੍ਰਾਪਤੀਆਂ ਕੀਤੀਆਂ, ਉਨ੍ਹਾਂ ਦਾ ਜ਼ਿਕਰ ਕਰਦੇ ਹੋਏ ਭਾਈ ਰਤਨ ਸਿੰਘ (ਭੰਗੂ) ਦੱਸਦੇ ਹਨ:

**ਜੇਕਰ ਕੋਈ ਦੁਖੀਆ ਆਵੈ, ਕਰ ਅਰਦਾਸ ਤਿਸ ਦੂਖ ਮਿਟਾਵੈ।**
**ਵਾਹਿਗੁਰੂ ਕਾ ਜਾਪ ਜਪਾਵੈ, ਜੋ ਮਾਂਗੈ ਤਿਸ ਸੋਊ ਦਿਵਾਵੈ॥**
**ਐਸੀ ਜਗ ਮੈਂ ਪਰ ਗਈ ਧਾਂਕ, ਆਇ ਮਿਲੈਂ ਰਾਨਾ ਔ ਰਾਂਕ।**
**ਦੂਰਹਿ ਤੇ ਜੋ ਨਿੰਦਤ ਆਵੈ, ਹੁਇ ਨੇੜੈ ਵਹੁ ਚਰਨੀ ਪਾਵੈ॥**
**ਜਹਿਂ ਬੰਦਾ ਆਇ ਡੇਰਾ ਕਰੇ, ਕਾਢ ਮੋਹਰ ਸੋ ਤਹਿ ਬਹੁ ਧਰੈ।**
**ਦੀਵੈ ਪਾਵੈ ਤੇਲੀ ਤੇਲ, ਇਕ ਮੋਹਰ ਤਿਹ ਦੇਵੈ ਮੇਲ॥**
**ਠੂਠੀ ਭਾਂਡਾ ਲਯਾਵੈ ਘੁਮਯਾਰ, ਦੇਵੈ ਮੋਹਰ ਕਢ ਖੀਸਯੋਂ ਡਾਰ।**
**ਲਕੜੀ ਚੂਹੜੋ ਲਯਾਵੈ ਜੋਈ, ਮੋਹਰ ਖੀਸਯੋਂ ਦੇਵੈ ਓਈ॥**[੪]

ਇਸ ਤਰ੍ਹਾਂ ਬਾਬਾ ਬੰਦਾ ਸਿੰਘ ਬਹਾਦਰ ਜਿਵੇਂ ਲੋਕਾਂ ਦੀ ਹਮਦਰਦੀ ਅਤੇ ਸਹਿਯੋਗ ਪ੍ਰਾਪਤ ਕਰ ਰਿਹਾ ਸੀ, ਉਸ ਨਾਲ ਕਈ ਛੋਟੇ-ਛੋਟੇ ਮੁਗ਼ਲ ਸਰਦਾਰ ਤਾਂ ਆਪ ਹੀ ਬਾਬਾ ਜੀ ਦੀ ਅਧੀਨਗੀ ਪ੍ਰਵਾਨ ਕਰੀ ਜਾ ਰਹੇ ਸਨ। ਬਾਬਾ

ਬੰਦਾ ਸਿੰਘ ਬਹਾਦਰ ਦੀ ਅਗਵਾਈ ਨਾਲ ਲੋਕਾਂ ਦੇ ਮਨਾਂ ਵਿਚ ਉਤਸ਼ਾਹ ਪੈਦਾ ਹੋਇਆ ਅਤੇ ਉਹ ਮੁਗ਼ਲਾਂ ਦੇ ਡਰ-ਭੈਅ ਤੋਂ ਮੁਕਤ ਹੋ ਕੇ ਉਸੇ ਦਾ ਸਾਥ ਦੇਣ ਲੱਗੇ। ਬਾਬਾ ਬੰਦਾ ਸਿੰਘ ਬਹਾਦਰ ਨੇ ਵੀ ਆਮ ਲੋਕਾਂ ਦੀ ਰੱਖਿਆ ਕਰਕੇ ਉਨ੍ਹਾਂ ਅੰਦਰ ਇਹ ਆਤਮ ਵਿਸ਼ਵਾਸ ਉਜਾਗਰ ਕਰ ਦਿੱਤਾ ਕਿ ਮੁਗ਼ਲ ਅਜਿੱਤ ਨਹੀਂ। ਕਈ ਮੁਗ਼ਲ ਹਾਕਮਾਂ ਨੂੰ ਕਰਾਰੀ ਹਾਰ ਦੇ ਕੇ ਬਾਬਾ ਬੰਦਾ ਸਿੰਘ ਬਹਾਦਰ ਨੇ ਮਾਸੂਮ ਜਨਤਾ ਨੂੰ ਉਨ੍ਹਾਂ ਦੇ ਖ਼ੂਨੀ ਪੰਜੇ ਵਿੱਚੋਂ ਅਜ਼ਾਦ ਕਰਵਾਇਆ। ਡਾ. ਗੋਕਲ ਚੰਦ ਨਾਰੰਗ ਦੱਸਦਾ ਹੈ ਕਿ ਉਸ ਦੀ ਸ਼ਖ਼ਸੀਅਤ ਗ਼ੈਰ-ਮੁਸਲਿਮ ਲੋਕਾਂ ਵਿਚ ਇਸ ਤਰ੍ਹਾਂ ਪ੍ਰਚਾਰੀ ਜਾ ਰਹੀ ਸੀ ਕਿ ਜਿਵੇਂ ਹਿੰਦੂ "ਉਸ (ਬੰਦੇ) ਨੂੰ ਮੁਸਲਮਾਨਾਂ ਨੂੰ ਉਨ੍ਹਾਂ ਦੇ ਗੁਨਾਹਾਂ ਦੀ ਸਜ਼ਾ ਦੇਣ ਵਾਸਤੇ ਪਰਮਾਤਮਾ ਵੱਲੋਂ ਭੇਜਿਆ ਅਵਤਾਰ ਸਮਝਣ ਲੱਗ ਗਏ। ਦੁਖੀ ਹਿੰਦੂ ਉਸ ਕੋਲ ਸਹਾਇਤਾ ਲਈ ਗਏ ਜਿਹੜੀ ਇੱਛਾ ਪੂਰਵਕ ਅਤੇ ਸਫ਼ਲਤਾ ਨਾਲ ਦਿੱਤੀ ਗਈ। ਇਸ ਤੱਥ ਨੇ ਸਿੱਖ ਸੱਤਾ ਦੇ ਵਾਧੇ ਵਿਚ ਭਾਰੀ ਹਿੱਸਾ ਪਾਇਆ। ਹਿੰਦੂ ਭਰਾਵਾਂ ਦੇ ਕਾਤਲਾਂ 'ਤੇ ਕੋਈ ਰਹਿਮ ਨਾ ਕੀਤਾ ਗਿਆ ਅਤੇ ਇਹ ਸਾਰੀ ਹਿੰਦੂ ਜਾਤੀ ਦੀ ਹਮਦਰਦੀ ਜਿੱਤਣ ਲਈ ਕਾਫੀ ਸੀ।"[੫] ਬਾਬਾ ਬੰਦਾ ਸਿੰਘ ਬਹਾਦਰ ਦੁਆਰਾ ਕੀਤੇ ਅਜਿਹੇ ਕਾਰਨਾਮੇ ਉਸ ਦੀ ਸ਼ਖ਼ਸੀਅਤ ਨੂੰ ਆਮ ਲੋਕਾਂ ਵਿਚ ਸਤਿਕਾਰਦੇ ਹਨ ਕਿਉਂਕਿ ਉਸ ਨੇ ਸਮੇਂ ਦੀ ਮਜ਼ਬੂਤ ਮੁਗ਼ਲ ਹਕੂਮਤ ਨਾਲ ਟੱਕਰ ਲੈ ਕੇ ਜ਼ੁਲਮ ਦਾ ਸ਼ਿਕਾਰ ਹੋ ਰਹੀ ਗ਼ੈਰਮੁਸਲਿਮ ਜਨਤਾ ਨੂੰ ਭਾਰੀ ਰਾਹਤ ਦਿਵਾਈ। ਆਮ ਲੋਕਾਂ ਵਿਚ ਸਤਿਕਾਰ ਦਿਨੋਂ-ਦਿਨ ਵਧਣ ਲੱਗਾ। ਜਿਧਰ ਨੂੰ ਬਾਬਾ ਬੰਦਾ ਸਿੰਘ ਬਹਾਦਰ ਮੂੰਹ ਕਰਦਾ ਆਮ ਲੋਕਾਂ ਵਿਚ ਜੋਸ਼ ਅਤੇ ਉਤਸ਼ਾਹ ਪੈਦਾ ਹੋ ਜਾਂਦਾ ਅਤੇ ਉਹ ਜ਼ਾਲਮ ਹਕੂਮਤ ਦੇ ਖ਼ਿਲਾਫ਼ ਵਿਦਰੋਹ ਕਰ ਦਿੰਦੇ। ਅਜਿਹੀਆਂ ਅਨੇਕਾਂ ਘਟਨਾਵਾਂ ਗਵਾਹ ਹਨ, ਜਿਨ੍ਹਾਂ ਵਿਚ ਬਾਬਾ ਬੰਦਾ ਸਿੰਘ ਬਹਾਦਰ ਦੀ ਪ੍ਰੇਰਨਾ ਸਦਕਾ ਵਾਹੀਕਾਰਾਂ ਅਤੇ ਦੱਬੇ-ਕੁਚਲੇ ਲੋਕਾਂ ਨੇ ਜ਼ਿਮੀਂਦਾਰਾਂ ਅਤੇ ਨਵਾਬਾਂ ਖ਼ਿਲਾਫ਼ ਵਿਦਰੋਹ ਕਰ ਦਿੱਤੇ। ਆਮ ਲੋਕ ਬਾਬਾ ਬੰਦਾ ਸਿੰਘ ਬਹਾਦਰ ਨੂੰ ਆਪਣਾ ਨਾਇਕ ਅਤੇ ਆਗੂ ਮੰਨਣ ਲੱਗੇ। ਬਾਬਾ ਬੰਦਾ ਸਿੰਘ ਬਹਾਦਰ ਨੇ ਆਪਣੇ ਰਾਜ ਦੇ ਥੋੜ੍ਹੇ ਜਿਹੇ ਸਮੇਂ ਵਿਚ ਅਜਿਹੇ ਕੀਰਤੀਮਾਨ ਸਥਾਪਿਤ ਕੀਤੇ ਜਿਹੜੇ ਇਤਿਹਾਸ ਦੀਆਂ ਘਟਨਾਵਾਂ ਵਿਚ ਸੁਨਹਿਰੀ ਅੱਖਰਾਂ ਨਾਲ ਲਿਖੇ ਗਏ।

ਬਾਬਾ ਬੰਦਾ ਸਿੰਘ ਬਹਾਦਰ ਅਤੇ ਉਸ ਦੇ ਸਾਥੀਆਂ ਨੇ ਇਕ ਵੱਡੀ ਅਤੇ ਮਜਬੂਤ ਹਕੂਮਤ ਖ਼ਿਲਾਫ਼ ਸੰਘਰਸ਼ ਛੇੜਿਆ। ਉਨ੍ਹਾਂ ਨੇ ਸਮੇਂ ਦੀ ਇਕ ਮਜਬੂਤ ਫੌਜ ਦਾ ਟਾਕਰਾ ਧਾਰਮਿਕ ਜੋਸ਼ ਅਤੇ ਉਤਸ਼ਾਹ ਨਾਲ ਕੀਤਾ। ਬਾਬਾ ਬੰਦਾ ਸਿੰਘ ਬਹਾਦਰ ਦੀ ਦਲੇਰੀ ਅਤੇ ਉਤਸ਼ਾਹ ਕਰਕੇ ਹੀ ਮੁਗ਼ਲ ਫੌਜਾਂ ਨੇ ਲੱਗਭਗ ਅੱਠ ਮਹੀਨੇ ਤਕ ਗੁਰਦਾਸ ਨੰਗਲ ਦੀ ਗੜ੍ਹੀ ਨੂੰ ਘੇਰਾ ਪਾਈ ਰੱਖਿਆ, ਪਰ ਕਿਸੇ ਵਿਚ ਗੜ੍ਹੀ ਅੰਦਰ ਦਾਖ਼ਲ ਹੋਣ ਦੀ ਹਿੰਮਤ ਨਾ ਪਈ। ਅਖੀਰ ਬਾਬਾ ਬੰਦਾ ਸਿੰਘ ਬਹਾਦਰ ਨੂੰ ਗ੍ਰਿਫ਼ਤਾਰ ਕਰ ਕੇ ਸਾਥੀਆਂ ਸਮੇਤ ਸ਼ਹੀਦ ਕਰ ਦਿੱਤਾ ਗਿਆ। ਗੁਰੂ ਸਾਹਿਬ ਦੀ ਪ੍ਰੇਰਨਾ ਸਦਕਾ ਬਾਬਾ ਬੰਦਾ ਸਿੰਘ ਬਹਾਦਰ ਨੇ ਆਮ ਲੋਕਾਂ ਨੂੰ ਇਹ ਅਹਿਸਾਸ ਕਰਵਾ ਦਿੱਤਾ ਕਿ ਜਬਰ ਅਤੇ ਜ਼ੁਲਮ ਦੀ ਨੀਤੀ ਨਾਲ ਬਹੁਤਾ ਸਮਾਂ ਰਾਜ ਨਹੀਂ ਕੀਤਾ ਜਾ ਸਕਦਾ। ਜ਼ੁਲਮ ਦੇ ਖ਼ਿਲਾਫ਼ ਵਿਦਰੋਹ ਲਈ ਜਦੋਂ ਅਣਖ ਅਤੇ ਗ਼ੈਰਤ ਉਜਾਗਰ ਹੋਵੇਗੀ ਤਾਂ ਸਮੁੱਚੀ ਜ਼ਾਲਮ ਹਕੂਮਤ ਦਾ ਨਾਸ਼ ਹੋ ਜਾਵੇਗਾ। ਗੁਰੂ ਸਾਹਿਬ ਨੇ ਅਣਖ ਅਤੇ ਗ਼ੈਰਤ ਦੀ ਰਾਖੀ ਲਈ ਜੋ ਸਿੱਖ ਪੈਦਾ ਕੀਤੇ, ਬਾਬਾ ਬੰਦਾ ਸਿੰਘ ਬਹਾਦਰ ਅਜਿਹੇ ਇਕ ਸਿੱਖ ਦੀ ਮਿਸਾਲ ਵਜੋਂ ਸਾਹਮਣੇ ਆਇਆ। ਬਾਬਾ ਬੰਦਾ ਸਿੰਘ ਬਹਾਦਰ ਨੇ ਅਹਿਸਾਸ ਕਰਵਾ ਦਿੱਤਾ ਕਿ ਜਬਰ ਅਤੇ ਜ਼ੁਲਮ ਤੇ ਕਾਬੂ ਪਾਉਣਾ ਔਖਾ ਨਹੀਂ, ਇਸ ਕਾਰਜ ਲਈ ਇਕਜੁੱਟ ਅਤੇ ਇਕਮੁੱਠ ਹੋ ਕੇ ਜਾਗ੍ਰਿਤ ਹੋਣ ਦੀ ਲੋੜ ਹੈ। ਬਾਬਾ ਬੰਦਾ ਸਿੰਘ ਬਹਾਦਰ ਨੇ ਜ਼ਾਲਮਾਂ ਨੂੰ ਵੀ ਵੰਗਾਰ ਦਿੱਤੀ ਕਿ ਜਦੋਂ ਆਮ ਲਹਿਰ ਕਾਇਮ ਹੋਵੇਗੀ ਜਿਸ ਉੱਤੇ ਕਾਬੂ ਪਾਉਣਾ ਮੁਸ਼ਕਲ ਹੀ ਨਹੀਂ ਬਲਕਿ ਅਸੰਭਵ ਵੀ ਹੋ ਜਾਵੇਗਾ। ਜੇਕਰ ਫਿਰ ਵੀ ਇਖ਼ਲਾਕੀ ਕਦਰਾਂ-ਕੀਮਤਾਂ ਤੋਂ ਡਿੱਗ ਕੇ ਅਣਖ ਅਤੇ ਗ਼ੈਰਤ ਨੂੰ ਕਾਬੂ ਕਰਨ ਦਾ ਯਤਨ ਕੀਤਾ ਜਾਵੇ ਤਾਂ ਵੀ ਇਹ ਆਪਣੇ ਪਿੱਛੇ ਅਜਿਹੀਆਂ ਪੈੜਾਂ ਛੱਡ ਜਾਵੇਗੀ ਜਿਸ ਉੱਤੇ ਤੁਰਨ ਵਾਲਿਆਂ ਦੀ ਕਮੀ ਨਹੀਂ ਰਹੇਗੀ। ਇਸ ਤਰ੍ਹਾਂ ਜਦੋਂ ਬਾਬਾ ਬੰਦਾ ਸਿੰਘ ਬਹਾਦਰ ਦੀ ਹੀ ਸ਼ਹਾਦਤ ਤੋਂ ਪਿੱਛੋਂ ਹਕੂਮਤ ਨੇ ਇਹ ਸਮਝਿਆ ਕਿ ਇਹ ਲਹਿਰ ਫੇਲ੍ਹ ਹੋ ਗਈ ਹੈ ਅਤੇ ਸਾਰੇ ਸਿੰਘ ਮੁਕਾ ਦਿੱਤੇ ਗਏ ਹਨ ਤਾਂ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਪੈੜਾਂ, ਜਿਨ੍ਹਾਂ ਉੱਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਛਾਪ ਸੀ, ਉੱਤੇ ਚੱਲਣ ਵਾਲੇ ਅਨੇਕਾਂ ਸਿੰਘ

ਸਾਹਮਣੇ ਆਏ, ਜਿਨ੍ਹਾਂ ਨੇ ਹਕੂਮਤ ਦੇ ਇਸ ਭਰਮ ਨੂੰ ਖੇਰੂੰ-ਖੇਰੂੰ ਕਰ ਦਿੱਤਾ ਕਿ ਅਣਖ ਅਤੇ ਗ਼ੈਰਤ ਨਾਲ ਜਿਉਣ ਵਾਲਿਆਂ ਨੂੰ ਖਤਮ ਕਰ ਦਿੱਤਾ ਗਿਆ ਹੈ। ਸ. ਕਰਮ ਸਿੰਘ ਹਿਸਟੋਰੀਅਨ ਦੱਸਦਾ ਹੈ ਕਿ "ਬੰਦਾ (ਬਾਬਾ ਬੰਦਾ ਸਿੰਘ ਬਹਾਦਰ) ਮਾਰਿਆ ਗਿਆ ਅਤੇ ਚੋਣਵੇਂ ਆਗੂ ਸਭ ਮਾਰੇ ਗਏ। ਹਾਕਮਾਂ ਜਾਣਿਆ ਹੁਣ ਇਹ ਲਹਿਰ ਮਰ ਗਈ ਹੈ, ਪਰ ਤਦ ਵੀ ਜੇ ਕਿਤੇ ਨਾਮਮਾਤਰ ਸਿੱਖ ਨਜ਼ਰ ਆਉਂਦਾ ਸੀ, ਉਸ ਨੂੰ ਦਲੇਰ ਜੰਗ (ਅਬਦੁਸਮਦ ਖਾਂ) ਮਾਰੀ ਗਿਆ। ਦਲੇਰ ਜੰਗ ਮਾਰੀ ਜਾਂਦਾ ਸੀ, ਸਿੰਘ ਵਧਦੇ ਜਾਂਦੇ, ਸਿੰਘਾਂ ਨੂੰ ਮਿਟਾਉਣ ਦੀ ਕੋਸ਼ਿਸ਼ ਕੀਤੀ ਪਰ ਸਿੰਘ ਕੌੜੀ ਵੇਲ ਵਾਂਗ ਵਧਦੇ ਜਾਂਦੇ ਸਨ। ਜਿਉ-ਜਿਉਂ ਸਿੰਘਾਂ ਉੱਤੇ ਸਖ਼ਤੀ ਹੁੰਦੀ ਸੀ ਪਿੰਡਾਂ ਦੇ ਲੋਕੀਂ ਸਿੰਘਾਂ ਦੇ ਹਾਮੀ ਹੁੰਦੇ ਜਾਂਦੇ ਸਨ ਅਤੇ ਸਰਕਾਰ ਦੇ ਰਵੱਈਏ ਤੋਂ ਗੁੱਸੇ ਹੋ ਕੇ ਅਣਖ ਵਾਲੇ ਆਦਮੀ ਸਿੰਘ ਸਜਦੇ ਜਾਂਦੇ ਸਨ।"[੬] ਇਸ ਤਰ੍ਹਾਂ ਬਾਬਾ ਬੰਦਾ ਸਿੰਘ ਬਹਾਦਰ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਪ੍ਰੇਰਨਾ ਸਦਕਾ ਸਿੱਖਾਂ ਅੰਦਰ ਇਨਕਲਾਬ ਅਤੇ ਜਾਗ੍ਰਿਤੀ ਦੀ ਅਜਿਹੀ ਚਿਣਗ ਲਾ ਦਿੱਤੀ ਜਿਹੜੀ ਉਸ ਦੀ ਸ਼ਹਾਦਤ ਤੋਂ ਪਿੱਛੋਂ ਵੀ ਸਿੱਖ ਕੌਮ ਲਈ ਚਾਨਣ-ਮੁਨਾਰੇ ਦਾ ਕੰਮ ਕਰਦੀ ਰਹੀ। ਹੌਲੀ-ਹੌਲੀ ਸਿੱਖ ਲਹਿਰ ਵਿਚ ਇਕ ਅਜਿਹਾ ਉਭਾਰ ਆਇਆ ਜਿਸ ਨੂੰ ਰੋਕਣ ਅਤੇ ਵੰਗਾਰਨ ਦੀ ਕਿਸੇ ਵਿਚ ਹਿੰਮਤ ਨਾ ਪਈ, ਬਲਕਿ ਸਿੱਖ ਆਪਣੀ ਧਰਤੀ ਦੇ ਪਹਿਰੇਦਾਰ ਖੁਦ ਬਣੇ। ਬਾਬਾ ਬੰਦਾ ਸਿੰਘ ਬਹਾਦਰ ਨੇ ਸਿੱਖਾਂ ਨੂੰ ਥੋੜ੍ਹੇ ਜਿਹੇ ਸਮੇਂ ਵਿਚ ਹੀ ਰਾਜ ਕਰਨ ਦੀ ਆਦਤ ਦਾ ਸੁਆਦ ਚਖਾ ਦਿੱਤਾ, ਜਿਸ ਦੀ ਸਿੱਖਾਂ ਨੂੰ ਆਦਤ ਪੈ ਗਈ। ਸਮਾਂ ਪਾ ਕੇ ਸਿੱਖਾਂ ਨੇ ਮਿਸਲਾਂ ਦੇ ਰੂਪ ਵਿਚ ਪੰਜਾਬ ਵਿਚ ਆਪਣਾ ਰਾਜ ਕਾਇਮ ਕਰ ਲਿਆ।

ਬਾਬਾ ਬੰਦਾ ਸਿੰਘ ਬਹਾਦਰ ਨੂੰ ਸਿੱਖ ਰਾਜ ਦਾ ਬਾਨੀ ਕਿਹਾ ਜਾਂਦਾ ਹੈ। ਸਿੱਖ ਰਾਜ ਦੀ ਹਸਤੀ ਨੂੰ ਕਾਇਮ ਕਰਦਾ ਹੋਇਆ ਬਾਬਾ ਬੰਦਾ ਸਿੰਘ ਬਹਾਦਰ ਭਾਵੇਂ ਸ਼ਹੀਦ ਹੋ ਗਿਆ ਪਰ ਇਹ ਚਿਣਗ ਸਿੱਖਾਂ ਨੂੰ ਲਾ ਗਿਆ ਕਿ ਮੁਗ਼ਲ ਅਜਿੱਤ ਨਹੀਂ ਸਨ। ਬਾਬਾ ਬੰਦਾ ਸਿੰਘ ਬਹਾਦਰ ਇੰਨੀ ਵੱਡੀ ਸ਼ਖ਼ਸੀਅਤ ਸੀ ਜਿਸ ਬਾਰੇ ਹਰ ਵੱਡੇ-ਛੋਟੇ ਇਤਿਹਾਸਕਾਰ ਅਤੇ ਸਾਹਿਤਕਾਰ ਨੇ ਕੁਝ ਨਾ ਕੁਝ ਜ਼ਰੂਰ ਲਿਖਿਆ। ਕਈ ਲਿਖਾਰੀਆਂ ਨੇ ਬਾਬਾ ਬੰਦਾ ਸਿੰਘ ਬਾਰੇ ਨਿਰਪੱਖ ਹੋ ਕੇ ਲਿਖਿਆ ਤੇ ਕਈਆਂ ਨੇ ਬਾਬਾ ਬੰਦਾ ਸਿੰਘ ਦੀ ਸ਼ਖ਼ਸੀਅਤ ਨੂੰ ਘਟਾ ਕੇ ਵੇਖਣ ਦਾ ਯਤਨ ਕੀਤਾ। ਡਾ.ਗੰਡਾ ਸਿੰਘ ਅਤੇ ਡਾ. ਗੋਕਲ ਚੰਦ ਨਾਰੰਗ ਆਦਿ ਇਤਿਹਾਸਕਾਰਾਂ ਨੇ ਸਮਕਾਲੀ ਸ੍ਰੋਤਾਂ ਦਾ ਸਹਾਰਾ ਲੈ ਕੇ ਬਾਬਾ ਬੰਦਾ ਸਿੰਘ ਬਹਾਦਰ ਦੀ ਵਿਗਾੜੀ ਜਾ ਰਹੀ ਮਹਾਨ ਸ਼ਖ਼ਸੀਅਤ ਨੂੰ ਉੱਚਾ ਚੁੱਕਣ ਦਾ ਯਤਨ ਕੀਤਾ ਹੈ। ਇਹ ਮੰਨਦੇ ਹਨ ਕਿ ਬਾਬਾ ਬੰਦਾ ਸਿੰਘ ਬਹਾਦਰ ਅਖੀਰ ਤਕ ਗੁਰੂ ਜੀ ਦਾ ਸ਼ਰਧਾਲੂ ਅਤੇ ਸਿੱਖੀ ਦਾ ਸੂਰਾ ਰਿਹਾ ਅਤੇ ਉਹ ਆਪਣੀ ਜ਼ਿੰਦਗੀ ਦੇ ਕਿਸੇ ਮੋੜ 'ਤੇ ਵੀ ਨਾ ਤਾਂ ਸਿੱਖੀ ਤੋਂ ਥਿੜਕਿਆ ਅਤੇ ਨਾ ਹੀ ਕਦੇ ਉਸ ਨੇ ਸਿੱਖਾਂ ਨੂੰ ਧੋਖਾ ਦਿੱਤਾ। ਬਲਕਿ ਜੋ ਸਿੱਖ ਉਸ ਦੇ ਨਾਲ ਸਨ ਉਹ ਵੀ ਮਰਨ ਤਕ ਉਸ ਦੇ ਨਾਲ ਹੀ ਰਹੇ...। ਡਾ. ਗੋਕਲ ਚੰਦ ਨਾਰੰਗ ਤਾਂ ਇੱਥੋਂ ਤਕ ਆਖ ਦਿੰਦਾ ਹੈ ਕਿ "ਜਿਨ੍ਹਾਂ ਲੋਕਾਂ ਨੇ ਗੁਰੂ ਸਾਹਿਬਾਨ ਦਾ ਨਾਂ ਨਹੀਂ ਸੁਣਿਆ ਸੀ, ਉਹ ਬੰਦੇ ਦੀਆਂ ਜਿੱਤਾਂ ਦੁਆਰਾ ਪ੍ਰਾਪਤ ਹੋਈ ਸ਼ਾਨ ਤੋਂ ਪ੍ਰਭਾਵਿਤ ਹੋ ਕੇ ਹਜ਼ਾਰਾਂ ਦੀ ਗਿਣਤੀ ਵਿਚ ਉਸ ਨਾਲ ਮਿਲ ਗਏ। ਉਸ ਦੀ ਨਿੱਜੀ ਆਕਰਸ਼ਣ ਸ਼ਕਤੀ ਵੀ ਬੜੀ ਸੀ ਅਤੇ ਉਸ ਦੇ ਅਝੁਕ ਸਾਹਸ ਅਤੇ ਅਸਧਾਰਨ ਸੂਰਮਤਾ ਨੇ ਉਸ ਦੇ ਅਨੁਯਾਈਆਂ ਨੂੰ ਉਸ ਨਾਲ ਪੱਕੀ ਤਰ੍ਹਾਂ ਜੋੜ ਦਿੱਤਾ ਸੀ। ਇਸ ਤੱਥ ਦੀ ਪੁਸ਼ਟੀ ਇਸ ਗੱਲ ਤੋਂ ਹੁੰਦੀ ਹੈ ਕਿ ਮੁਗ਼ਲ ਸਰਕਾਰ ਦੁਆਰਾ ਫੜ੍ਹੇ ਅਤੇ ਕਤਲ ਕੀਤੇ ਗਏ ਹਜ਼ਾਰਾਂ ਸਿੱਖਾਂ ਵਿੱਚੋਂ ਇਕ ਨੇ ਵੀ ਆਪਣੀ ਜਾਨ ਬਚਾਉਣ ਲਈ ਧਰਮ ਨਾ ਛੱਡਿਆ।"[੭] ਇਸੇ ਤਰ੍ਹਾਂ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਖ਼ਸੀਅਤ ਨੂੰ ਬੁਲੰਦੀ ਤੋਂ ਪਹੁੰਚਾਉਂਦੇ ਹੋਏ ਪ੍ਰਿੰਸੀਪਲ ਤੇਜਾ ਸਿੰਘ ਅਤੇ ਡਾ. ਗੰਡਾ ਸਿੰਘ ਲਿਖਦੇ ਹਨ ਕਿ "ਉਸ ਦਿਨ ਤੋਂ ਲੈ ਕੇ ਜਿਸ ਦਿਨ ਬੰਦਾ ਸਿੰਘ ਨੇ ਆਪਣੇ ਗੁਰੂ ਜੀ ਦੇ ਹੱਥੋਂ ਅੰਮ੍ਰਿਤਪਾਨ ਕੀਤਾ ਸੀ, ਉਹ ਆਪਣੇ ਗੁਰੂ ਦੇ ਮਿਸ਼ਨ ਦਾ ਪੱਕਾ ਸ਼ਰਧਾਲੂ ਰਿਹਾ। ਉਸ ਦੇ ਸਿੱਕੇ ਅਤੇ ਉਸ ਦੀ ਮੋਹਰ ਉੱਤੇ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਨਾਉਂ ਉਕਰੇ ਹੋਏ ਸਨ, ਜਿਨ੍ਹਾਂ ਨੂੰ ਉਹ ਆਪਣੀ ਸ਼ਕਤੀ ਦਾ ਸਰੋਤ ਸਮਝਦਾ ਸੀ। ਉਸ ਨੇ ਸਿੱਖ ਰਹਿਤ ਦੀ ਪੂਰਨ ਰੂਪ ਵਿਚ ਪਾਲਣਾ ਕੀਤੀ। ਉਸ ਨੇ ਨਾ ਕਦੇ ਰੋਮਾਂ ਦੀ ਬੇਅਦਬੀ ਕੀਤੀ, ਨਾ ਤੰਬਾਕੂ ਅਤੇ ਹਲਾਲ ਮਾਸ ਦੀ ਵਰਤੋਂ ਕੀਤੀ ਅਤੇ ਨਾ ਹੀ ਪਰਾਈ ਇਸਤਰੀ ਵੱਲ ਨਜ਼ਰ ਚੁੱਕ ਕੇ ਦੇਖਿਆ। ਯੁੱਧਾਂ ਦੀ ਹਾਲਤ ਵਿੱਚੋਂ ਮਿਲਣ ਵਾਲੇ ਲਾਲਚਾਂ, ਉਸ ਦੀ ਅਣਵੰਗਾਰੀ ਸਥਿਤੀ ਅਤੇ ਉਸ ਦੇ ਵੈਰੀਆਂ

ਵੱਲੋਂ ਮਿਲਣ ਵਾਲੀ ਉਕਸਾਹਟ ਦੇ ਉਦਾਹਰਨ ਹੁੰਦੇ ਹੋਏ ਵੀ ਉਹ ਸ਼ੁੱਧ ਅਤੇ ਪਵਿੱਤਰ ਰਿਹਾ। ਧਰਮ ਪ੍ਰਚਾਰ ਲਈ ਉਸ ਦੀ ਲਗਨ ਯੁੱਧ ਲਈ ਉਸ ਦੇ ਜੋਸ਼ ਤੋਂ ਕੋਈ ਘੱਟ ਨਹੀਂ ਸੀ।"[੮]

ਬਾਬਾ ਬੰਦਾ ਸਿੰਘ ਬਹਾਦਰ ਨੇ ਸਿੱਖ ਦੀ ਆਨ ਤੇ ਸ਼ਾਨ ਲਈ ਸ਼ਹਾਦਤ ਦੇ ਦਿੱਤੀ, ਉਸ ਦਾ ਨਾਮ ਇਤਿਹਾਸ ਦੇ ਸੁਨਹਿਰੀ ਪੰਨਿਆਂ ਵਿਚ ਦਰਜ ਹੋਇਆ। ਇਤਿਹਾਸਿਕ ਵਿਅਕਤੀ ਦੇ ਤੌਰ 'ਤੇ ਬਾਬਾ ਬੰਦਾ ਸਿੰਘ ਬਹਾਦਰ ਦੀ ਪਛਾਣ ਸਿੰਘ ਸਜਣ ਕਰਕੇ ਹੈ। ਬਾਬਾ ਬੰਦਾ ਸਿੰਘ ਬਹਾਦਰ ਆਜੀਵਨ ਸਿੱਖ ਰਹਿਤ ਮਰਯਾਦਾ ਦਾ ਧਾਰਨੀ ਰਿਹਾ ਅਤੇ ਖਾਲਸਾ ਪੰਥ ਵਿਚ ਸ਼ਾਮਲ ਹੋਣ ਵਾਲੇ ਨਿਯਮਾਂ ਦਾ ਪਾਲਣ ਕਰਦਾ ਰਿਹਾ ਜਿਨ੍ਹਾਂ ਵਿਚ ਕਿਹਾ ਜਾਂਦਾ ਹੈ ਕਿ "ਤੁਸੀਂ ਪਿਛਲੀ ਕੁਲ, ਕਿਰਤ, ਕਰਮ, ਧਰਮ ਦਾ ਤਿਆਗ ਕਰ ਕੇ ਅਰਥਾਤ ਪਿਛਲੀ ਜਾਤ-ਪਾਤ, ਜਨਮ, ਦੇਸ਼, ਮਜ਼੍ਹਬ ਦਾ ਖਿਆਲ ਤਕ ਛੱਡ ਕੇ ਨਿਰੋਲ ਖਾਲਸਾ ਬਣ ਗਏ ਹੋ।"[੯] ਬਾਬਾ ਬੰਦਾ ਸਿੰਘ ਬਹਾਦਰ ਸਿੱਖਾਂ ਦਾ ਉੱਘਾ ਜਰਨੈਲ ਅਤੇ ਸਮਾਜ ਸੁਧਾਰਕ ਸੀ, ਜਿਸ ਨੇ ਗੁਰੂ-ਆਸ਼ੇ ਅਨੁਸਾਰ ਅਣਖ ਅਤੇ ਗ਼ੈਰਤ ਭਰਪੂਰ ਜੀਵਨ ਬਸਰ ਕਰਦੇ ਹੋਏ ਆਪਣੀ ਸ਼ਹਾਦਤ ਦੇ ਦਿੱਤੀ, ਪਰ ਈਨ ਨਾ ਮੰਨੀ। ਉਸ ਦੀ ਸ਼ਖ਼ਸੀਅਤ ਦੇ ਇਸ ਗੁਣ ਨੇ ਉਸ ਨੂੰ ਗੁਰੂ ਦੇ ਸੱਚੇ ਸਿੱਖ ਅਤੇ ਦੁਨੀਆ ਦੇ ਮਹਾਨ ਜਰਨੈਲ ਦੇ ਰੂਪ ਵਿਚ ਪੇਸ਼ ਕੀਤਾ ਹੈ।

**ਹਵਾਲੇ:**


੧. ਰਾਮ ਥੰਮ੍ਹਣ ਤਹਿਸੀਲ ਕਸੂਰ, ਜ਼ਿਲ੍ਹਾ ਲਾਹੌਰ ਵਿਚ ਬੈਰਾਗੀਆਂ ਦਾ ਇਕ ਉੱਘਾ ਅਸਥਾਨ ਹੈ। ਇੱਥੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਰਿਸ਼ਤੇਦਾਰ ਬਾਬਾ ਰਾਮ ਥੰਮ੍ਹਣ ਜੀ ਦੀ ਯਾਦਗਾਰ ਹੈ ਤੇ ਵੈਸਾਖੀ ਦਾ ਮੇਲਾ ਲਗਦਾ ਹੈ। ਗਿ: ਸੋਹਣ ਸਿੰਘ ਸੀਤਲ, ਬੰਦਾ ਸਿੰਘ ਸ਼ਹੀਦ, ਫੁਟ ਨੋਟ, ਸਫ਼ਾ ੮; ਰਾਮ ਥੰਮ੍ਹਣ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮਾਸੀ ਦੇ ਸਪੁੱਤਰ, ਪ੍ਰਤਾਪੀ ਸਾਧੂ ਸੀ। ਮਹਾਨ ਕੋਸ਼, ਸਫ਼ਾ ੧੦੩੫.

੨. ਭਾਈ ਸਰੂਪ ਸਿੰਘ ਕੌਸ਼ਿਸ਼, ਗੁਰੂ ਕੀਆਂ ਸਾਖੀਆਂ, ਸੰਪਾ: ਪ੍ਰੋ: ਪਿਆਰਾ ਸਿੰਘ ਪਦਮ, ਸਫ਼ਾ ੧੯੯.

੩. ਡਾ.ਗੰਡਾ ਸਿੰਘ, ਬੰਦਾ ਸਿੰਘ ਬਹਾਦਰ, ਸਫ਼ਾ ੧੩.

੪. ਭਾਈ ਰਤਨ ਸਿੰਘ (ਭੰਗੂ), ਸ੍ਰੀ ਗੁਰ ਪੰਥ ਪ੍ਰਕਾਸ਼, ਸੰਪਾ: ਡਾ. ਜੀਤ ਸਿੰਘ ਸੀਤਲ, ਸਫ਼ਾ ੧੩੦.

੫. ਡਾ. ਗੋਕਲ ਚੰਦ ਨਾਰੰਗ, ਸਿੱਖ ਮਤ ਕਾ ਪਰਿਵਰਤਨ, ਸਫ਼ਾ ੧੧੨.

੬. ਸ. ਕਰਮ ਸਿੰਘ ਹਿਸਟੋਰੀਅਨ, ਇਤਿਹਾਸਿਕ ਖੋਜ, ਭਾਗ ਪਹਿਲਾ, ਸੰਪਾ:, ਗਿਆਨੀ ਹੀਰਾ ਸਿੰਘ ਦਰਦ, ਸਫ਼ਾ ੧੧੭-੧੧੮.

੭. ਡਾ. ਗੋਕਲ ਚੰਦ ਨਾਰੰਗ, ਸਿੱਖ ਮਤ ਕਾ ਪਰਿਵਰਤਨ, ਸਫ਼ਾ ੧੨੩.

੮. ਪ੍ਰਿੰਸੀਪਲ ਤੇਜਾ ਸਿੰਘ ਅਤੇ ਡਾ.ਗੰਡਾ ਸਿੰਘ, ਸਿੱਖ ਇਤਿਹਾਸ, ਸਫ਼ਾ ੧੦੩. ੯. ਸਿੱਖ ਰਹਿਤ ਮਰਯਾਦਾ, ਸਫ਼ਾ ੩੦.


## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

*ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ।

**-ਸੰਪਾਦਕ**

# ਲਾਸਾਨੀ ਸ਼ਹੀਦ
# ਬਾਬਾ ਬੰਦਾ ਸਿੰਘ ਬਹਾਦਰ



*-ਪ੍ਰੋ. ਨਵ ਸੰਗੀਤ ਸਿੰਘ*

**ਲੇਵਨ ਤੁਰਕਨ ਤੇ ਨਿਜ ਬੈਰ, ਪਠਯੋ ਮੁਝ ਕੋ ਗੁਰੁ ਨੈਕਰ ਬੰਦਾ।**
**ਮੈਂ ਕਰ ਖ੍ਵਾਨ ਵਜੀਦੇ ਕੋ ਮਾਰ ਸਰੰਦ ਉਜਾਰ ਕਰੈਂਹੁ ਸੁਛੰਦਾ।**
**ਪੀਸਹੁ ਫੇਰ ਗਿਰੀਸਨ ਕੋ ਭਲ, ਬੈਰ ਸਜਾਦਨ ਲੈਂਹੁ ਅਮੰਦਾ।**
**ਸਿੰਘਨ ਕਾ ਜਿਨ ਪੰਥ ਰਚਿਓ ਗੁਰੂ, ਤਾਂਹਿ ਨਿਵਾਜਿਓ ਹੈ ਇਹੁ ਬੰਦਾ॥੫॥**

*(ਪੰਥ ਪ੍ਰਕਾਸ਼, ਗਿ: ਗਿਆਨ ਸਿੰਘ)*

ਸਮੁੱਚਾ ਸਿੱਖ ਇਤਿਹਾਸ ਕੁਰਬਾਨੀਆਂ, ਸ਼ਹੀਦੀਆਂ ਅਤੇ ਤਿਆਗ ਨਾਲ ਭਰਿਆ ਪਿਆ ਹੈ। ਇਸ ਧਰਮ ਦੀ ਬੁਨਿਆਦ ਹੀ ਪਰਸੁਆਰਥ, ਪਰਉਪਕਾਰ ਅਤੇ ਦੂਜਿਆਂ ਲਈ ਆਪਾ-ਵਾਰਨ ਦੇ ਸਿਧਾਂਤ 'ਤੇ ਹੋਈ ਹੈ। ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਤੱਤੀ ਤਵੀ 'ਤੇ ਬੈਠਣਾ ਪਿਆ, ਛੋਟੇ ਸਾਹਿਬਜ਼ਾਦਿਆਂ ਨੂੰ ਨੀਹਾਂ ਵਿਚ ਚਿਣਿਆ ਗਿਆ, ਭਾਈ ਦਿਆਲਾ ਜੀ ਨੂੰ ਉਬਲਦੀ ਦੇਗ ਵਿਚ ਬੈਠਣਾ ਪਿਆ, ਭਾਈ ਸਾਹਬਾਜ਼ ਸਿੰਘ ਤੇ ਭਾਈ ਸੁਬੇਗ ਸਿੰਘ ਚਰਖੜੀਆਂ 'ਤੇ ਹੱਸਦੇ-ਹੱਸਦੇ ਚੜ੍ਹ ਗਏ, ਭਾਈ ਮਨੀ ਸਿੰਘ ਜੀ ਦਾ ਬੰਦ-ਬੰਦ ਕੱਟ ਦਿੱਤਾ ਗਿਆ, ਭਾਈ ਤਾਰੂ ਸਿੰਘ ਜੀ ਦੀ ਖੋਪਰੀ ਲਾਹ ਦਿੱਤੀ ਗਈ ਆਦਿ...। ਅਜਿਹੀ ਸਥਿਤੀ ਵਿਚ ਹਰ ਇਕ ਨੂੰ ਆਪਣਾ ਧਰਮ ਬਦਲਣ ਲਈ ਕਈ ਤਰ੍ਹਾਂ ਦੇ ਲਾਲਚ ਦਿੱਤੇ ਗਏ, ਪਰ ਹਰ ਇਕ ਨੇ ਬਾਦਸ਼ਾਹੀਆਂ, ਨਵਾਬੀਆਂ ਤੇ ਉੱਚ-ਅਹੁਦਿਆਂ ਨੂੰ ਲੱਤ ਮਾਰ ਕੇ ਸ਼ਹਾਦਤ ਦਿੱਤੀ ਅਤੇ ਸਿੱਖੀ ਨੂੰ ਕੇਸਾਂ-ਸੁਆਸਾਂ ਸੰਗ ਨਿਭਾਇਆ। ਅਜਿਹੇ ਹੀ ਬੇਮਿਸਾਲ ਸੂਰਬੀਰ-ਸ਼ਹੀਦਾਂ ਵਿੱਚੋਂ ਇੱਕ ਸਨ- ਬਾਬਾ ਬੰਦਾ ਸਿੰਘ ਜੀ ਬਹਾਦਰ।

ਬਾਬਾ ਬੰਦਾ ਸਿੰਘ ਜੀ ਬਹਾਦਰ ਦਾ ਮੁੱਢਲਾ ਨਾਂ ਲਛਮਣ ਦੇਵ ਸੀ। ਉਨ੍ਹਾਂ ਦਾ ਜਨਮ ੧੬ ਅਕਤੂਬਰ ੧੬੭੦ ਈ: ਨੂੰ ਪੁਣਛ (ਕਸ਼ਮੀਰ) ਦੇ ਰਾਜੌਰੀ ਇਲਾਕੇ ਵਿਖੇ ਸ੍ਰੀ ਰਾਮਦੇਵ ਦੇ ਘਰ ਹੋਇਆ। ਰਾਜਪੂਤੀ ਪਿਛੋਕੜ ਹੋਣ ਕਰਕੇ ਲਛਮਣ ਦੇਵ ਨੂੰ ਖੇਡਣ, ਕੁੱਦਣ ਅਤੇ ਸ਼ਿਕਾਰ ਕਰਨ ਦਾ ਬਹੁਤ ਸ਼ੌਕ ਸੀ। ਇਕ ਵਾਰ ਸ਼ਿਕਾਰ ਸਮੇਂ ਲਛਮਣ ਦੇਵ ਤੋਂ ਤੀਰ ਨਾਲ ਇਕ ਹਿਰਨੀ ਜ਼ਖ਼ਮੀ ਹੋਣ ਪਿੱਛੋਂ ਮਰ ਗਈ ਇਸ ਘਟਨਾ ਨੇ ਲਛਮਣ ਦੇਵ ਦੇ ਮਨ 'ਤੇ ਇੰਨਾ ਪ੍ਰਭਾਵ ਪਾਇਆ ਕਿ ਉਹ ਘਰ-ਬਾਰ ਤਿਆਗ ਕੇ ਸੰਨਿਆਸੀ ਬਣ ਗਿਆ। ਇਕ ਬੈਰਾਗੀ ਸਾਧੂ ਜਾਨਕੀ ਪ੍ਰਸਾਦ ਦੀ ਸੰਗਤ ਵਿਚ ਆ ਕੇ ਉਹ ਲਛਮਣ ਦੇਵ ਤੋਂ ਮਾਧੋਦਾਸ ਬਣ ਗਿਆ। ਬੈਰਾਗੀ ਮੰਡਲੀ ਵਿਚ ਸ਼ਾਮਲ ਹੋ ਕੇ ਉਹ ਥਾਂ-ਥਾਂ ਭਟਕਦਾ ਰਿਹਾ ਅਤੇ ਰਾਮ ਥੰਮਣ ਦੇ ਡੇਰੇ ਕਸੂਰ ਕੋਲ ਇਕ ਹੋਰ ਬੈਰਾਗੀ ਰਾਮਦਾਸ ਨਾਲ ਉਹਦਾ ਮੇਲ ਹੋਇਆ। ਗੋਦਾਵਰੀ ਦੇ ਕੰਢੇ ਨਾਸਿਕ 'ਤੇ ਉਹਨੇ ਆਪਣਾ ਟਿਕਾਣਾ ਬਣਾ ਲਿਆ। ਇਥੇ ਹੀ ਇਕ ਪ੍ਰਸਿੱਧ ਜੋਗੀ ਔਘੜ ਨਾਥ ਨੇ ਉਸ ਨੂੰ ਰਿਧੀਆਂ-ਸਿਧੀਆਂ, ਜਾਦੂ-ਮੰਤਰਾਂ ਅਤੇ ਤਾਂਤਰਿਕ ਵਿੱਦਿਆ ਦੇ ਭੇਦ ਸਮਝਾਏ। ਹੁਣ ਮਾਧੋਦਾਸ ਨੇ ਨਾਂਦੇੜ ਨੂੰ ਆਪਣਾ ਟਿਕਾਣਾ ਬਣਾ ਲਿਆ। ਆਸ-ਪਾਸ ਦੇ ਇਲਾਕਿਆਂ ਵਿਚ ਉਸ ਦੇ ਅਨੋਖੇ ਕੌਤਕਾਂ ਕਾਰਨ ਕਾਫੀ ਦਬਦਬਾ ਬੈਠਾ ਹੋਇਆ ਸੀ। ਇਨ੍ਹੀਂ ਦਿਨੀਂ ਸਤੰਬਰ ੧੭੦੮ ਈ: ਦੇ ਨੇੜੇ-ਤੇੜੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਾਧੋਦਾਸ ਦੇ ਇਲਾਕੇ ਵਿਚ ਪਹੁੰਚ ਗਏ। ਗੁਰੂ ਸਾਹਿਬ ਨੇ ਮਾਧੋਦਾਸ ਦੀਆਂ ਕੁਰਾਹੇ ਪਈਆਂ ਮਾਨਸਿਕ ਤੇ ਸਰੀਰਕ ਸ਼ਕਤੀਆਂ ਦਾ ਰੁਖ਼ ਮੋੜ ਕੇ ਖਾਲਸਾ ਪੰਥ ਦੀ ਸੇਵਾ ਵੱਲ ਲਾਉਣ ਦਾ ਮਨ ਬਣਾਇਆ। ਮਾਧੋਦਾਸ ਨੇ ਪੂਰੇ

*(ਬਾਕੀ ਪੰਨਾ ੨੨ 'ਤੇ)*



ਵਿਦੇਸ਼ਾਂ ਅੰਦਰ ਸਿੱਖਾਂ 'ਤੇ ਹੁੰਦੇ ਨਸਲੀ ਹਮਲਿਆਂ ਦੇ ਹੱਲ ਸਬੰਧੀ ਸਿੱਖ ਬੁੱਧੀਜੀਵੀਆਂ ਨਾਲ ਵਿਚਾਰ-ਵਿਟਾਂਦਰਾ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।

(11 ਮਈ 2016)



ਵਿਦੇਸ਼ਾਂ ਵਿਚ ਸਿੱਖਾਂ 'ਤੇ ਹੁੰਦੇ ਨਸਲੀ ਹਮਲਿਆਂ ਸਬੰਧੀ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਬ-ਕਮੇਟੀ ਦੀ ਇਕੱਤਰਤਾ ਵਿਚ ਵਿਚਾਰ ਪੇਸ਼ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਵੱਖ-ਵੱਖ ਸਿੱਖ ਵਿਦਵਾਨ ਤੇ ਜਥੇਬੰਦੀਆਂ ਦੇ ਮੁਖੀ।

(11 ਮਈ 2016)



ਸਿੱਖ ਇਤਿਹਾਸ ਰੀਸਰਚ ਬੋਰਡ ਦੀ ਸਲਾਹਕਾਰ ਕਮੇਟੀ ਦੀ ਮੀਟਿੰਗ ਸਮੇਂ ਪ੍ਰਧਾਨਗੀ ਕਰਦੇ ਹੋਏ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋ ਮਣੀ ਕਮੇਟੀ। ਮੀਟਿੰਗ ਵਿਚ ਸ਼ਾਮਲ ਸ. ਦਿਲਜੀਤ ਸਿੰਘ 'ਬੇਦੀ' ਐਡੀ. ਸਕੱਤਰ, ਪ੍ਰੋ. ਪ੍ਰਿਥੀਪਾਲ ਸਿੰਘ ਕਪੂਰ, ਡਾ. ਹਰਚੰਦ ਸਿੰਘ 'ਬੇਦੀ', ਡਾ. ਬਲਵੰਤ ਸਿੰਘ ਢਿੱਲੋਂ, ਪ੍ਰੋ. ਬਲਕਾਰ ਸਿੰਘ, ਡਾ. ਸਰਬਜਿੰਦਰ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ, ਡਾ. ਪਰਮਵੀਰ ਸਿੰਘ ਅਤੇ ਪ੍ਰੋ. ਸੁਖਦੇਵ ਸਿੰ ਘ ਰਈਆ।

(11 ਮਈ 2016)



ਵਿਦੇਸ਼ਾਂ ਵਿਚ ਸਿੱਖਾਂ 'ਤੇ ਹੁੰਦੇ ਨਸਲੀ ਹਮਲਿਆਂ ਦੇ ਹੱਲ ਸਬੰਧੀ ਸਿੱਖ ਬੁੱਧੀਜੀਵੀਆਂ ਦੀ ਮੀਟਿੰਗ ਉਪਰੰਤ ਪ੍ਰੈੱਸ ਨੂੰ ਸੰਬ ੋਧਨ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ , ਭਾਈ ਰਾਮ ਸਿੰਘ ਮੈਂਬਰ, ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਪ੍ਰਤਾਪ ਸਿੰਘ, ਸ. ਪਰਮਜੀਤ ਸਿੰਘ ਮੁੰਡਾ ਪਿੰਡ ਨਿੱਜੀ ਸਹਾਇਕ ਤੇ ਹੋਰ।

(11 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ, ਠੱਠਾ (ਤਰਨ ਤਾਰ ਨ) ਵਿਖੇ ਗੁਰਮਤਿ ਕੈਂਪ ਸਮੇਂ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਭਾਈ ਮਨਜੀਤ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਡਾ. ਰੂਪ ਸਿੰਘ ਸਕੱਤਰ, ਸ. ਸੁਖਦੇਵ ਸਿੰਘ ਵਧੀਕ ਸਕੱਤਰ, ਡਾ. ਇੰਦਰਜੀਤ ਸਿੰਘ ਗੋਗੋਆਣੀ, ਡਾ. ਸਰਬਜੀਤ ਸਿੰਘ ਤੇ ਪ੍ਰਿੰ. ਬਲਦੇਵ ਸਿੰਘ।



ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਪਾਤਸ਼ਾਹੀ ਨੌਵੀਂ, ਦੋਰਾਹਾ ਵਿਖੇ ਕੇਸਾਂ ਦੀ ਮਹੱਤਤਾ ਤੇ ਸਾਂਭ-ਸੰਭਾਲ ਬਾਰੇ ਕਰਵਾਏ ਗਏ ਸਮ ਾਗਮ ਸਮੇਂ ਸੰਬੋਧਨ ਕਰਦੇ ਹੋਏ ਜਥੇ. ਹਰਪਾਲ ਸਿੰਘ ਜੱਲ੍ਹਾ ਮੈਂਬਰ ਸ਼੍ਰੋਮਣੀ ਕਮੇਟੀ, ਵਧੀਕ ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਪਰਮਜੀਤ ਸਿੰਘ ਸਰੋਆ ਤੇ ਹੋਰ। ਹੇਠਾਂ- ਸਮਾਗਮ 'ਚ ਸ਼ਾਮਲ ਸੰਗਤਾਂ। (9 ਮਈ 2016)



ਸਰਹਿੰਦ ਫ਼ਤਹਿ ਦਿਵਸ ਨੂੰ ਸਮਰਪਿਤ ਮਾਤਾ ਗੁਜਰੀ ਕਾਲਜ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਏ ਗਏ ਸੈਮੀਨਾਰ ਵਿਚ ਸੰਬੋਧਨ ਕਰਦੀਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਿੱਖ ਵਿਦਵਾਨ। ਹੇਠਾਂ: ਹਾਜ਼ਰ ਸਰੋਤੇ। (13 ਮਈ 2016)

ਕਿਤਾਬਚਾ 'ਲਾਸਾਨੀ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ' ਲੋਕ ਅਰਪਣ



ਕਿਤਾਬਚਾ 'ਲਸਾਨੀ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ' ਲੋਕ ਅਰਪਣ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ। ਉਨ੍ਹਾਂ ਨਾਲ ਸ. ਹਰਜਾਪ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਕੇਵਲ ਸਿੰਘ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਬਿਜੈ ਸਿੰਘ ਤੇ ਸ. ਪ੍ਰਤਾਪ ਸਿੰਘ, ਨਿੱਜੀ ਸਹਾਇਕ ਸ. ਪਰਮਜੀਤ ਸਿੰਘ ਮੁੰਡਾ ਪਿੰਡ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ। (17 ਮਈ 2016)




ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ, ਡਾ. ਜਸਬੀਰ ਸਿੰਘ ਸਰਨਾ ਵੱਲੋਂ ਸੰਪਾਦਤ ਪੁਸਤਕ 'ਸ੍ਰੀ ਗੁਰੂ ਗ੍ਰੰਥ ਸਾਹਿਬ ਵਿਗਿਆਨਕ-ਵਿਸ਼ਾ ਕੋਸ਼' ਲੋਕ ਅਰਪਣ ਕਰਦੇ ਹੋਏ। ਉਨ੍ਹਾਂ ਨਾਲ ਡਾ. ਗੁਰਮੋਹਨ ਸਿੰਘ ਵਾਲੀਆ ਵੀ.ਸੀ ., ਡਾ. ਧਰਮਿੰਦਰ ਸਿੰਘ ਉੱਭਾ, ਡਾਇਰੈਕਟਰ ਸਿੱਖਿਆ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ, ਪ੍ਰਿੰ. ਰਮਨਦੀਪ ਕੌਰ ਤੇ ਹੋਰ ।




ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ, ਪ੍ਰੋ. ਪ੍ਰਿਥੀਪਾਲ ਸਿੰਘ ਕਪੂਰ ਦੀ ਪੁਸਤਕ 'ਸਰਦਾਰ ਹਰੀ ਸਿੰਘ ਨਲਵਾ' ਲੋਕ ਅਰਪਣ ਕਰਦੇ ਹੋਏ। ਉਨ੍ਹਾਂ ਨਾਲ ਅੰਤ੍ਰਿੰਗ ਮੈਂਬਰ ਸ. ਰਜਿੰਦਰ ਸਿੰਘ ਮਹਿਤਾ ਤੇ ਵਧੀਕ ਸਕੱਤਰ ਦਿਲਜੀਤ ਸਿੰਘ 'ਬੇਦੀ' ਤੇ ਹੋਰ।

(11 ਮਈ 2016)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ 'ਦ ਇਨਲਾਈਟਿੰਗ ਵਿਜ਼ਡਮ ਆਫ਼ ਸ੍ਰੀ ਗੁਰੂ ਗ੍ਰੰਥ ਸਾਹਿਬ' ਪੁਸਤਕ ਦਾ ਸੈੱ ਟ ਭੇਟ ਕਰਦੇ ਹੋਏ ਸ. ਦਲਜੀਤ ਸਿੰਘ ਜਾਵਾ। ਉਨ੍ਹਾਂ ਨਾਲ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਕਮੇਟੀ ਮੈਂਬਰ, ਵਧੀਕ ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਪ੍ਰਤਾਪ ਸਿੰਘ ਅਤੇ ਹੋਰ।

(5 ਮਈ 2016)



ਡਾ. ਜਸਬੀਰ ਸਿੰਘ ਸਰਨਾ ਵੱਲੋਂ ਸੰਪਾਦਤ ਪੁਸਤਕ '1947 ਘੱਲੂਘਾਰੇ ਦੀ ਕਵਿਤਾ' ਲੋਕ ਅਰਪਣ ਕਰਦੇ ਹੋਏ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ ਅਤੇ ਹੋਰ।

(6 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਤੇ ਹੋਰ ਸਿੰਘਾਂ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸੈ ਮੀਨਾਰ ਸਮੇਂ ਪ੍ਰਚਾਰਕਾਂ, ਢਾਡੀਆਂ ਤੇ ਕਵੀਸ਼ਰਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਡਾ. ਰੂਪ ਸਿੰਘ ਸਕੱਤਰ, ਡਾ. ਇੰਦਰਜੀਤ ਸਿੰਘ ਗੋਗੋਆਣੀ, ਡਾ. ਸਰਬਜੀਤ ਸਿੰਘ ਤੇ ਡਾ. ਗੁਰਵੀਰ ਸਿੰਘ।

(18 ਮਈ 2016)




ਸਰਹਿੰਦ ਫ਼ਤਹਿ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਗਏ ਛੇਵੇਂ ਅੰਤਰਰਾਸ਼ਟਰੀ ਗੱਤਕਾ ਮੁਕਾਬਲੇ ਵਿਚ ਜੇਤੂ ਟ ੀਮ ਨੂੰ ਸਨਮਾਨਿਤ ਕਰਦੇ ਹੋਏ ਬਾਬਾ ਬਲਬੀਰ ਸਿੰਘ ਮੁੱਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਸ. ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਮੈਂ ਬਰ, ਸ. ਰਵਿੰਦਰ ਸਿੰਘ ਖਾਲਸਾ ਮੈਂਬਰ, ਐਡੀ. ਸਕੱਤਰ ਸ. ਪਰਮਜੀਤ ਸਿੰਘ ਸਰੋਆ ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ ਅਤੇ ਹੋਰ।

(13 ਮਈ 2016)



ਸਰਹਿੰਦ ਫ਼ਤਹਿ ਦਿਵਸ ਨੂੰ ਸਮਰਪਿਤ ਚੱਪੜਚਿੜੀ ਤੋਂ ਸਜਾਏ ਗਏ ਨਗਰ ਕੀਰਤਨ ਦੇ ਆਰੰਭ ਸਮੇਂ ਅਰਦਾਸ ਕਰਦੇ ਹੋਏ ਗਿਆਨੀ ਹਰਪਾਲ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ। ਅਰਦਾਸ 'ਚ ਸ਼ਾਮਲ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖ਼ਸੀਅਤਾਂ। (12 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਤੇ ਹੋਰ ਸਿੰਘਾਂ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਗੜ੍ਹੀ ਸਾਹਿਬ ਗੁਰਦਾਸ ਨ ਂਗਲ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਸ. ਸੁਖਬੀਰ ਸਿੰਘ ਬਾਦਲ ਉਪ-ਮੁੱਖ ਮੰਤਰੀ ਪੰਜਾਬ, ਜਥੇ. ਸੁੱਚਾ ਸਿੰਘ ਲੰਗਾਹ ਜ਼ਿਲ੍ਹਾ ਪ੍ਰਧਾਨ, ਸ. ਹਰਚਰਨ ਸਿੰਘ ਮੁੱਖ ਸਕੱਤਰ ਤੇ ਸ. ਨਿਰਮਲ ਸਿੰਘ ਕਾਹਲੋਂ ਸਾਬਕਾ ਸਪੀਕਰ। (20 ਮਈ 2016)

(ਪੰਨਾ ੧੮ ਦਾ ਬਾਕੀ)

ਗੁਰੂ ਨੂੰ ਪਹਿਚਾਣ ਲਿਆ ਅਤੇ ਉਨ੍ਹਾਂ ਦੇ ਸਾਹਮਣੇ ਨਤਮਸਤਕ ਹੋ ਕੇ ਆਪਣੀਆਂ ਸੇਵਾਵਾਂ ਅਰਪਿਤ ਕਰ ਦਿੱਤੀਆਂ। ਹੁਣ ਉਹ 'ਗੁਰੂ ਦਾ ਬੰਦਾ' ਬਣ ਗਿਆ। ਗੁਰੂ ਸਾਹਿਬ ਨੇ ਉਸ ਨੂੰ ਅੰਮ੍ਰਿਤ ਛਕਾ ਕੇ ਸਿੰਘ ਸਜਾਇਆ ਅਤੇ 'ਬਹਾਦਰ' ਦਾ ਖਿਤਾਬ ਦੇ ਕੇ ਉਸ ਨੂੰ ਮਾਧੋਦਾਸ ਤੋਂ ਬੰਦਾ ਸਿੰਘ ਬਹਾਦਰ ਬਣਾ ਦਿੱਤਾ ਤੇ ਜ਼ਾਲਮਾਂ ਨੂੰ ਸੋਧਣ ਲਈ ਪੰਜਾਬ ਵੱਲ ਤੋਰਿਆ। ਸਫ਼ਰ ਦੌਰਾਨ ਹੀ ਬਾਬਾ ਬੰਦਾ ਸਿੰਘ ਬਹਾਦਰ ਨੂੰ ਗੁਰੂ ਸਾਹਿਬ ਦੇ ਜੋਤੀ-ਜੋਤਿ ਸਮਾਉਣ ਸੰਨ (੧੭੦੮ ਈ:) ਦੀ ਸੂਚਨਾ ਮਿਲੀ। ਧਨ, ਬਾਰੂਦ ਅਤੇ ਫੌਜ ਦੀ ਅਣਹੋਂਦ ਕਾਰਨ ਅਜੇ ਉਹ ਹਕੂਮਤ ਨਾਲ ਟੱਕਰ ਨਹੀਂ ਸੀ ਲੈਣੀ ਚਾਹੁੰਦੇ। ਕੁਝ ਸਮਾਂ ਬਾਬਾ ਜੀ ਖਰਖੋਦੇ ਦੇ ਪਰਗਨੇ ਵਿਚ ਸਿਹਰੀ-ਖੰਡੇ ਪਿੰਡਾਂ ਨੇੜੇ ਰਹੇ। ਉਥੋਂ ਹੀ ਉਨ੍ਹਾਂ ਨੇ ਗੁਰੂ ਜੀ ਦੇ ਹੁਕਮਨਾਮੇ ਸਿੱਖਾਂ ਵੱਲ ਭੇਜੇ। ਕੁਝ ਮਹੀਨਿਆਂ ਵਿਚ ਬਾਬਾ ਬੰਦਾ ਸਿੰਘ ਬਹਾਦਰ ਨਾਲ ਕਾਫੀ ਸੂਰਮੇ ਆ ਰਲੇ, ਜਿਨ੍ਹਾਂ ਦੀ ਮੱਦਦ ਨਾਲ ਉਨ੍ਹਾਂ ਨੇ ਸਮਾਣਾ ਉੱਤੇ ਹਮਲਾ ਬੋਲ ਦਿੱਤਾ। ਬਾਬਾ ਬੰਦਾ ਸਿੰਘ ਬਹਾਦਰ ਦਾ ਅਗਲਾ ਨਿਸ਼ਾਨਾ ਸਢੌਰਾ ਸੀ। ਰਾਹ ਵਿਚ ਉਨ੍ਹਾਂ ਨੇ ਘੜਾਮ, ਠਸਕਾ ਤੇ ਮੁਸਤਫਾਬਾਦ ਆਦਿ ਨੂੰ ਫਤਹਿ ਕਰਕੇ ਕਪੂਰੀ 'ਤੇ ਧਾਵਾ ਬੋਲਿਆ। ਕਪੂਰੀ ਦਾ ਫੌਜਦਾਰ ਕਦਮੁਦੀਨ ਹਿੰਦੂ ਲੜਕੀਆਂ ਨੂੰ ਆਪਣੀ ਕਾਮ-ਵਾਸਨਾ ਦਾ ਸ਼ਿਕਾਰ ਬਣਾਉਂਦਾ ਸੀ। ਉਸ ਦੇ ਦੁਰਾਚਾਰ ਦੇ ਅੱਡੇ ਨੂੰ ਮਿੱਟੀ ਵਿਚ ਮਿਲਾ ਕੇ ਬਾਬਾ ਬੰਦਾ ਸਿੰਘ ਜੀ ਨੇ ਸਢੌਰੇ ਵੱਲ ਮੂੰਹ ਕੀਤਾ। ਇਥੋਂ ਦੇ ਹਾਕਮ ਉਸਮਾਨ ਖਾਨ ਨੇ ਮੁਸਲਿਮ ਪੀਰ ਸੱਯਦ ਬੁੱਧੂ ਸ਼ਾਹ ਨੂੰ ਇਸ ਲਈ ਕਤਲ ਕਰਵਾ ਦਿੱਤਾ ਸੀ, ਕਿਉਂਕਿ ਉਸ ਨੇ ਭੰਗਾਣੀ ਦੇ ਯੁੱਧ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਮਦਦ ਕੀਤੀ ਸੀ। ਇਥੇ ਵੀ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਫੌਜਾਂ ਨੂੰ ਬੇਮਿਸਾਲ ਸਫ਼ਲਤਾ ਮਿਲੀ। ਬਾਬਾ ਬੰਦਾ ਸਿੰਘ ਬਹਾਦਰ ਦਾ ਅਸਲ ਨਿਸ਼ਾਨਾ ਸਰਹਿੰਦ ਉੱਤੇ ਧਾਵਾ ਬੋਲਣਾ ਸੀ, ਇਥੋਂ ਦੇ ਸੂਬੇਦਾਰ ਵਜ਼ੀਰ ਖਾਨ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ (ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਹਿ ਸਿੰਘ) ਨੂੰ ਨੀਹਾਂ ਵਿਚ ਚਿਣਵਾ ਕੇ ਸ਼ਹੀਦ ਕੀਤਾ ਸੀ। ੧੨ ਮਈ ੧੭੧੦ ਈ: ਨੂੰ ਚੱਪੜਚਿੜੀ ਦੇ ਸਥਾਨ 'ਤੇ ਦੋਹਾਂ ਫੌਜਾਂ ਵਿਚਾਲੇ ਗਹਿਗੱਚ ਲੜਾਈ ਹੋਈ। ਭਾਈ ਫਤਹਿ ਸਿੰਘ ਤੇ ਭਾਈ ਕਰਮ ਸਿੰਘ ਦੀ ਅਗਵਾਈ ਹੇਠ ਸਿੰਘਾਂ ਨੇ ਬਹਾਦਰੀ ਨਾਲ ਫੈਸਲਾਕੁੰਨ ਲੜਾਈ ਲੜੀ ਤੇ ਵਜ਼ੀਰ ਖਾਨ ਨੂੰ ਪਾਰ ਬੁਲਾ ਦਿੱਤਾ। ਸਿੰਘਾਂ ਨੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਦਿੱਤੀ। ਸਿੱਖ ਸੈਨਾ ਜੇਤੂ ਦੀ ਸ਼ਕਲ ਵਿਚ ੧੪ ਮਈ ੧੭੧੦ ਈ: ਨੂੰ ਸਰਹਿੰਦ ਵਿਚ ਦਾਖਲ ਹੋਈ। ਭਾਈ ਬਾਜ ਸਿੰਘ ਨੂੰ ਸਰਹਿੰਦ ਦਾ ਸੂਬੇਦਾਰ ਨਿਯੁਕਤ ਕੀਤਾ ਗਿਆ। ਭਾਈ ਫਤਿਹ ਸਿੰਘ ਨੂੰ ਸਮਾਣਾ ਦਾ ਗਵਰਨਰ ਰਹਿਣ ਦਿੱਤਾ ਗਿਆ। ਥਾਨੇਸਰ ਦੀ ਸੂਬੇਦਾਰੀ ਭਾਈ ਰਾਮ ਸਿੰਘ ਨੂੰ ਸੌਂਪੀ ਗਈ। ਇਸ ਤਰ੍ਹਾਂ ਸਰਹਿੰਦ ਦੀ ਫਤਹਿ ਨੇ ਸਿੱਖਾਂ ਦਾ ਰੁਹਬ ਤੇ ਦਬਦਬਾ ਸਾਰੇ ਪੰਜਾਬ ਵਿਚ ਬਿਠਾ ਦਿੱਤਾ। ਮਲੇਰਕੋਟਲਾ ਅਤੇ ਰਾਏਕੋਟ ਨੂੰ ਜਿੱਤ ਕੇ ਬਾਬਾ ਬੰਦਾ ਸਿੰਘ ਬਹਾਦਰ ਸਰਹਿੰਦ ਆ ਗਿਆ। ਆਪਣੀ ਹਕੂਮਤ ਨੂੰ ਪੱਕਾ ਕਰਕੇ ਉਨ੍ਹਾਂ ਨੇ ਸਿੱਖ ਰਾਜ ਦੀ ਸਥਾਪਨਾ ਦਾ ਪਰਚਮ ਲਹਿਰਾ ਦਿੱਤਾ। ਮੁਖਲਿਸਗੜ੍ਹ ਦਾ ਪੁਰਾਣਾ ਸ਼ਾਹੀ ਕਿਲ੍ਹਾ ਮੁਰੰਮਤ ਕਰਵਾਇਆ, ਜਿਸ ਉੱਤੇ ਸਢੌਰੇ ਦੀ ਜਿੱਤ ਪਿੱਛੋਂ ਬਾਬਾ ਬੰਦਾ ਸਿੰਘ ਬਹਾਦਰ ਨੇ ਅਧਿਕਾਰ ਜਮਾ ਲਿਆ ਸੀ। ਇਹਦਾ ਨਾਂ ਬਦਲ ਕੇ ਲੋਹਗੜ੍ਹ ਰੱਖਿਆ ਅਤੇ ਇਸ ਨੂੰ ਆਪਣੀ ਰਾਜਧਾਨੀ ਬਣਾ ਲਿਆ। ਉਨ੍ਹਾਂ ਦੀ ਕਮਾਨ ਹੇਠ ਖਾਲਸੇ ਦੀ ਭਾਰੀ ਫੌਜ ਸੀ ਤੇ ਉਹ ਕਈ ਇਲਾਕਿਆਂ ਦੇ ਮਾਲਕ ਬਣ ਗਏ ਸਨ। ਉਨ੍ਹਾਂ ਨੇ ਪਹਿਲੀ ਵਾਰ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਂ 'ਤੇ ਫ਼ਾਰਸੀ ਅੱਖਰਾਂ ਵਿਚ ਸਿੱਕਾ ਜਾਰੀ ਕੀਤਾ, ਜਿਸ 'ਤੇ ਲਿਖਿਆ ਸੀ:

**ਸਿੱਕਾ ਜ਼ਦ ਬਰ ਹਰ ਦੋ ਆਲਮ ਤੇਗਿ ਨਾਨਕ ਵਾਹਿਬ ਅਸਤ**
**ਫ਼ਤਿਹ ਗੋਬਿੰਦ ਸਿੰਘ ਸ਼ਾਹਿ-ਸ਼ਾਹਾਨ ਫ਼ਜ਼ਲਿ ਸੱਚਾ ਸਾਹਿਬ ਅਸਤ**

ਆਪਣੇ ਹੁਕਮਨਾਮਿਆਂ, ਫ਼ਰਮਾਨਾਂ ਜਾਂ ਚਿੱਠੀਆਂ ਆਦਿ ਉੱਤੇ ਲਾਉਣ ਲਈ ਉਨ੍ਹਾਂ ਨੇ ਇਕ ਮੋਹਰ ਵੀ ਬਣਵਾਈ, ਜਿਸ ਉੱਤੇ ਵੀ ਸ੍ਰੀ ਗੁਰੂ ਨਾਨਕ ਦੇਵ ਜੀ-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਂ ਵਾਲੇ ਇਹ ਸ਼ਬਦ ਅੰਕਿਤ ਸਨ:

**ਦੇਗੋ ਤੇਗੋ ਫਤਿਹ ਓ ਨੁਸਰਤਿ ਬੇ-ਦਿਰੰਗ ਯਾਫ਼ਤ ਅਜ਼ ਨਾਨਕ ਗੁਰੂ ਗੋਬਿੰਦ ਸਿੰਘ।**

ਜਮਨਾ-ਗੰਗਾ ਅਤੇ ਦੁਆਬੇ ਦੇ ਇਲਾਕਿਆਂ ਵਿਚ ਬਾਬਾ ਬੰਦਾ ਸਿੰਘ ਨੇ ਸਹਾਰਨਪੁਰ, ਜਲਾਲਾਬਾਦ ਤੇ ਨਨੌਤਾ ਆਦਿ ਸ਼ਹਿਰ ਫਤਹਿ ਕੀਤੇ। ਸਰਹਿੰਦ ਦੀ ਫਤਹਿ ਨੇ ਸਿੱਖਾਂ ਵਿਚ ਨਵਾਂ ਜੋਸ਼ ਤੇ ਜਾਗ੍ਰਿਤੀ ਪੈਦਾ ਕਰ ਦਿੱਤੀ ਸੀ। ਮਾਝੇ ਅਤੇ ਹੋਰ ਇਲਾਕੇ ਦੇ ਸਿੰਘਾਂ ਨੇ ਇਕੱਠੇ ਹੋ ਕੇ ਅੰਮ੍ਰਿਤਸਰ ਵਿਚ ਗੁਰਮਤਾ ਸੋਧਿਆ ਅਤੇ ਪੰਜਾਬ ਦੇ ਕਈ ਇਲਾਕਿਆਂ 'ਤੇ ਕਬਜ਼ਾ ਕਰ ਲਿਆ। ਬਟਾਲਾ, ਕਲਾਨੌਰ ਜਿੱਤ ਕੇ ਸਿੱਖ ਲਾਹੌਰ ਤੱਕ ਜਾ ਪੁੱਜੇ। ਸਿੰਘਾਂ ਦਾ ਅਜਿਹਾ ਦਬਦਬਾ ਵੇਖ ਕੇ ਲਾਹੌਰ ਦਾ ਸੂਬੇਦਾਰ ਅਸਲਮ ਖਾਨ ਘਬਰਾ ਗਿਆ। ਮੁਲਾਣਿਆਂ ਨੇ ਹੈਦਰੀ ਝੰਡਾ ਝੁਲਾ ਕੇ ਮੁਗ਼ਲਾਂ ਨੂੰ ਸਿੱਖਾਂ ਵਿਰੁੱਧ ਜਹਾਦ ਕਰਨ ਲਈ ਪ੍ਰੇਰਿਆ। ਸਿੱਖਾਂ ਨੇ ਕਿਲ੍ਹਾ ਭਗਵੰਤ ਰਾਏ ਤੇ ਕੋਟਲਾ ਬੇਗਮ ਤੋਂ ਮੁੜ ਜਹਾਦੀਆਂ ਨੂੰ ਭੀਲੋਵਾਲ ਪਿੰਡ ਨੇੜੇ ਇੰਨੀ ਕਰਾਰੀ ਹਾਰ ਦਿੱਤੀ ਕਿ ਲਾਹੌਰ ਤੋਂ ਬਿਨਾਂ ਸਾਰਾ ਮਾਝਾ ਅਤੇ ਰਿਆੜਕੀ ਦਾ ਇਲਾਕਾ ਉਨ੍ਹਾਂ ਦੇ ਅਧੀਨ ਹੋ ਗਿਆ। ਦੁਆਬੇ ਦੇ ਸਿੰਘਾਂ ਦੀ ਦੁਆਬੇ ਦੇ ਫੌਜਦਾਰ ਸ਼ਮਸ ਖਾਨ ਨਾਲ ਟੱਕਰ ਹੋ ਗਈ। ਸਿੰਘਾਂ ਨੇ ਬਾਬਾ ਬੰਦਾ ਸਿੰਘ ਜੀ ਨੂੰ ਮਦਦ ਲਈ ਸੁਨੇਹਾ ਭੇਜਿਆ। ਰਾਹੋਂ ਵਿਚ ਇਕ ਪੁਰਾਣਾ ਭੱਠਾ ਵੇਖ ਕੇ ਉਸ ਦੀ ਗੜ੍ਹੀ ਬਣਾ ਲਈ। ਸਿੱਖਾਂ ਨੇ ਰਾਹੋਂ ਛੱਡ ਦਿੱਤਾ। ਪਰ ਝਾੜੀਆਂ ਵਿਚ ਛੁਪ ਕੇ ਮੌਕੇ ਦੀ ਨਜ਼ਾਕਤ ਵੇਖਦੇ ਰਹੇ। ਰਾਹੋਂ ਉੱਤੇ ਸਮਦ ਖਾਨ ਨੇ ਕਬਜ਼ਾ ਕੀਤਾ ਹੀ ਸੀ ਕਿ ਸਿੱਖਾਂ ਨੇ ਟਿਕਾਣਿਆਂ 'ਚੋਂ ਨਿਕਲ ਕੇ ਫੌਜਾਂ ਨੂੰ ਭਾਜੜ ਪਾ ਦਿੱਤੀ ਅਤੇ ਰਾਹੋਂ ਉੱਤੇ ਕਬਜ਼ਾ ਕਰ ਲਿਆ। ਸਮਦ ਖਾਨ ਨੇ ਬਹਾਦਰ ਸ਼ਾਹ ਨੂੰ ਮਦਦ ਲਈ ਲਿਖਿਆ। ਦਸੰਬਰ ੧੭੧੦ ਈ: ਨੂੰ ਉਹ ਸ਼ਾਹੀ ਫੌਜ ਲੈ ਕੇ ਲੋਹਗੜ੍ਹ ਦੇ ਨੇੜੇ ਸਢੌਰੇ ਪਹੁੰਚਿਆ ਅਤੇ ਗੜ੍ਹੀ ਦੁਆਲੇ ਘੇਰਾ ਪਾ ਲਿਆ। ਪਰ ੧੦-੧੧ ਦਸੰਬਰ ਦੀ ਰਾਤ ਨੂੰ ਬਾਬਾ ਬੰਦਾ ਸਿੰਘ ਬਹਾਦਰ ਆਪਣੇ ਕੁਝ ਸਾਥੀਆਂ ਸਮੇਤ ਵੈਰੀ ਨੂੰ ਧੋਖਾ ਦੇ ਕੇ ਨਾਹਨ ਦੇ ਇਲਾਕੇ ਵਿਚ ਚਲਿਆ ਗਿਆ। ਬਹਾਦਰ ਸ਼ਾਹ ਨੂੰ ਜਦੋਂ ਇਸ ਗੱਲ ਦਾ ਪਤਾ ਲੱਗਿਆ ਤਾਂ ਉਹ ਲਾਹੌਰ ਵਾਪਸ ਮੁੜ ਗਿਆ। ਇਥੇ ੨੧-੨੨ ਦਸੰਬਰ ੧੭੧੨ ਈ: ਨੂੰ ਉਸ ਦੀ ਮੌਤ ਹੋ ਗਈ। ਉਸ ਦੀ ਮੌਤ ਪਿੱਛੋਂ ਰਾਜ ਗੱਦੀ ਲਈ ਝਗੜਾ ਸ਼ੁਰੂ ਹੋ ਗਿਆ। ਆਖ਼ਰ ਫਰੁੱਖਸੀਅਰ ਰਾਜ ਗੱਦੀ ਦਾ ਮਾਲਕ ਬਣਿਆ। ਇਸ ਦੌਰਾਨ ਸਿੱਖਾਂ ਨੇ ਮੁੜ ਆਪਣੀ ਤਾਕਤ ਇਕੱਠੀ ਕੀਤੀ ਅਤੇ ਕਲਾਨੌਰ, ਲੋਹਗੜ੍ਹ ਅਤੇ ਸਢੌਰਾ ਫਿਰ ਤੋਂ ਆਪਣੇ ਕਬਜ਼ੇ 'ਚ ਕਰ ਲਏ। ਅਕਤੂਬਰ ੧੭੧੩ ਈ: ਤੋਂ ਫਰਵਰੀ ੧੭੧੫ ਈ: ਤਕ ਬਾਬਾ ਬੰਦਾ ਸਿੰਘ ਬਹਾਦਰ ਨੇ ਜੰਮੂ ਵਿਚ ਆਪਣਾ ਟਿਕਾਣਾ ਬਣਾਇਆ। ਇਥੋਂ ਉਹ ਪੰਜਾਬ ਦੇ ਹਾਲਾਤ ਉੱਤੇ ਨਜ਼ਰ ਰੱਖਦੇ ਰਹੇ। ਜੰਮੂ ਤੋਂ ਬਾਬਾ ਬੰਦਾ ਸਿੰਘ ਬਹਾਦਰ ਅਚਾਨਕ ਪੰਜਾਬ ਪਰਤ ਆਏ ਅਤੇ ਅਚਲ ਤੋਂ ਹੁੰਦੇ ਹੋਏ ਬਟਾਲੇ ਪੁੱਜੇ।

ਦੂਜੇ ਪਾਸੇ ਅਬਦੁੱਸਮਦ ਖਾਨ ਨੇ ਵੀ ਹੋਰਨਾਂ ਮੁਗ਼ਲਾਂ ਦੀ ਮਦਦ ਨਾਲ ਬਾਬਾ ਬੰਦਾ ਸਿੰਘ ਬਹਾਦਰ 'ਤੇ ਪੂਰੀ ਨਜ਼ਰ ਰੱਖੀ। ਬਾਬਾ ਬੰਦਾ ਸਿੰਘ ਬਹਾਦਰ ਤੇ ਉਸ ਦੇ ਸਾਥੀ ਗੁਰਦਾਸ ਨੰਗਲ ਦੀ ਕੱਚੀ ਗੜ੍ਹੀ ਵਿਚ ਘੇਰ ਲਏ ਗਏ। ਦੁਸ਼ਮਣਾਂ ਨੇ ਲਗਾਤਾਰ ਅੱਠ ਮਹੀਨੇ ਗੜ੍ਹੀ ਨੂੰ ਪੂਰੀ ਤਰ੍ਹਾਂ ਘੇਰੀ ਰੱਖਿਆ। ਇਸ ਦੌਰਾਨ ਸਿੱਖਾਂ ਕੋਲ ਰਾਸ਼ਨ-ਪਾਣੀ ਮੁੱਕ ਗਿਆ। ਜਿਊਂਦੇ ਰਹਿਣ ਲਈ ਉਨ੍ਹਾਂ ਨੇ ਦਰਖ਼ਤਾਂ ਦੇ ਪੱਤੇ, ਸੱਕ, ਟਾਹਣੀਆਂ, ਘਾਹ, ਜਾਨਵਰਾਂ ਦੀਆਂ ਹੱਡੀਆਂ ਅਤੇ ਆਪਣੇ ਪੱਟਾਂ ਦਾ ਮਾਸ ਚੀਰ ਕੇ ਖਾਧਾ। ਇਸ ਨਾਲ ਕਈ ਸਿੰਘ ਭਿਆਨਕ ਬਿਮਾਰੀਆਂ ਕਾਰਨ ਅਤੇ ਕਈ ਭੁੱਖ ਕਾਰਨ ਸ਼ਹੀਦ ਹੋ ਗਏ। ਪਰ ਇਨ੍ਹਾਂ ਨੇ ਮੁਸ਼ਕਿਲਾਂ ਦੇ ਬਾਵਜੂਦ ਬਾਬਾ ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਬਹਾਦਰ ਸਾਥੀਆਂ ਨੇ ਮੁਗ਼ਲਾਂ ਦਾ ਅੱਠ ਮਹੀਨੇ ਡੱਟ ਕੇ ਟਾਕਰਾ ਕੀਤਾ। ਆਖ਼ਰ ੭ ਦਸੰਬਰ ੧੭੧੫ ਈ: ਨੂੰ ਸ਼ਾਹੀ ਫੌਜਾਂ ਨੇ ਗੜ੍ਹੀ 'ਤੇ ਕਬਜ਼ਾ ਕਰ ਲਿਆ। ਤਿੰਨ ਸੌ ਦੇ ਕਰੀਬ ਸਿੰਘ ਉਥੇ ਹੀ ਸ਼ਹੀਦ ਕਰ ਦਿੱਤੇ ਗਏ। ਬਾਬਾ ਬੰਦਾ ਸਿੰਘ ਬਹਾਦਰ ਨੂੰ ਉਸ ਦੇ ਸਾਥੀਆਂ ਸਮੇਤ ਗ੍ਰਿਫਤਾਰ ਕਰ ਲਿਆ ਗਿਆ। ਇਨ੍ਹਾਂ ਸਾਰਿਆਂ ਨੂੰ ਪਹਿਲਾਂ ਲਾਹੌਰ ਦੀਆਂ ਗਲੀਆਂ ਵਿਚ ਲਿਜਾ ਕੇ ਜਲੂਸ ਕੱਢਿਆ ਗਿਆ, ਫਿਰ ਜ਼ਕਰੀਆ ਖਾਨ ਦੀ ਨਿਗਰਾਨੀ ਹੇਠ ਦਿੱਲੀ ਭੇਜਿਆ ਗਿਆ। ੨੭ ਫਰਵਰੀ, ੧੭੧੬ ਨੂੰ ਇਹ ਕਾਫਲਾ ਦਿੱਲੀ ਪੁੱਜਾ। ਫਰੁੱਖਸੀਅਰ ਦੇ ਹੁਕਮ ਨਾਲ ਬਾਬਾ ਬੰਦਾ ਸਿੰਘ ਬਹਾਦਰ,

ਭਾਈ ਬਾਜ ਸਿੰਘ, ਭਾਈ ਫਤਹਿ ਸਿੰਘ ਤੇ ਕੁਝ ਹੋਰ ਸਿੱਖਾਂ ਨੂੰ ਤ੍ਰਿਪੋਲੀਆ ਜੇਲ੍ਹਖਾਨੇ ਭੇਜ ਦਿੱਤਾ ਗਿਆ। ਬਾਕੀ ਸਿੱਖਾਂ ਨੂੰ ਕਤਲ ਕਰਨ ਲਈ ਕੋਤਵਾਲ ਸਰਬਰਾਹ ਖਾਨ ਦੇ ਹਵਾਲੇ ਕਰ ਦਿੱਤਾ। ਹਰ ਰੋਜ਼ ੧੦੦ ਸਿੱਖ ਕਤਲ ਕੀਤੇ ਜਾਂਦੇ ਤੇ ਰਾਤੀਂ ਛਕੜਿਆਂ ਉੱਤੇ ਲੱਦ ਕੇ ਉਨ੍ਹਾਂ ਦੀਆਂ ਲਾਸ਼ਾਂ ਨੂੰ ਬਾਹਰ ਦਰੱਖਤਾਂ ਨਾਲ ਟੰਗ ਦਿੱਤਾ ਜਾਂਦਾ। ੯ ਜੂਨ ੧੭੧੬ ਈ: ਨੂੰ ਬਾਬਾ ਬੰਦਾ ਸਿੰਘ ਬਹਾਦਰ ਉਨ੍ਹਾਂ ਦੇ ਪੁੱਤਰ ਅਜੈ ਸਿੰਘ, ਭਾਈ ਫਤਹਿ ਸਿੰਘ, ਭਾਈ ਬਾਜ ਸਿੰਘ ਅਤੇ ਕੁਝ ਹੋਰ ਸਿੱਖਾਂ ਨੂੰ ਇਬਰਾਹੀਮ ਖਾਨ, ਮੀਰ ਆਤਿਸ਼ ਅਤੇ ਸਰਬਰਾਹ ਖਾਨ ਕੋਤਵਾਲ ਦੀ ਨਿਗਰਾਨੀ ਹੇਠ ਕਿਲ੍ਹੇ ਤੋਂ ਬਾਹਰ ਕੱਢਿਆ ਗਿਆ। ਇਸ ਸਮੇਂ ਵੀ ਬਾਬਾ ਬੰਦਾ ਸਿੰਘ ਬਹਾਦਰ ਨੂੰ ਲੋਹੇ ਦੀਆਂ ਬੇੜੀਆਂ ਵਿਚ ਜਕੜਿਆ ਹੋਇਆ ਸੀ। ਫਿਰ ਉਸ ਨੂੰ ਹਾਥੀ ਤੋਂ ਉਤਾਰ ਕੇ ਇਸਲਾਮ ਜਾਂ ਮੌਤ 'ਚੋਂ ਕਿਸੇ ਇਕ ਦੀ ਚੋਣ ਕਰਨ ਬਾਰੇ ਕਿਹਾ ਗਿਆ। ਪਰ ਬਾਬਾ ਬੰਦਾ ਸਿੰਘ ਬਹਾਦਰ ਨੇ ਇਕ ਸਿਦਕੀ ਤੇ ਸੱਚੇ ਸਿੱਖ ਵਾਂਗ ਮੌਤ ਨੂੰ ਪਹਿਲ ਦਿੱਤੀ। ਉਨ੍ਹਾਂ ਦੇ ਚਾਰ ਸਾਲਾ ਬੱਚੇ ਅਜੈ ਸਿੰਘ ਨੂੰ ਉਨ੍ਹਾਂ ਦੇ ਸਾਹਮਣੇ ਕਤਲ ਕਰਕੇ ਉਸ ਦਾ ਤੜਫਦਾ ਦਿਲ ਬਾਬਾ ਬੰਦਾ ਸਿੰਘ ਬਹਾਦਰ ਦੇ ਮੂੰਹ ਵਿਚ ਤੁੰਨਿਆ ਗਿਆ। ਫਿਰ ਉਨ੍ਹਾਂ ਦੀ ਸੱਜੀ ਅੱਖ ਕੱਢੀ ਗਈ, ਫਿਰ ਖੱਬਾ ਪੈਰ ਵੱਢਿਆ ਗਿਆ, ਫਿਰ ਉਨ੍ਹਾਂ ਦੇ ਦੋਵੇਂ ਹੱਥ ਕੱਟ ਦਿੱਤੇ ਗਏ ਅਤੇ ਆਖਰ ਲਾਲ ਅੰਗਿਆਰ ਚਿਮਟੀਆਂ ਨਾਲ ਉਨ੍ਹਾਂ ਦੇ ਸਰੀਰ ਦਾ ਮਾਸ ਨੋਚਿਆ ਗਿਆ ਤੇ ਉਸ ਦਾ ਅੰਗ-ਅੰਗ ਵੱਖ ਕਰ ਦਿੱਤਾ ਗਿਆ। ਇਨ੍ਹਾਂ ਸਾਰੇ ਤਸੀਹਿਆਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਨੇ ਬੜੇ ਜਿਗਰੇ ਅਤੇ ਸਿੱਖੀ ਸਿਦਕ ਨਾਲ ਸਹਾਰਿਆ। ਇਉਂ ਅਕਹਿ ਤੇ ਅਸਹਿ ਕਸ਼ਟ ਸਹਾਰ ਕੇ ਅਤੇ ਆਪਣੇ ਧਰਮ ਵਿਚ ਪੱਕਾ ਰਹਿ ਕੇ ਉਹ ਸ਼ਹੀਦੀ ਪ੍ਰਾਪਤ ਕਰ ਗਿਆ।

ਬਾਬਾ ਬੰਦਾ ਸਿੰਘ ਬਹਾਦਰ ਦੀ ਯਾਦ ਵਿਚ ਹੇਠ ਲਿਖੀਆਂ ਇਤਿਹਾਸਕ ਯਾਦਗਾਰਾਂ ਪੰਜਾਬ ਅਤੇ ਪੰਜਾਬ ਤੋਂ ਬਾਹਰ ਮਿਲਦੀਆਂ ਹਨ:

੧. ਜੰਮੂ ਦੇ ਪਹਾੜੀ ਇਲਾਕੇ ਵਿਚ ਕੱਟੜੇ ਤੋਂ ਸੱਤ ਕੋਹ ਅਤੇ ਰਿਆਸੀ ਤੋਂ ਨੌਂ ਮੀਲ ਦੂਰ ਝਨਾਂ ਦੇ ਕੰਢੇ ਇਕ ਬੜਾ ਦਿਲਖਿਚਵਾਂ ਸਥਾਨ ਹੈ- ਡੇਰਾ ਬਾਬਾ ਬੰਦਾ ਸਾਹਿਬ। ਇਥੇ ਆ ਕੇ ਬਾਬਾ ਬੰਦਾ ਸਿੰਘ ਬਹਾਦਰ ਸਿੱਖ ਸੈਨਾ ਨੂੰ ਯੁੱਧ ਦੀ ਸਿੱਖਿਆ ਦਿੰਦਾ ਰਿਹਾ।

੨. ਸਰਹਿੰਦ ਤੋਂ ਕੁਝ ਦੂਰ ਅੱਗੇ ਗੁਰਦੁਆਰਾ ਫਤਹਿਗੜ੍ਹ ਸਾਹਿਬ ਦੀ ਡਿਉਢੀ 'ਤੇ ਬਾਬਾ ਬੰਦਾ ਸਿੰਘ ਬਹਾਦਰ ਗੇਟ ਬਣਿਆ ਹੋਇਆ ਹੈ।

੩. ਫਤਹਿਗੜ੍ਹ ਸਾਹਿਬ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਂ 'ਤੇ ਇੰਜੀਨੀਅਰਿੰਗ ਕਾਲਜ ਸਥਾਪਤ ਹੈ, ਜੋ ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਪ੍ਰਬੰਧ ਅਧੀਨ ਹੈ।

੪. ਧਾਰੀਵਾਲ ਤੋਂ ਗੁਰਦਾਸਪੁਰ ਜਾਂਦਿਆਂ ਗੁਰਦਾਸ ਨੰਗਲ ਦੀ ਥੇਹ 'ਤੇ ਇਕ ਯਾਦਗਾਰੀ ਗੁਰਦੁਆਰਾ ਹੈ। ਇਥੋਂ ਹੀ ਬਾਬਾ ਬੰਦਾ ਸਿੰਘ ਬਹਾਦਰ ਤੇ ਉਨ੍ਹਾਂ ਦੇ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ।

੫. ਨਾਂਦੇੜ (ਮਹਾਂਰਾਸ਼ਟਰ) ਵਿਖੇ ਗੁਰਦੁਆਰਾ ਬੰਦਾ ਘਾਟ ਹੈ। ਇਥੇ ਹੀ ਸੰਨ ੧੭੦੮ ਈ: ਵਿਚ ਮਾਧੋਦਾਸ ਬੈਰਾਗੀ ਵਜੋਂ ਬਾਬਾ ਬੰਦਾ ਸਿੰਘ ਬਹਾਦਰ ਦੀ ਸ੍ਰੀ ਗੁਰੂ ਗੋਬਿੰਦ ਸਿੰਘ ਨਾਲ ਮੁਲਾਕਾਤ ਹੋਈ।

੬. ਗ੍ਰੇਟਰ ਮੋਹਾਲੀ ਸਰਹਿੰਦ ਵਿਖੇ ਗੁਰਦੁਆਰਾ ਸ਼ਹੀਦ ਗੰਜ, ਮੈਦਾਨ ਚੱਪੜਚਿੜੀ ਹੈ, ਜਿਥੇ ਸੂਬਾ ਸਰਹਿੰਦ ਵਜ਼ੀਰ ਖਾਨ ਅਤੇ ਬਾਬਾ ਬੰਦਾ ਸਿੰਘ ਬਹਾਦਰ ਵਿਚਕਾਰ ਹੋਈ ਫੈਸਲਾਕੁੰਨ ਲੜਾਈ ਵਿਚ ਵਜ਼ੀਰ ਖਾਨ ਮਾਰਿਆ ਗਿਆ ਅਤੇ ਅਨੇਕਾਂ ਸਿੰਘ-ਸਿੰਘਣੀਆਂ ਸ਼ਹੀਦ ਹੋਏ ਸਨ।

੭. ਸਢੌਰਾ ਤੋਂ ਕਰੀਬ ੨੦ ਕਿਲੋਮੀਟਰ ਦੂਰ ਗੁਰਦੁਆਰਾ ਕਿਲ੍ਹਾ ਲੋਹਗੜ੍ਹ ਹੈ, ਜਿਸ ਦਾ ਪਹਿਲਾ ਨਾਂ ਮੁਖਲਿਸਗੜ੍ਹ ਸੀ, ਇਸ ਨੂੰ ਸਿੱਖਾਂ ਦੀ ਪਹਿਲੀ ਰਾਜਧਾਨੀ ਹੋਣ ਦਾ ਮਾਣ ਪ੍ਰਾਪਤ ਹੈ। ਇਥੇ ਹੀ ਸਿੱਖ ਰਾਜ ਦੀ ਨੀਂਹ ਰੱਖੀ ਗਈ।

੮. ਦਿੱਲੀ ਵਿਖੇ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ, ਮਹਿਰੌਲੀ ਹੈ। ਇਸ ਥਾਂ 'ਤੇ ਬਾਬਾ ਬੰਦਾ ਸਿੰਘ ਬਹਾਦਰ,

ਉਨ੍ਹਾਂ ਦੇ ਮਾਸੂਮ ਬੱਚੇ ਅਜੈ ਸਿੰਘ ਅਤੇ ਪ੍ਰਮੁੱਖ ਸਿੰਘਾਂ ਨੂੰ ਸ਼ਹੀਦ ਕੀਤਾ ਗਿਆ ਸੀ।

ਪੰਜਾਬੀ ਦੇ ਇਕ ਚਰਚਿਤ ਕਵੀ ਸ. ਹਰਸਾ ਸਿੰਘ 'ਚਾਤਰ' ਨੇ ਇਸ ਮਹਾਨ ਸ਼ਹੀਦ ਨੂੰ ਆਪਣੀ ਸ਼ਰਧਾਂਜਲੀ ਭੇਟ ਕਰਦਿਆਂ ਲਿਖਿਆ ਹੈ:


**ਬਰਕਤ ਪਾ ਦਸਮੇਸ਼ ਦੀ, ਬਣਿਆ ਬੰਦਾ ਸਿੰਘ ਬਲਕਾਰੀ।**
**ਡੌਲੇ ਉਹਦੇ ਲੋਹੇ ਦੇ, ਛਾਤੀ ਅਹਿਰਣ ਵਰਗੀ ਭਾਰੀ।**
**ਅੱਖਾਂ ਬਲਣ ਮਤਾਬੀਆਂ, ਫੂਕ ਸੁੱਟਣੀ ਜ਼ੁਲਮਤ ਸਾਰੀ।**
**ਕੱਦ ਕਾਠ ਵਰਿਆਮ ਦਾ, ਤੁਰਦੀ-ਫਿਰਦੀ ਜਿਵੇਂ ਅਟਾਰੀ।**
**ਹਾਥੀ ਢਾਹੇ ਓਸ ਨੇ, ਸ਼ੇਰਾਂ 'ਤੇ ਪਾਈ ਅਸਵਾਰੀ।**
**ਮਾਰ ਵਜੀਦੇ ਖਾਨ ਨੂੰ, ਧਰਤੋਂ ਭਾਰੀ ਪੰਡ ਉਤਾਰੀ।**
**ਰੱਤ ਵਿਚ ਡੋਬੇ ਓਸ ਨੇ, ਦੇਸ਼ ਧ੍ਰੋਹੀ ਤੇ ਹੰਕਾਰੀ।**
**ਸੁਣ-ਸੁਣ ਉਹਦੀਆਂ ਚੜ੍ਹਤਲਾਂ, ਕੰਬੇ ਦਿੱਲੀ ਕਰਮਾਂ ਮਾਰੀ।**
**ਆਖ਼ਰ ਫਸਿਆ ਪਿੰਜਰੇ, ਸਫ਼ਲ ਹੋਏ ਚਾਲੇ ਸਰਕਾਰੀ।**
**ਮਰਨੋਂ ਮੂਲ ਨਾ ਡੋਲਿਆ, ਦੇਸ਼ ਭਗਤ ਸੱਚ ਦਾ ਹਿਤਕਾਰੀ।**
**ਬੋਟੀ ਬੋਟੀ ਹੋ ਗਿਆ, ਸਿੱਖੀ ਨਹੀਂ ਸੂਰਮੇ ਹਾਰੀ।**
**ਵਿਰਲੇ ਜੰਮਣ ਜੱਗ 'ਤੇ, ਇਹੋ ਜਿਹੇ 'ਚਾਤਰ' ਉਪਕਾਰੀ।**
**ਜਿਨ੍ਹਾਂ ਦੇਸ਼ ਤੋਂ ਜਿੰਦੜੀ ਵਾਰੀ।**

■

# ਕਵਿਤਾਵਾਂ ਭੇਜਣ ਲਈ ਸੱਦਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਪਾਉਂਟਾ ਸਾਹਿਬ ਵਿਖੇ ਇੱਕ ਵਿਸ਼ੇਸ਼ ਕਵੀ-ਦਰਬਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕਵੀ-ਦਰਬਾਰ ਲਈ ੫੨ ਕਵੀਆਂ ਦੀ ਚੋਣ ਕੀਤੀ ਜਾਣੀ ਹੈ। ਇਸ ਵਿਚ ਭਾਗ ਲੈਣ ਦੇ ਚਾਹਵਾਨ ਕਵੀਆਂ ਲਈ ਖੁੱਲ੍ਹਾ ਸੱਦਾ ਹੈ ਕਿ ਉਹ ਆਪਣੀ ਕਵਿਤਾ ਆਪਣੇ ਪੂਰੇ ਪਤੇ ਤੇ ਫ਼ੋਨ ਨੰਬਰ ਸਮੇਤ ੩੦ ਜੂਨ, ੨੦੧੬ ਤਕ ਈਮੇਲ **info@sgpc.net** 'ਤੇ ਅਨਮੋਲ ਲਿਪੀ **(AnmolLipi)** ਫ਼ੌਂਟ ਵਿਚ ਜਾਂ ਐਡੀ. ਸਕੱਤਰ ਪਬਲੀਸਿਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਨਾਮ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ। ਕਵੀ-ਦਰਬਾਰ ਲਈ ਚੁਣੀਆਂ ਹੋਈਆਂ ਕਵਿਤਾਵਾਂ ਦੇ ਕਵੀ ਸਾਹਿਬਾਨ ਨੂੰ ਹੀ ਇਸ ਵਿਚ ਭਾਗ ਲੈਣ ਲਈ ਸੱਦਾ-ਪੱਤਰ ਭੇਜਿਆ ਜਾਵੇਗਾ। ਕਵਿਤਾ ਦਾ ਵਿਸ਼ਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਸਬੰਧਿਤ ਕਿਸੇ ਵੀ ਪੱਖ ਉੱਪਰ ਹੋ ਸਕਦਾ ਹੈ। ਚੁਣੀਆਂ ਗਈਆਂ ਕਵਿਤਾਵਾਂ ਦੇ ਕਵੀਆਂ ਨੂੰ ਸਨਮਾਨਯੋਗ ਸੇਵਾ-ਫਲ ਦਿੱਤਾ ਜਾਵੇਗਾ। ਇਨ੍ਹਾਂ ਕਵਿਤਾਵਾਂ ਨੂੰ ਕਿਤਾਬ ਦੇ ਰੂਪ ਵਿਚ ਛਾਪ ਕੇ ਕਵੀ-ਦਰਬਾਰ ਵਾਲੇ ਦਿਨ ਰਿਲੀਜ਼ ਕੀਤਾ ਜਾਵੇਗਾ।

**ਸਕੱਤਰ, ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ੍ਰੀ ਅੰਮ੍ਰਿਤਸਰ।**



# ਛਠਮੁ ਪੀਰੁ ਬੈਠਾ ਗੁਰੁ ਭਾਰੀ

*-ਦਿਲਜੀਤ ਸਿੰਘ 'ਬੇਦੀ'**

ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੀ ਸ਼ਖ਼ਸੀਅਤ ਦੇ ਅਨੇਕਾਂ ਗੁਣ ਹਨ। ਉਨ੍ਹਾਂ ਨੂੰ ਕਈ ਵਿਸ਼ੇਸ਼ਣਾਂ ਨਾਲ ਸਤਿਕਾਰਿਆ ਜਾਂਦਾ ਹੈ, ਜਿਵੇਂ; ਮੀਰੀ-ਪੀਰੀ ਦੇ ਮਾਲਕ, ਬੰਦੀਛੋੜ ਸਤਿਗੁਰੂ, ਵਡ ਯੋਧਾ, ਪਰਉਪਕਾਰੀ, ਗੁਰ-ਭਾਰੀ ਆਦਿ। ਭਾਈ ਗੁਰਦਾਸ ਜੀ ਆਪ ਜੀ ਦੀ ਸ਼ਖ਼ਸੀਅਤ ਨੂੰ ਬਿਆਨ ਕਰਦਿਆਂ ਲਿਖਦੇ ਹਨ:

**ਪੰਜਿ ਪਿਆਲੇ ਪੰਜਿ ਪੀਰ ਛਠਮੁ ਪੀਰੁ ਬੈਠਾ ਗੁਰੁ ਭਾਰੀ।**
**ਅਰਜਨ ਕਾਇਆ ਪਲਟਿਕੈ ਮੂਰਤਿ ਹਰਿਗੋਬਿੰਦ ਸਵਾਰੀ।**
**ਚਲੀ ਪੀੜੀ ਸੋਢੀਆ ਰੂਪੁ ਦਿਖਾਵਣਿ ਵਾਰੋ ਵਾਰੀ।**
**ਦਲਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ।**

*(ਵਾਰ ੧/੪੮)*

ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਪ੍ਰਕਾਸ਼ ੧੫੯੫ ਈ: ਨੂੰ ਗੁਰੂ ਕੀ ਵਡਾਲੀ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਮਾਤਾ ਗੰਗਾ ਜੀ ਦੇ ਘਰ ਹੋਇਆ। ਪੰਚਮ ਪਾਤਸ਼ਾਹ ਜੀ ਨੇ ਬਚਨ ਉਚਾਰੇ:

**ਸਤਿਗੁਰ ਸਾਚੈ ਦੀਆ ਭੇਜਿ॥ ਚਿਰੁ ਜੀਵਨੁ ਉਪਜਿਆ ਸੰਜੋਗਿ॥**
**ਉਦਰੈ ਮਾਹਿ ਆਇ ਕੀਆ ਨਿਵਾਸੁ॥ ਮਾਤਾ ਕੈ ਮਨਿ ਬਹੁਤੁ ਬਿਗਾਸੁ॥**
**ਜੰਮਿਆ ਪੂਤੁ ਭਗਤੁ ਗੋਵਿੰਦ ਕਾ॥ ਪ੍ਰਗਟਿਆ ਸਭ ਮਹਿ ਲਿਖਿਆ ਧੁਰ ਕਾ॥**

*(ਪੰਨਾ ੩੯੬)*

ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸਾਹਿਬਜ਼ਾਦੇ ਦੇ ਜਨਮ ਦੀ ਖੁਸ਼ੀ ਵਿਚ ਲੋਕਾਂ ਦੀ ਲੋੜ ਨੂੰ ਮੁੱਖ ਰਖ ਕੇ ਛੇ ਹਰਟਾਂ ਵਾਲਾ ਖੂਹ ਲਗਵਾਇਆ। ਇਹ ਅਸਥਾਨ ਅੱਜ ਇੱਕ ਵੱਡਾ ਕਸਬਾ ਹੈ ਅਤੇ ਛੇਹਰਟਾ ਸਾਹਿਬ ਕਰਕੇ ਜਾਣਿਆ ਜਾਂਦਾ ਹੈ। ਹੁਣ ਇਹ ਅੰਮ੍ਰਿਤਸਰ ਦਾ ਹੀ ਇੱਕ ਹਿੱਸਾ ਬਣ ਚੁੱਕਾ ਹੈ।

ਸ੍ਰੀ ਗੁਰੂ ਹਰਿਗੋਬਿੰਦ ਜੀ ਦਾ ਬਚਪਨ ਗੁਰੂ ਕੀ ਵਡਾਲੀ ਵਿਚ ਹੀ ਬੀਤਿਆ। ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਗੁਰਗੱਦੀ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਦੇਣ ਕਾਰਨ ਪ੍ਰਿਥੀ ਚੰਦ ਬਹੁਤ ਈਰਖਾ ਕਰਦਾ ਸੀ। ਉਹ ਲਗਾਤਾਰ ਗੁਰੂ-ਘਰ ਉੱਤੇ ਹਮਲੇ ਕਰਦਾ ਆ ਰਿਹਾ ਸੀ। ਬਾਲ (ਗੁਰੂ) ਹਰਿਗੋਬਿੰਦ ਜੀ ਦੇ ਜਨਮ 'ਤੇ ਪ੍ਰਿਥੀ ਚੰਦ ਹੋਰ ਈਰਖਾਲੂ ਹੋ ਗਿਆ। ਪ੍ਰਿਥੀਏ ਅਤੇ ਉਸ ਦੇ ਪਰਵਾਰ ਦੀਆਂ ਆਸਾਂ 'ਤੇ ਪਾਣੀ ਫਿਰ ਗਿਆ, ਕਿਉਂਕਿ ਉਹ ਇਹ ਆਸ ਲਾਈ ਬੈਠੇ ਸਨ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਕੋਈ ਉਲਾਦ ਨਹੀਂ ਹੈ, ਇਸ ਲਈ ਉਨ੍ਹਾਂ ਤੋਂ ਪਿੱਛੋਂ ਸਾਡਾ ਪੁੱਤਰ ਮੇਹਰਬਾਨ ਹੀ ਗੱਦੀ 'ਤੇ ਬੈਠੇਗਾ। ਉਹ ਬਾਲ ਹਰਿਗੋਬਿੰਦ ਜੀ ਨੂੰ ਖਤਮ ਕਰਨਾ ਚਾਹੁੰਦਾ ਸੀ। ਇਸ ਵਾਸਤੇ ਉਸ ਵੱਲੋਂ ਕਈ ਢੰਗਾਂ

**ਐਡੀ. ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

ਨਾਲ ਹਮਲੇ ਕਰਵਾਏ ਗਏ। ਇੱਕ ਦਾਈ ਦੀਆਂ ਛਾਤੀਆਂ ਨੂੰ ਜ਼ਹਿਰ ਲਗਾ ਬਾਲ ਨੂੰ ਦੁੱਧ ਪਿਆ ਕੇ ਮਾਰਨ ਦੀ ਕੋਸ਼ਿਸ ਕੀਤੀ, ਪਰ ਭਾਣਾ ਕਰਤਾ ਪੁਰਖ ਦਾ ਕਿ ਉਹ ਆਪ ਮਰ ਗਈ। ਇਕ ਸਪੇਰੇ ਰਾਹੀਂ ਸੱਪ ਦਾ ਡੰਗ ਮਰਵਾਉਣ ਦੀ ਵਿਉਂਤ ਬਣਾਈ ਪਰ ਸਾਹਿਬਜ਼ਾਦੇ ਨੇ ਸੱਪ ਦਾ ਸਿਰ ਆਪਣੀ ਮੁੱਠੀ ਵਿਚ ਘੁੱਟ ਕੇ ਸੱਪ ਨੂੰ ਖ਼ਤਮ ਕਰ ਦਿੱਤਾ। ਇਹ ਸਾਰੇ ਢੰਗ ਫੇਲ ਹੋ ਜਾਣ 'ਤੇ ਪ੍ਰਿਥੀਏ ਨੇ ਇੱਕ ਰਸੋਈਏ ਨੂੰ ਪੈਸੇ ਦਾ ਲਾਲਚ ਦੇ ਕੇ ਦਹੀਂ ਵਿਚ ਜ਼ਹਿਰ ਮਿਲਾ ਦਿਤਾ। ਇਹ ਭੇਦ ਵੀ ਖੁੱਲ ਗਿਆ ਅਤੇ ਪਾਪੀ ਰਸੋਈਆ ਸੂਲ ਨਾਲ ਮਰ ਗਿਆ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਬਚਨ ਕਹੇ:

**ਲੇਪੁ ਨ ਲਾਗੋ ਤਿਲ ਕਾ ਮੂਲਿ॥ ਦੁਸਟੁ ਬ੍ਰਾਹਮਣੁ ਮੂਆ ਹੋਇ ਕੈ ਸੂਲ॥੧॥**
**ਹਰਿ ਜਨ ਰਾਖੇ ਪਾਰਬ੍ਰਹਮਿ ਆਪਿ॥ ਪਾਪੀ ਮੂਆ ਗੁਰ ਪਰਤਾਪਿ॥੧॥ਰਹਾਉ॥**
**ਅਪਣਾ ਖਸਮੁ ਜਨਿ ਆਪਿ ਧਿਆਇਆ॥ ਇਆਣਾ ਪਾਪੀ ਓਹੁ ਆਪਿ ਪਚਾਇਆ॥੨॥**
**ਪ੍ਰਭ ਮਾਤ ਪਿਤਾ ਅਪਣੇ ਦਾਸ ਕਾ ਰਖਵਾਲਾ॥ ਨਿੰਦਕ ਕਾ ਮਾਥਾ ਈਹਾਂ ਊਹਾ ਕਾਲਾ॥੩॥**
**ਜਨ ਨਾਨਕ ਕੀ ਪਰਮੇਸਰਿ ਸੁਣੀ ਅਰਦਾਸਿ॥ ਮਲੇਛੁ ਪਾਪੀ ਪਚਿਆ ਭਇਆ ਨਿਰਾਸੁ॥੪॥**

*(ਪੰਨਾ ੧੧੩੭)*

ਇਸੇ ਤਰ੍ਹਾਂ ਫਿਰ ਸ੍ਰੀ (ਗੁਰੂ) ਹਰਿਗੋਬਿੰਦ ਜੀ 'ਤੇ ਪ੍ਰਿਥੀ ਚੰਦ ਵੱਲੋਂ ਕਈ ਹਮਲੇ ਕਰਵਾਏ ਜਾਂਦੇ ਰਹੇ ਪਰ ਪਰਮਾਤਮਾ ਦੀ ਰਹਿਮਤ ਸਦਕਾ ਵਾਲ ਵੀ ਵਿੰਗਾ ਨਾ ਹਇਆ।

ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ (ਗੁਰੂ) ਹਰਿਗੋਬਿੰਦ ਜੀ ਦੀ ਵਿੱਦਿਆ ਦਾ ਵਿਸ਼ੇਸ ਪ੍ਰਬੰਧ ਕੀਤਾ। ਬਾਬਾ ਬੁੱਢਾ ਜੀ ਦੀ ਨਿਗਰਾਨੀ ਵਿਚ ਜਿਥੇ ਆਪ ਜੀ ਨੂੰ ਗੁਰੂ-ਘਰ ਦੀ ਵਿੱਦਿਆ ਅਤੇ ਸ਼ਾਸਤਰਾਂ ਦੀ ਸਿੱਖਿਆ ਦਿੱਤੀ, ਉਥੇ ਸ਼ਸਤਰ ਵਿੱਦਿਆ ਅਤੇ ਘੋੜ ਸਵਾਰੀ ਵਿਚ ਵੀ ਨਿਪੁੰਨ ਕੀਤਾ। ਆਪ ਸਡੌਲ ਸਰੀਰ ਦੇ ਨਰੋਏ ਅਤੇ ਬਲਵਾਨ ਸਨ। ਭਾਈ ਗੁਰਦਾਸ ਜੀ ਨੇ 'ਦਲਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ' ਕਹਿੰਦਿਆਂ ਆਪ ਜੀ ਦੀ ਬਲਵਾਨਤਾ ਨੂੰ ਬਿਆਨ ਕੀਤਾ ਹੈ।

ਜਦ ਸ੍ਰੀ ਗੁਰੂ ਅਰਜਨ ਦੇਵ ਜੀ ਲਾਹੌਰ ਨੂੰ ਜਾਣ ਲੱਗੇ, ਉਨ੍ਹਾਂ ਨੇ ਸੰਗਤ ਵਿਚ ਐਲਾਨ ਕੀਤਾ ਕਿ ਉਨ੍ਹਾਂ ਪਿੱਛੋਂ ਗੁਰਿਆਈ ਦਾ ਮਾਲਕ ਸਾਹਿਬਜ਼ਾਦਾ ਸ੍ਰੀ ਹਰਿਗੋਬਿੰਦ ਹੋਵੇਗਾ। ਗੁਰੂ ਜੀ ਦੀ ਆਗਿਆ ਅਨੁਸਾਰ ੨੫ ਮਈ ੧੬੦੬ ਈ. ਨੂੰ ਬਾਬਾ ਬੁੱਢਾ ਜੀ ਨੇ ਸ੍ਰੀ ਹਰਿਗੋਬਿੰਦ ਜੀ ਨੂੰ ਗੱਦੀ 'ਤੇ ਬਿਠਾ ਕੇ ਗੁਰਿਆਈ ਦੀ ਰਸਮ ਅਦਾ ਕੀਤੀ। ਉਸ ਵੇਲੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਉਮਰ ੧੧ ਸਾਲ ਦੇ ਕਰੀਬ ਸੀ। ਗੁਰਿਆਈ ਸਮੇਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਬਾਬਾ ਬੁੱਢਾ ਜੀ ਨੂੰ ਦੋ ਕ੍ਰਿਪਾਨਾਂ ਪਾਉਣ ਲਈ ਕਿਹਾ। ਇੱਕ ਸੱਜੇ ਪਾਸੇ ਪਹਿਨੀ ਤੇ ਦੂਜੀ ਖੱਬੇ ਪਾਸੇ। ਇਹ ਦੋ ਕ੍ਰਿਪਾਨਾਂ ਜਿਨ੍ਹਾਂ ਵਿਚ ਇਕ ਮੀਰੀ ਦੀ ਪ੍ਰਤੀਕ ਹੈ ਤੇ ਦੂਜੀ ਪੀਰੀ ਦੀ। ਇਹ ਇਸ ਲਈ ਸੀ, ਕਿਉਂਕਿ ਆਪ ਜੀ ਨੂੰ ਅਹਿਸਾਸ ਹੋ ਗਿਆ ਸੀ ਕਿ ਭਗਤੀ ਦੇ ਨਾਲ ਆਤਮ ਰੱਖਿਆ ਲਈ ਸ਼ਕਤੀ ਦੀ ਬਹੁਤ ਵੱਡੀ ਲੋੜ ਹੈ। ਗੁਰੂ ਸਾਹਿਬ ਜੀ ਨੇ ਸਿੱਖਾਂ ਨੂੰ ਵੀ ਹੁਕਮ ਕੀਤਾ ਕਿ ਅੱਜ ਤੋਂ ਉਹ ਸ਼ਸਤਰ ਵੀ ਪਹਿਨਿਆ ਕਰਨ, ਸਿਮਰਨ ਦੇ ਨਾਲ ਸ਼ਸਤਰ ਅਭਿਆਸ ਵੀ ਕਰਨ।

ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਗੁਰਗੱਦੀ ਨੂੰ ਪਾਤਸ਼ਾਹੀ ਤਖ਼ਤ ਦਾ ਰੂਪ ਦੇ ਦਿੱਤਾ। ਆਪ ਸ਼ਸਤਰ ਪਹਿਨ ਕੇ ਸੀਸ ਉੱਪਰ ਕਲਗੀ ਸਜਾ ਕੇ ਗੁਰਗੱਦੀ ਉੱਪਰ ਬੈਠਦੇ ਸਨ। ਗੁਰੂ ਜੀ ਨੇ ਸੰਗਤਾਂ ਨੂੰ ਹੁਕਮਨਾਮੇ ਭੇਜੇ ਕਿ ਉਹ ਬਾਕੀ ਭੇਟਾਵਾਂ ਦੇ ਨਾਲ ਹੁਣ ਚੰਗੇ ਘੋੜੇ ਅਤੇ ਸ਼ਸਤਰ ਵੀ ਭੇਟ ਕਰਿਆ ਕਰਨ। ਜੋ ਸਿੱਖ ਸ਼ਸਤਰ ਜਾਂ ਘੋੜਾ ਭੇਟ ਕਰਦਾ, ਗੁਰੂ ਜੀ ਉਸ ਉੱਤੇ ਬਹੁਤ ਪ੍ਰਸੰਨ ਹੁੰਦੇ। ਆਪ ਸੰਗਤਾਂ ਨੂੰ ਸਿਮਰਨ ਦੇ ਨਾਲ-ਨਾਲ ਆਪਣੇ ਅੰਦਰ ਸ਼ਕਤੀ ਪੈਦਾ ਕਰਨ ਦੀ ਪ੍ਰੇਰਨਾ ਦਿੰਦੇ। ਉਸ ਸਮੇਂ ਬਾਦਸ਼ਾਹ ਜਹਾਂਗੀਰ ਨੇ ਐਲਾਨ ਕੀਤਾ ਹੋਇਆ ਸੀ ਕਿ ਕੋਈ ਵੀ

ਵਿਅਕਤੀ ਆਪਣੇ ਬੈਠਣ ਲਈ ਥੜਾ ਵੀ ਉੱਚਾ ਨਹੀਂ ਬਣਾ ਸਕਦਾ।


ਆਪ ਜੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਓਢੀ ਦੇ ਸਾਹਮਣੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਚਨਾ ਕੀਤੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੋਹਾਂ ਦਾ ਆਪਣਾ-ਆਪਣਾ ਮਹੱਤਵ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖੀ ਦਾ ਧਾਰਮਿਕ ਚਿੰਨ੍ਹ ਹੈ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸ਼ਕਤੀ ਦਾ ਪ੍ਰਤੱਖ ਪ੍ਰਮਾਣ। ਇਸ ਤਰ੍ਹਾਂ ਛੇਵੇਂ ਪਾਤਸ਼ਾਹ ਜੀ ਨੇ ਸਿੱਖ ਧਰਮ ਦੇ ਕੇਂਦਰੀ ਧਰਮ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਰਕਰਮਾ ਵਿਚ ਹੀ ਰਾਜ-ਸ਼ਕਤੀ ਅਤੇ ਸਿੱਖਾਂ ਦੀ ਵਿਲੱਖਣ ਹੋਂਦ ਦਾ ਪ੍ਰਤੀਕ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ-ਪੰਥ ਨੂੰ ਬਖ਼ਸ਼ ਦਿੱਤਾ। ਸ੍ਰੀ ਗੁਰੂ ਹਰਿਗੋਬਿੰਦ ਜੀ ਦਾ ਤਖ਼ਤ ਤੇ ਬੈਠਣਾ, ਦੋ ਕ੍ਰਿਪਾਨਾਂ ਧਾਰਨ ਕਰਨਾ, ਫੌਜ ਤਿਆਰ ਕਰਨੀ, ਨਗਾਰਾ ਵਜਾਉਣਾ, ਸ਼ਿਕਾਰ ਕਰਨਾ ਵਿਰੋਧੀਆਂ ਨੂੰ ਚੁਭਣ ਲੱਗਾ। ਉਨ੍ਹਾ ਨੇ ਗੁਰੂ ਜੀ ਦੀ ਸ਼ਕਾਇਤ ਜਹਾਂਗੀਰ ਪਾਸ ਕੀਤੀ ਅਤੇ ਕਿਹਾ ਕਿ ਗੁਰੂ ਜੀ ਦੀਆਂ ਇਹ ਤਿਆਰੀਆਂ ਹਕੂਮਤ ਲਈ ਖ਼ਤਰਾ ਹਨ। ਜਹਾਂਗੀਰ ਨੇ ਵਜੀਰ ਖਾਂ ਅਤੇ ਗੁੰਚਾ ਬੇਗ ਨੂੰ ਗੁਰੂ ਜੀ ਨੂੰ ਦਿੱਲੀ ਲਿਆਉਣ ਲਈ ਭੇਜਿਆ। ਗੁਰੂ ਜੀ ਨੇ ਮੁਖੀ ਸਿੱਖਾਂ ਨਾਲ ਸਲਾਹ ਕਰਕੇ ਦਿੱਲੀ ਜਾਣ ਦਾ ਫੈਸਲਾ ਕੀਤਾ। ਗੁਰੂ ਜੀ ਨੇ ਜਮਨਾ ਕੰਢੇ ਇਕ ਬਾਗ ਵਿਚ ਉਤਾਰਾ ਕੀਤਾ। ਆਪ ਜੀ ਦੀ ਆਮਦ ਦੀ ਖ਼ਬਰ ਸੁਣ ਕੇ ਸੰਗਤਾਂ ਦਰਸ਼ਨ ਨੂੰ ਹੁਮ-ਹੁਮਾ ਕੇ ਪੁੱਜੀਆਂ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਕੁਝ ਸਮਾਂ ਇਥੇ ਰੁਕਣ ਤੋਂ ਬਾਅਦ ਬਾਦਸ਼ਾਹ ਨੂੰ ਜਾ ਮਿਲੇ।

ਜਹਾਂਗੀਰ ਨੇ ਵਿਰੋਧੀਆਂ ਦੀਆਂ ਚਾਲਾਂ ਵਿਚ ਆ ਕੇ ਗੁਰੂ ਜੀ ਨੂੰ ਗਵਾਲੀਅਰ ਦੇ ਕਿਲ੍ਹੇ ਵਿਚ ਕੈਦ ਕਰ ਦਿੱਤਾ। ਇਸ ਖ਼ਬਰ ਨੇ ਸਿੱਖਾਂ ਅੰਦਰ ਬੇਚੈਨੀ ਪੈਦਾ ਕਰ ਦਿੱਤੀ। ਕਰੀਬ ਦੋ ਕੁ ਸਾਲ ਦੀ ਕੈਦ ਉਪਰੰਤ ਗੁਰੂ ਜੀ ਦੀ ਰਿਹਾਈ ਹੋਈ। ਆਪ ਨੇ ਆਪਣੀ ਰਿਹਾਈ ਸਮੇਂ ਜਹਾਂਗੀਰ ਦੀ ਕੈਦ ਕੱਟ ਰਹੇ ੫੨ ਰਾਜਿਆਂ ਨੂੰ ਵੀ ਨਾਲ ਰਿਹਾਅ ਕਰਵਾਇਆ। ਜਦੋਂ ਸ੍ਰੀ ਗੁਰੂ ਹਰਿਗੋਬਿੰਦ ਜੀ ਗਵਾਲੀਅਰ ਤੋਂ ਰਿਹਾਅ ਹੋ ਕੇ ਸ੍ਰੀ ਅੰਮ੍ਰਿਤਸਰ ਪਹੁੰਚੇ ਤਾਂ ਸੰਗਤਾਂ ਨੇ ਆਪ ਜੀ ਦੀ ਆਮਦ ਦੀ ਖੁਸ਼ੀ ਵਿਚ ਸ੍ਰੀ ਦਰਬਾਰ ਸਾਹਿਬ ਵਿਖੇ ਘਿਉ ਦੇ ਦੀਵੇ ਜਗਾਏ। ਇਸ ਦਿਨ ਨੂੰ ਸੰਗਤਾਂ ਅੱਜ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਵਿਖੇ ਖੁਸ਼ੀ ਨਾਲ ਬੰਦੀਛੋੜ ਦਿਵਸ ਦੇ ਰੂਪ ਵਿਚ ਮਨਾਉਂਦੀਆਂ ਹਨ। ਇਹ ਨਜ਼ਾਰਾ ਦੇਖਣਯੋਗ ਹੁੰਦਾ ਹੈ।

ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਆਪਣੇ ਜੀਵਨ-ਕਾਲ ਵਿਚ ਜ਼ੁਲਮ ਦੇ ਖਿਲਾਫ਼ ਅੰਮ੍ਰਿਤਸਰ, ਸ੍ਰੀ ਹਰਿਗੋਬਿੰਦਪੁਰ, ਗੁਰੂਸਰ ਮਹਿਰਾਜ ਅਤੇ ਕਰਤਾਰਪੁਰ ਦੀਆਂ ਚਾਰ ਜੰਗਾਂ ਲੜੀਆਂ ਅਤੇ ਜਿੱਤਾਂ ਹਾਸਲ ਕੀਤੀਆਂ। ਆਪ ਜੀ ਨੇ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਅਨੇਕਾਂ ਥਾਵਾਂ ਦਾ ਦੌਰਾ ਕੀਤਾ ਅਤੇ ਕਈ ਨਗਰ ਵਸਾਏ। ਅਖੀਰ ਆਪ ਜੀ ਨੇ ਆਪਣੇ ਪੋਤਰੇ ਸ੍ਰੀ ਹਰਿਰਾਇ ਸਾਹਿਬ ਜੀ ਨੂੰ ਗੁਰਗੱਦੀ ਦੀ ਜ਼ਿੰਮੇਵਾਰੀ ਸੌਂਪ ਦਿੱਤੀ ਅਤੇ ੩ ਮਾਰਚ ੧੬੪੪ ਈ: ਨੂੰ ਜੋਤੀ ਜੋਤਿ ਸਮਾ ਗਏ, ਜਿਸ ਨਾਲ ਸਬੰਧਤ ਅਸਥਾਨ ਕੀਰਤਪੁਰ ਸਾਹਿਬ ਵਿਖੇ ਸੁਸ਼ੋਭਿਤ ਹੈ। ■


## ਅੰਮ੍ਰਿਤ ਸੰਚਾਰ

*ਸ੍ਰੀ ਅਕਾਲ ਤਖ਼ਤ ਸਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।*



# ਸਿੱਖਿਆ, ਸੇਵਾ ਤੇ ਖੇਡਾਂ ਦੇ ਖੇਤਰ ਵਿਚ ਸ਼੍ਰੋਮਣੀ ਕਮੇਟੀ ਦੀ ਭੂਮਿਕਾ

*-ਡਾ. ਬਲਵੰਤ ਸਿੰਘ ਢਿੱਲੋਂ**

ਸਿੱਖ-ਪੰਥ ਦੇ ਧਾਰਮਿਕ ਹਿਤਾਂ ਦੀ ਪਹਿਰੇਦਾਰੀ ਲਈ ਤੱਤਪਰ ਰਹਿਣਾ ਤੇ ਗੁਰਦੁਆਰਿਆਂ ਦਾ ਮਰਯਾਦਾ-ਪੂਰਵਕ ਸੁਚੱਜਾ ਪ੍ਰਬੰਧ ਕਰਨਾ ਸ਼੍ਰੋਮਣੀ ਕਮੇਟੀ ਦਾ ਪ੍ਰਮੁੱਖ ਉਦੇਸ਼ ਹੈ। ਸ਼੍ਰੋਮਣੀ ਕਮੇਟੀ ਦੀ ਸਥਾਪਨਾ ਲਈ ਕੀਤਾ ਸਿੱਖ ਸੰਘਰਸ਼ ਸਿੱਖ ਦੇ ਜੀਵਨ ਵਿਚ ਗੁਰੂ-ਘਰ ਦੇ ਮਹੱਤਵ ਨੂੰ ਉਜਾਗਰ ਕਰਦਾ ਹੈ। ਇਸ ਕਰਕੇ ਹੀ ਸਿੱਖ ਮਾਨਸਿਕਤਾ ਨੇ ਸ਼੍ਰੋਮਣੀ ਕਮੇਟੀ ਨੂੰ ਸਿੱਖ ਜਜ਼ਬਾਤ ਦੀ ਤਰਜਮਾਨੀ ਕਰਨ ਵਾਲੀ ਸੰਸਥਾ ਵਜੋਂ ਪ੍ਰਵਾਨਿਆ ਹੋਇਆ ਹੈ। ਪ੍ਰਬੰਧਾਂ ਤੋਂ ਇਲਾਵਾ ਸਮਾਜਿਕ ਸੇਵਾ, ਸਿੱਖਿਆ, ਸਿਹਤ ਤੇ ਖੇਡਾਂ ਦੇ ਖੇਤਰ ਵਿਚ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਹੱਤਵਪੂਨ ਭੂਮਿਕਾ ਨਿਭਾਈ ਜਾ ਰਹੀ ਹੈ।

ਘੱਟ-ਗਿਣਤੀ ਕੌਮਾਂ ਲਈ ਸਿੱਖਿਆ ਦਾ ਵਿਸ਼ੇਸ਼ ਮਹੱਤਵ ਹੈ। ਇਹ ਹੀ ਇਕ ਸਾਧਨ ਹੈ ਜਿਸ ਦੁਆਰਾ ਘੱਟ-ਗਿਣਤੀਆਂ ਆਪਣੇ ਧਰਮ, ਭਾਸ਼ਾ, ਸਭਿਆਚਾਰ ਨੂੰ ਕਾਇਮ ਰੱਖ ਸਕਦੀਆਂ ਹਨ। ਯਹੂਦੀ ਕੌਮ ਦੀ ਮਿਸਾਲ ਸਭ ਦੇ ਸਾਹਮਣੇ ਹੈ ਕਿ ਕਿਸ ਢੰਗ ਨਾਲ ਉਨ੍ਹਾਂ ਨੇ ਸਿੱਖਿਆ ਦੇ ਸਾਧਨ ਨੂੰ ਵਰਤਦਿਆਂ ਵਿਸ਼ਵ ਭਰ ਵਿਚ ਆਪਣੀ ਇਕ ਨਿਵੇਕਲੀ ਥਾਂ ਬਣਾਈ ਹੈ। ਬਿਨਾਂ ਸ਼ੱਕ ਜਥੇਦਾਰ ਅਵਤਾਰ ਸਿੰਘ ਦੇ ਸੇਵਾ-ਕਾਲ ਦੌਰਾਨ ਧਰਮ ਪ੍ਰਚਾਰ ਤੇ ਸਿੱਖਿਆ ਦੇ ਖੇਤਰ ਵਿਚ ਕੀਤੀਆਂ ਸਰਗਰਮੀਆਂ ਉਲੇਖੀਣਯ ਹਨ ਤੇ ਇਸ ਅਰਸੇ ਦੌਰਾਨ ਦੋ ਦਰਜਨ ਨਵੇਂ ਕਾਲਜ, ੧੩ ਪਬਲਿਕ ਸਕੂਲ, ੫ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਖੋਲ੍ਹੇ ਗਏ। ਸਿੱਖ ਧਰਮ ਦੇ ਬਹੁਪੱਖੀ ਅਧਿਐਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਸਿੱਖ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਦੀ ਸਥਾਪਨਾ ਕਰਨੀ ਸ਼੍ਰੋਮਣੀ ਕਮੇਟੀ ਦੀ ਇਕ ਇਤਿਹਾਸਕ ਪ੍ਰਾਪਤੀ ਹੈ। ਇਸ ਸਮੇਂ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਸਿੱਖਿਆ ਅਧੀਨ ੧੧੧ ਵਿੱਦਿਅਕ ਅਦਾਰੇ ਸਿੱਖਿਆ ਦੇ ਖੇਤਰ ਵਿਚ ਆਪਣੀ ਪਛਾਣ ਸਥਾਪਤ ਕਰਨ ਲੱਗੇ ਹਨ। ਸ਼੍ਰੋਮਣੀ ਕਮੇਟੀ ਆਪਣੇ ਪ੍ਰਬੰਧ ਅਧੀਨ ਚੱਲ ਰਹੇ ਗੁਰੂ ਰਾਮਦਾਸ ਮੈਡੀਕਲ ਕਾਲਜ ਨੂੰ ਯੂਨੀਵਰਸਿਟੀ ਵਜੋਂ ਸਥਾਪਿਤ ਕਰਨ ਦੀ ਪ੍ਰਕਿਰਿਆ ਆਰੰਭ ਕਰ ਚੁੱਕੀ ਹੈ। ਕਿਤਾਮੁਖੀ ਸਿੱਖਿਆ ਦੇ ਖੇਤਰ ਵਿਚ ਬਾਬਾ ਬੰਦਾ ਸਿੰਘ ਇੰਜਨੀਅਰਿੰਗ ਕਾਲਜ ਫਤਹਿਗੜ੍ਹ ਸਾਹਿਬ ਸ਼ਾਨਦਾਰ ਸੇਵਾਵਾਂ ਨਿਭਾਅ ਰਿਹਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਿਆਂ ਦਾ ਪ੍ਰਬੰਧ ਸੰਭਾਲਣ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿਚ ਵੀ ਨਵੀਆਂ ਪੁਲਾਘਾਂ ਪੁੱਟੀਆਂ ਗਈਆਂ ਹਨ। ਆਪਣੇ ਪ੍ਰਬੰਧ ਹੇਠਲੀਆਂ ਸਿੱਖਿਆ ਸੰਸਥਾਵਾਂ ਵਿਚ ਖੇਡ ਰੁਚੀਆਂ ਨੂੰ ਉਤਸ਼ਾਹਿਤ ਤੇ ਪ੍ਰਫੁੱਲਿਤ ਕਰਨ, ਸਿੱਖ ਨੌਜਵਾਨਾਂ ਨੂੰ ਆਪਣੇ ਸ਼ਾਨਮੱਤੇ ਵਿਰਸੇ ਨਾਲ ਜੋੜਣ, ਸਿੱਖੀ ਸਰੂਪ, ਸਿੱਖ ਸੰਸਕਾਰ ਤੇ ਸਿੱਖ ਸਭਿਆਚਾਰ ਪ੍ਰਤੀ ਚੇਤਨਤਾ ਪੈਦਾ ਕਰਨ ਵਾਸਤੇ ਸੰਨ ੨੦੦੨ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖਾਲਸਾਈ ਖੇਡ ਉਤਸਵ ਆਰੰਭੇ ਗਏ ਹਨ। ਜਥੇਦਾਰ ਅਵਤਾਰ ਸਿੰਘ ਦੀ ਰਹਿਨੁਮਾਈ ਹੇਠ ਖਾਲਸਾਈ ਖੇਡਾਂ ਲਈ ਚੁਣੀ ਗਈ ਸੰਸਥਾ ਨੂੰ ਵਿਸ਼ੇਸ਼ ਗ੍ਰਾਂਟ ਤੇ ਜੇਤੂ ਖਿਡਾਰੀਆਂ/ਸੰਸਥਾਵਾਂ ਨੂੰ ਆਕਰਸ਼ਕ ਨਕਦ ਇਨਾਮ ਦੇਣ ਦਾ ਨਿਰਣਾ ਕਰਕੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਕਾਰਜਸ਼ੀਲ ਸੰਸਥਾਵਾਂ ਵਿਚ ਖੇਡ ਸਭਿਆਚਾਰ ਦੀ ਸਿਰਜਣਾ ਕਰਨ ਲਈ ਵੱਡਾ ਕਦਮ ਚੁੱਕਿਆ ਗਿਆ ਹੈ। ਖਾਲਸਾਈ ਖੇਡ ਉਤਸਵ ਵਿਚ ਫੁੱਟਬਾਲ, ਬਾਸਕਟਬਾਲ, ਬੈਡਮਿੰਟਨ, ਕਬੱਡੀ (ਪੰਜਾਬ ਸਟਾਈਲ), ਕਬੱਡੀ (ਨੈਸ਼ਨਲ ਸਟਾਈਲ), ਵਾਲੀਬਾਲ,

*ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਕੇਂਦਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।

ਟੇਬਲ ਟੈਨਿਸ, ਵੇਟ ਲਿਫ਼ਟਿੰਗ, ਹਾਕੀ ਆਦਿ ਖੇਡਾਂ ਤੋਂ ਇਲਾਵਾ ਖਾਲਸਈ ਮਾਰਸ਼ਲ ਖੇਡਾਂ ਜਿਵੇਂ ਗੱਤਕਾ ਅਤੇ ਨੇਜਾਬਾਜ਼ੀ ਆਦਿ ਨੂੰ ਸ਼ਾਮਿਲ ਕਰਕੇ ਸਿੱਖ ਨੌਜਵਾਨ ਵਿਦਿਆਰਥੀਆਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ।

ਪੰਜਾਬ ਦੀ ਪ੍ਰਮੁੱਖ ਖੇਡ ਕਬੱਡੀ ਤੇ ਹਾਕੀ ਨੂੰ ਉਤਸ਼ਾਹਿਤ ਕਰਨ ਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਬਤ-ਸੂਰਤ ਸਿੱਖ ਖਿਡਾਰੀਆਂ ਦੀਆਂ ਵਿਸ਼ੇਸ਼ ਟੀਮਾਂ ਤਿਆਰ ਕੀਤੀਆਂ ਗਈਆਂ ਹਨ ਜੋ ਦੇਸ਼ ਵਿਦੇਸ਼ ਵਿਚ ਹੋਣ ਵਾਲੇ ਕਬੱਡੀ ਤੇ ਹਾਕੀ ਮੁਕਾਬਲਿਆਂ ਵਿਚ ਸ਼ਮੂਲੀਅਤ ਕਰਕੇ ਸਿੱਖ ਪਛਾਣ ਪ੍ਰਤੀ ਜਾਗਰੁਕਤਾ ਪੈਦਾ ਕਰਨ ਵਿਚ ਮਹੱਤਵਪੂਰਣ ਭੂਮਿਕਾ ਅਦਾ ਕਰਨਗੀਆਂ। ਕਬੱਡੀ ਟੀਮ ਨੇ ਕਾਫੀ ਨਾਮਣਾ ਖੱਟ ਕੇ ਆਪਣਾ ਇਕ ਵਿਸ਼ੇਸ਼ ਸਥਾਨ ਬਣਾਇਆ ਹੈ। ਹੁਣ ਸਾਬਤ ਸੂਰਤ ਸਿੱਖ ਖਿਡਾਰੀਆਂ ਦੀ ਹਾਕੀ ਟੀਮ ਤਿਆਰ ਕਰਨ ਦੀਆਂ ਤਿਆਰੀਆਂ ਚੱਲ ਰਹੀਆਂ ਹਨ। ਖਿਡਾਰੀਆਂ ਨੂੰ ਹਾਕੀ ਦੇ ਆਧੁਨਿਕ ਖੇਡ ਮੈਦਾਨ ਦੀ ਸਹੂਲਤ ਪ੍ਰਦਾਨ ਕਰਨ ਲਈ ਫਰੀਦਕੋਟ ਵਿਖੇ ਐਸਟੋਟਰਫ ਮੈਦਾਨ ਨੂੰ ਅਪਣਾਇਆ ਗਿਆ ਹੈ। ਖੁਸ਼ੀ ਦੀ ਗਲ ਹੈ ਕਿ ਹਾਕੀ ਇੰਡੀਆ ਵੱਲੋਂ ਸ਼੍ਰੋਮਣੀ ਕਮੇਟੀ ਦੀ ਹਾਕੀ ਟੀਮ ਨੂੰ ਮਾਨਤਾ ਦੇ ਦਿਤੀ ਹੈ ਤੇ ਉਹ ਹੋਣ ਵਾਲੇ ਹਾਕੀ ਟੂਰਨਾਮੈਂਟਾਂ ਵਿਚ ਸ਼ਮੂਲੀਅਤ ਕਰਕੇ ਸਿੱਖ ਕੌਮ ਦੀ ਨੁਮਇੰਦਗੀ ਕਰੇਗੀ। ਉਹ ਦਿਨ ਦੂਰ ਨਹੀਂ ਜਦੋਂ ਹਾਕੀ ਦੇ ਮੈਦਾਨ ਅੰਦਰ ਮੁੜ ਕੇਸਾਧਾਰੀ ਸਿੱਖ ਖਿਡਾਰੀ ਨਜ਼ਰ ਆਇਆ ਕਰਨਗੇ। ਸ਼ਤਾਬਦੀਆਂ ਮੌਕੇ ਵਿਸ਼ੇਸ਼ ਖਾਲਸਾ ਮਾਰਸ਼ਲ ਆਰਟ ਨਾਲ ਸੰਬੰਧਿਤ ਗੱਤਕਾ ਤੇ ਕਬੱਡੀ ਮੁਕਾਬਲੇ ਕਰਵਾਉਣਾ, ਵੱਖ-ਵੱਖ ਖੇਡਾਂ ਵਿਚ ਭਾਰਤ ਦੀ ਨੁਮਇੰਦਗੀ ਕਰਨ ਵਾਲੇ ਸਾਬਤ ਸੂਰਤ ਸਿੱਖ ਖਿਡਾਰੀਆਂ ਨੂੰ ਸਨਮਾਨਤ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਫਰਜਾਂ ਦੀ ਪੂਰਤੀ ਕਰਨ ਦੇ ਨਾਲ-ਨਾਲ ਸਿੱਖ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਮਹੱਤਵਪੂਣ ਭੂਮਿਕਾ ਨਿਭਾਅ ਰਹੀ ਹੈ।

ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਧਰਮ ਤੇ ਇਤਿਹਾਸ ਦੀ ਖੋਜ ਦੇ ਨਾਲ-ਨਾਲ ਗੁਰਬਾਣੀ ਦੀ ਵਿਆਖਿਆ ਦੇ ਖੇਤਰ ਵਿਚ ਨਵੀਆਂ ਪੁਲਾਘਾਂ ਪੁੱਟੀਆਂ ਗਈਆਂ ਹਨ। ਸਾਕਾ ਨੀਲਾ ਤਾਰਾ ਪਿਛੋਂ ਸਿੱਖ ਰੈਫਰੈਂਸ ਲਾਇਬ੍ਰੇਰੀ ਨੂੰ ਮੁੜ ਸਥਾਪਿਤ ਕਰਨ ਲਈ ਵਿਸ਼ੇਸ਼ ਧਿਆਨ ਦਿਤਾ ਗਿਆ ਹੈ। ਗੁਰਬਾਣੀ ਖਰੜਿਆਂ ਤੇ ਹੋਰ ਦੁਰਲੱਭ ਪੁਸਤਕਾਂ ਦੀ ਸਾਂਭ-ਸੰਭਾਲ ਲਈ ਆਧੁਨਕਿ ਤਕਨੀਕਾਂ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਸਹਿਯੋਗ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਕੇਂਦਰ ਵਿਚ ਗੁਰਬਾਣੀ ਦਾ ਮੁਕੰਮਲ ਟੀਕਾ ਤਿਆਰ ਕਰਨ ਅਤੇ ਸਿੱਖ ਇਤਿਹਾਸ ਸਬੰਧੀ ਉਚ ਪਾਏ ਦੀ ਖੋਜ ਕਰਵਾਉਣ ਲਈ ਸਹਿਯੋਗ ਤੇ ਸਹਾਇਤਾ ਦੇਣ ਦਾ ਇਤਿਹਾਸਕ ਨਿਰਣਾ ਸ਼੍ਰੋਮਣੀ ਕਮੇਟੀ ਵੱਲੋਂ ਕੀਤਾ ਗਿਆ ਹੈ ਜਿਸ ਵਿਚ ਜਥੇਦਾਰ ਅਵਤਾਰ ਸਿੰਘ ਵੱਲੋਂ ਵਿਸ਼ੇਸ਼ ਰੁਚੀ ਦਿਖਾਈ ਗਈ ਹੈ।

ਬਾਬਾ ਬੰਦਾ ਸਿੰਘ ਬਹਾਦਰ ਦੀ ਤੀਜੀ ਸ਼ਹੀਦੀ ਸ਼ਤਾਬਦੀ ਮੌਕੇ ਉਨ੍ਹਾਂ ਦੀ ਯਾਦ ਵਿਚ ਫਤਹਿਗੜ ਸਾਹਿਬ ਵਿਖੇ ਸਿੱਖ ਜੰਗੀ ਪਰੰਪਰਾ ਨੂੰ ਦਰਸਾਉਣ ਵਾਲਾ ਇਕ ਅਜਾਇਬ ਘਰ ਸਥਾਪਿਤ ਕਰਨ ਲਈ ਸ਼੍ਰੋਮਣੀ ਕਮੇਟੀ ਕਾਰਜਸ਼ੀਲ ਹੈ। ਇਸ ਅਜਾਇਬ ਘਰ ਲਈ ਖੂਬਸੂਰਤ ਇਮਾਰਤ ਲਗਭਗ ਮੁਕੰਮਲ ਹੋਣ ਦੇ ਨੇੜੇ ਹੈ। ਇਹ ਅਜਾਇਬ ਘਰ ਆਪਣੀ ਮਿਸਾਲ ਆਪ ਹੋਵੇਗਾ ਜੋ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਪ੍ਰਮੁੱਖ ਜੀਵਨ ਘਟਨਾਵਾਂ, ਉਨ੍ਹਾਂ ਨਾਲ ਸੰਬੰਧਿਤ ਸ਼ਸਤਰਾਂ, ਸਥਾਨਾਂ ਤੇ ਸਿੱਖ ਜੰਗੀ ਕਲਾ ਦੇ ਇਤਿਹਾਸ ਨੂੰ ਖੂਬਸੂਰਤ ਤੇ ਆਕਰਸ਼ਿਤ ਢੰਗ ਨਾਲ ਰੂਪਮਾਨ ਕਰੇਗਾ।

ਧਰਮ ਪ੍ਰਚਾਰ ਦੇ ਖੇਤਰ ਵਿਚ ਉੱਚ ਵਿੱਦਿਆ ਹਾਸਲ ਕਰਨ ਵਾਲੇ ਸਿੱਖਿਅਤ ਪ੍ਰਚਾਰਕਾਂ, ਕਥਾਵਾਚਕਾਂ, ਰਾਗੀਆਂ ਦੀ ਲੋੜ ਨੂੰ ਅਨੁਭਵ ਕਰਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪੰਜ ਸਾਲਾਂ ਦਾ ਪੋਸਟ ਗ੍ਰੈਜੂਏਟ ਕੋਰਸ ਆਰੰਭ ਕਰਨਾ ਸਮੇਂ ਦੇ ਹਾਣੀ ਬਨਣ ਵੱਲ ਚੁੱਕਿਆ ਗਿਆ ਇਕ ਸਹੀ ਕਦਮ ਹੈ। ਇਸ ਸੰਸਥਾ ਵਿਚ ਪੰਜਾਬੀ ਯੂਨੀਵਰਸਿਟੀ ਤੋਂ ਮਾਨਤਾ ਲੈ ਕੇ ਬੀ.ਏ. ਆਨਰਜ ਧਰਮ ਅਧਿਐਨ ਤੇ ਸਿੱਖ ਧਰਮ ਅਧਿਐਨ ਵਿਚ ਐਮ.ਏ. ਕਰਵਾਉਣ ਦੇ ਕੋਰਸ ਪੜ੍ਹਾਉਣ ਦਾ ਇੰਤਜ਼ਾਮ ਕੀਤਾ ਗਿਆ ਹੈ। ਵੱਡੀ ਗੱਲ ਇਹ ਹੈ ਕਿ

ਦਾਖਲਾ ਨਿਰੋਲ ਲਿਖਤੀ ਟੈਸਟ ਤੇ ਮੈਰਟ ਦੇ ਅਧਾਰ ਉਤੇ ਕੀਤਾ ਜਾਂਦਾ ਹੈ ਤੇ ਦਾਖਲ ਕੀਤੇ ਵਿਦਿਆਰਥੀਆਂ ਤੋਂ ਕੋਈ ਫੀਸ ਨਹੀਂ ਲਈ ਜਾਂਦੀ, ਸਗੋਂ ਚੁਣੇ ਵਿਦਿਆਰਥੀਆਂ ਨੂੰ ੧੨੦੦ ਰੁਪਏ ਮਾਸਿਕ ਵਜੀਫਾ ਦਿਤਾ ਜਾਂਦਾ ਹੈ। ਇਸ ਪ੍ਰਕਾਰ ਹੀ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਯਾਦ ਵਿਚ ਬਹਾਦਰਗੜ੍ਹ (ਪਟਿਆਲਾ) ਵਿਖੇ 'ਇੰਸਟੀਚਿਊਟ ਆਫ ਅਡਵਾਂਸਡ ਸਟੱਡੀਜ਼' ਵਿਚ ਵੀ ਸਿੱਖ ਧਰਮ ਅਧਿਐਨ ਵਿਚ ਪੋਸਟ ਗ੍ਰੈਜੂਏਸ਼ਨ ਕਰਵਾਉਣ ਦਾ ਪ੍ਰਬੰਧ ਕੀਤਾ ਗਿਆ ਹੈ। ਇਨ੍ਹਾਂ ਅਦਾਰਿਆਂ ਵਿਚ ਸਿਖਿਆ ਹਾਸਲ ਕਰਨ ਵਾਲੇ ਵਿਦਿਆਰਥੀ ਭਵਿੱਖ ਵਿਚ ਸਿੱਖ ਧਰਮ ਧਰਮ ਦੇ ਪ੍ਰਚਾਰ-ਪ੍ਰਸਾਰ ਵਿਚ ਯਕੀਨਨ ਸ਼ਲਾਘਾਯੋਗ ਸੇਵਾਵਾਂ ਨਿਭਾਉਣਗੇ।

ਸਿੱਖ ਧਰਮ ਨਿਮਾਣਿਆਂ, ਨਿਤਾਣਿਆਂ ਤੇ ਨਿਆਸਰਿਆਂ ਦੀ ਸੇਵਾ ਨੂੰ ਵਿਸ਼ੇਸ਼ ਮਹੱਤਵ ਦਿੰਦਾ ਹੈ। ਗੁਰੂ ਸਾਹਿਬਾਨ ਨੇ ਤਤਕਾਲੀ ਸਮਾਜ ਨੂੰ ਦਰਪੇਸ਼ ਸੰਕਟਕਾਲੀਨ ਪ੍ਰਸਥਿਤੀਆਂ ਮੌਕੇ ਲੋਕਾਂ ਦੀਆਂ ਔਕੜਾਂ ਨੂੰ ਦੂਰ ਕਰਨ ਵਿਚ ਸਰਗਰਮ ਭੂਮਿਕਾ ਨਿਭਾਈ। ਸ਼੍ਰੋਮਣੀ ਕਮੇਟੀ ਇਸ ਪਰੰਪਰਾ ਨੂੰ ਜਾਰੀ ਰੱਖਦਿਆਂ ਸਮਾਜ ਵਿਚ ਲੋੜਵੰਦਾਂ ਤੇ ਦੁਖੀਆਂ ਦੀ ਸਹਾਇਤਾ ਕਰਕੇ ਆਪਣੇ ਧਾਰਮਿਕ ਫਰਜ਼ ਨੂੰ ਪੂਰਿਆਂ ਕਰ ਰਹੀ ਹੈ। ਇਸ ਖੇਤਰ ਵਿਚ ਨਿਪਾਲ ਦੇ ਭੁਚਾਲ ਪੀੜਤਾਂ, ਜੰਮੂ-ਕਸ਼ਮੀਰ ਦੇ ਹੜ੍ਹ-ਪੀੜਤਾਂ, ਵਿਦੇਸ਼ਾਂ ਵਿਚ ਅਖੌਤੀ ਟ੍ਰੈਵਲ ਏਜੰਟਾਂ ਦੀ ਠੱਗੀ ਦਾ ਸ਼ਿਕਾਰ ਲੋਕਾਂ, ਸਹਾਰਨਪੁਰ ਦੇ ਦੰਗਿਆਂ ਦੌਰਾਨ ਅਗਜਨੀ ਦੇ ਸ਼ਿਕਾਰ ਦੁਕਾਨਦਾਰਾਂ, ਕੈਂਸਰ ਵਰਗੀ ਭਿਆਨਕ ਬਿਮਾਰੀ ਦੇ ਪੀੜਤਾਂ ਨੂੰ ਕਰੋੜਾਂ ਰੁਪਏ ਦੀ ਸਹਾਇਤਾ ਬਗੈਰ ਕਿਸੇ ਵਿਤਕਰੇ ਦੇ ਪ੍ਰਦਾਨ ਕੀਤੀ ਗਈ ਹੈ।

ਨਿਰਸੰਦੇਹ ਸਿੱਖਿਆ, ਸਿਹਤ, ਸਮਾਜ ਸੇਵਾ, ਖੇਡਾਂ ਤੇ ਪ੍ਰਚਾਰ ਦੇ ਖੇਤਰ ਵਿਚ ਅਜੇ ਹੋਰ ਬਹੁਤ ਕੁਝ ਕੀਤਾ ਜਾਣਾ ਬਾਕੀ ਹੈ ਪਰ ਪਿਛਲੇ ਦੌਰ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਇਸ ਦਿਸ਼ਾ ਵੱਲ ਕੀਤੀ ਪਹਿਲਕਦਮੀ ਪ੍ਰਸ਼ੰਸਾਯੋਗ ਹੈ, ਜਿਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਵਿਸ਼ੇਸ਼ ਵਧਾਈ ਦੇ ਪਾਤਰ ਹਨ।

■

## ਹਾੜ ਮਹੀਨੇ ਦੇ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ

*ਗੁਰਪੁਰਬ:*

| | |
|---|---|
| * ਪ੍ਰਕਾਸ਼ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ | ੮ ਹਾੜ |

*ਭਗਤ ਸਾਹਿਬਾਨ:*

| | |
|---|---|
| * ਜਨਮ ਭਗਤ ਕਬੀਰ ਜੀ | ੭ ਹਾੜ |

*ਇਤਿਹਾਸਕ ਦਿਹਾੜੇ:*

| | |
|---|---|
| * ਜੋੜ-ਮੇਲਾ ਗੁਰਦੁਆਰਾ ਸ੍ਰੀ ਰੀਠਾ ਸਾਹਿਬ | ੭ ਹਾੜ |
| * ਸ਼ਹੀਦੀ ਬਾਬਾ ਬੰਦਾ ਸਿੰਘ ਬਹਾਦਰ | ੧੧ ਹਾੜ |
| * ਬਰਸੀ ਮਹਾਰਾਜਾ ਰਣਜੀਤ ਸਿੰਘ | ੧੫ ਹਾੜ |
| * ਸਿਰਜਣਾ ਦਿਵਸ ਸ੍ਰੀ ਅਕਾਲ ਤਖ਼ਤ ਸਾਹਿਬ | ੧੮ ਹਾੜ |
| * ਸ਼ਹੀਦੀ ਭਾਈ ਮਨੀ ਸਿੰਘ ਜੀ | ੨੫ ਹਾੜ |
| * ਮੀਰੀ-ਪੀਰੀ ਦਿਵਸ ਪਾਤਸ਼ਾਹੀ ਛੇਵੀਂ | ੩੧ ਹਾੜ |

ਖ਼ਬਰਨਾਮਾ

# ਪੀਲੀਭੀਤ ਦੇ ਪੀੜ੍ਹਤਾਂ ਨੂੰ ਇਨਸਾਫ਼ ਦਿਵਾਉਣ ਲਈ ਸ਼੍ਰੋਮਣੀ ਕਮੇਟੀ ਸੁਪਰੀਮ ਕੋਰਟ ਜਾਏਗੀ- ਜਥੇਦਾਰ ਅਵਤਾਰ ਸਿੰਘ

## ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰਾਲੇ ਨੂੰ ਗੰਭੀਰਤਾ ਨਾਲ ਜਾਂਚ ਕਰਵਾਉਣ ਲਈ ਪੱਤਰ ਲਿਖਿਆ

ਅੰਮ੍ਰਿਤਸਰ- ਪੀਲੀਭੀਤ ਜੇਲ੍ਹ ਅੰਦਰ ਦਸ ਸਿੱਖ ਟਾਡਾ ਬੰਦੀਆਂ ਦੇ ਕੁੱਟ-ਕੁੱਟ ਕੇ ਮਾਰੇ ਜਾਣ ਵਾਲੇ ਬੇਦੋਸ਼ੇ ਸਿੱਖਾਂ ਦੇ ਪਰਿਵਾਰਾਂ ਨੂੰ ਇਨਸਾਫ ਮਿਲਣ ਦੀ ਆਸ ਬੱਝ ਗਈ ਹੈ। ਦਫ਼ਤਰ ਤੋਂ ਜਾਰੀ ਪ੍ਰੈੱਸ ਨੋਟ ਵਿੱਚ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਪੀਲੀਭੀਤ ਕਾਂਡ ਸਬੰਧੀ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰਾਲੇ ਨੂੰ ਪੁਰਜ਼ੋਰ ਪੱਤਰ ਲਿਖਦਿਆਂ ਅਪੀਲ ਕੀਤੀ ਗਈ ਹੈ ਕਿ ਉਹ ਪੀਲੀਭੀਤ ਕਾਂਡ ਸਬੰਧੀ ਗੰਭੀਰਤਾ ਨਾਲ ਪੜਤਾਲ ਕਰਵਾ ਕੇ ਜਲਦ ਤੋਂ ਜਲਦ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਸਜ਼ਾ ਦਿਵਾਉਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਨੁਮਾਇੰਦਾ ਜਮਾਤ ਹੈ ਤੇ ਜਿੱਥੇ ਕਿਤੇ ਵੀ ਸਿੱਖ ਕੌਮ ਦਾ ਘਾਣ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ ਸ਼੍ਰੋਮਣੀ ਕਮੇਟੀ ਹਰ ਉਸ ਜ਼ੁਲਮ ਖਿਲਾਫ਼ ਬੁਲੰਦ ਆਵਾਜ ਉਠਾਏਗੀ। ਉਨ੍ਹਾਂ ਖੁਲਾਸਾ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਪੀਲੀਭੀਤ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਸੁਪਰੀਮ ਕੋਰਟ ਤੀਕ ਕਾਨੂੰਨੀ ਲੜਾਈ ਲੜੇਗੀ।

ਉਨ੍ਹਾਂ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਕੌਮ ਦੀ ਜਿੱਥੇ ਕਿਤੇ ਵੀ ਨਸਲਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ ਉਸ ਦਾ ਇਨਸਾਫ਼ ਅੱਜ ਤੱਕ ਨਹੀਂ ਮਿਲ ਸਕਿਆ, ਭਾਵੇਂ ਉਹ ੧੯੮੪ ਦਾ ਬਲਿਊ ਸਟਾਰ ਅਪ੍ਰੇਸ਼ਨ ਹੋਵੇ ਜਾਂ ਦਿੱਲੀ ਦੰਗਿਆਂ ਦਾ ਦਿਲ ਕੰਬਾ ਦੇਣ ਵਾਲਾ ਭਿਆਨਕ ਕਾਂਡ। ਉਨ੍ਹਾਂ ਕਿਹਾ ਕਿ ਪੀੜਤ ਅਜੇ ਤੱਕ ਆਪਣੀ ਹਿੱਕ ਤੇ ਸੱਲ੍ਹ ਸਹਿਣ ਕਰ ਰਹੇ ਹਨ ਤੇ ਸਿੱਖ ਕਤਲੇਆਮ ਦੇ ਦੋਸ਼ੀ ਖੁਲ੍ਹੇਆਮ ਘੁੰਮ ਰਹੇ ਹਨ। ਉਨ੍ਹਾਂ ਕਿਹਾ ਕਿ ਸਰਬੱਤ ਦਾ ਭਲਾ ਚਾਹੁਣ ਵਾਲੀ ਸਿੱਖ ਕੌਮ ਨੂੰ ਹਮੇਸ਼ਾ ਬਿਨਾਂ ਵਜ੍ਹਾ ਬਦਨਾਮ ਕਰਕੇ ਤੇ ਇਸ ਦਾ ਸਰਵਨਾਸ਼ ਕਰਨ ਦੇ ਯਤਨਾਂ ਤਹਿਤ ਆਪਣੇ ਹੀ ਦੇਸ਼ ਵਿੱਚ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੀਲੀਭੀਤ ਵਰਗੀ ਅਤਿ ਦੁੱਖਦਾਈ ਘਟਨਾ ਵਿੱਚ ਮਾਰੇ ਗਏ ਬੇਦੋਸ਼ੇ ਸਿੱਖਾਂ ਦੇ ਪਰਿਵਾਰ ਉਨ੍ਹਾਂ ਦੇ ਸਦੀਵੀ ਵਿਛੋੜੇ ਦੇ ਨਾਲ-ਨਾਲ ਆਰਥਿਕ ਪੱਖੋਂ ਵੀ ਪੀੜਾ ਸਹਿਣ ਕਰ ਰਹੇ ਹਨ, ਪਰ ਕਿਸੇ ਵੀ ਸਰਕਾਰ ਨੇ ਅਜੇ ਤੱਕ ਉਨ੍ਹਾਂ ਦੇ ਰਿਸਦੇ ਜ਼ਖ਼ਮਾਂ ਦੇ ਮੱਲ੍ਹਮ ਲਗਾਉਣ ਦੀ ਕੋਸ਼ਿਸ਼ ਨਹੀਂ ਕੀਤੀ।

ਉਨ੍ਹਾਂ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਨੂੰ ਕਿਹਾ ਕਿ ਜਿੱਥੇ ਉਹ ਨਿਰਪੱਖ ਜਾਂਚ ਪੜਤਾਲ ਕਰਕੇ ਪੀੜਤਾਂ ਨੂੰ ਇਨਸਾਫ਼ ਦਿਵਾਏ, ਓਥੇ ਉਨ੍ਹਾਂ ਦੇ ਪਰਿਵਾਰਾਂ ਦੀ ਆਰਥਿਕ ਪੱਖੋਂ ਅਤੇ ਰੋਜ਼ੀ ਰੋਟੀ ਦੇ ਕਾਬਿਲ ਬਨਾਉਣ ਲਈ ਪਰਿਵਾਰ ਦੇ ਕਿਸੇ ਇਕ ਮੈਂਬਰ ਨੂੰ ਨੌਕਰੀ ਵੀ ਦੇਵੇ। ਉਨ੍ਹਾਂ ਕਿਹਾ ਇਸ ਘਟਨਾ ਤੋਂ ਇਹ ਸਾਬਤ ਹੁੰਦਾ ਹੈ ਕਿ ੧੯੯੧ ਤੋਂ ੧੯੯੪ ਤੀਕ ਯੂ.ਪੀ. ਵਿੱਚ ਰਾਵਣ ਰਾਜ ਕਾਇਮ ਸੀ। ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਪੀੜਤ ਪਰਿਵਾਰਾਂ ਨੂੰ ਰਾਹਤ ਦੇਣ ਲਈ ਸ਼੍ਰੋਮਣੀ ਕਮੇਟੀ ਜਿਥੇ ਕਾਨੂੰਨੀ ਲੜਾਈ ਆਪ ਲੜੇਗੀ, ਉਥੇ ਮਾਲੀ ਮਦਦ ਵੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਬੰਧਤ ਪਰਿਵਾਰ ਆਪਣੇ ਕੇਸਾਂ ਦੀ ਤਫ਼ਸੀਲ ਸ਼੍ਰੋਮਣੀ ਕਮੇਟੀ ਨੂੰ ਦੇਣ।

*੧੦ ਮਈ*

# ਭਾਰਤ ਸਰਕਾਰ ਫਰਾਖ਼ਦਿਲੀ ਨਾਲ '੮੪ ਦੇ ਸਿੱਖ ਕਤਲੇਆਮ ਸਬੰਧੀ ਮੁਆਫੀ ਲਈ ਪਹਿਲਕਦਮੀ ਕਰੇ- ਜਥੇ. ਅਵਤਾਰ ਸਿੰਘ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਜੂਨ ੧੯੮੪ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਹੋਏ ਫੌਜੀ ਹਮਲੇ, ਦੇਸ਼ ਦੇ ਵੱਖ-ਵੱਖ ਸ਼ਹਿਰਾਂ ਵਿਚ ਹੋਏ ਸਿੱਖ ਕਤਲੇਆਮ, ਝੂਠੇ ਪੁਲਿਸ ਮੁਕਾਬਲਿਆਂ ਤੇ ਪੀਲੀਭੀਤ ਕਾਂਡ ਵਿਚ ਮਾਰੇ ਗਏ ਬੇਦੋਸ਼ੇ ਸਿੱਖਾਂ ਨੂੰ ਇਨਸਾਫ ਦਿਵਾਉਣ ਲਈ ਸੁਪਰੀਮ ਕੋਰਟ ਦੇ ਤਿੰਨ ਜੱਜਾਂ 'ਤੇ ਅਧਾਰਿਤ ਇਕ ਟਰੁੱਥ ਕਮਿਸ਼ਨ ਕਾਇਮ ਕਰੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਫਤਰ ਤੋਂ ਜਾਰੀ ਇਕ ਪ੍ਰੈਸ ਬਿਆਨ ਵਿਚ ਕੀਤਾ। ਉਨ੍ਹਾਂ ਕਿਹਾ ਕਿ ਸਮੇਂ ਦੀ ਸਰਕਾਰ ਵੱਲੋਂ ਵਰਤਾਏ ਗਏ ੧੯੮੪ ਦੇ ਅਣਮਨੁੱਖੀ ਵਰਤਾਰੇ ਦੀ ਵੀ ਭਾਰਤੀ ਸੰਸਦ ਵਿਚ ਸਿੱਖ ਭਾਈਚਾਰੇ ਪਾਸੋਂ ਮੁਆਫੀ ਮੰਗਣੀ ਚਾਹੀਦੀ ਹੈ, ਜਿਸ ਲਈ ਭਾਰਤ ਸਰਕਾਰ ਨੂੰ ਫਰਾਖਦਿਲੀ ਦਾ ਪ੍ਰਗਟਾਵਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਇਕ ਵਡੱਤਣ ਭਰੀ ਇਤਿਹਾਸਕ ਕਾਰਵਾਈ ਹੋਵੇਗੀ ਅਤੇ ਇਸ ਨਾਲ ਆਪਸੀ ਭਾਈਚਾਰਾ ਮਜ਼ਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਹਾਲ ਹੀ ਵਿਚ ਕੈਨੇਡਾ ਸਰਕਾਰ ਨੇ ਕਾਮਾਗਾਟਾਮਾਰੂ ਜਹਾਜ਼ ਦੀ ਮੰਦਭਾਗੀ ਘਟਨਾ ਬਾਰੇ ਮੁਆਫੀ ਮੰਗ ਕੇ ਇਤਿਹਾਸਕ ਅਧਿਆਏ ਸਿਰਜਿਆ ਹੈ, ਜਿਸਦਾ ਸ਼੍ਰੋਮਣੀ ਕਮੇਟੀ ਨੇ ਵਿਸ਼ੇਸ਼ ਧੰਨਵਾਦ ਕੀਤਾ ਹੈ।

ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਲਈ ਖਿੱਚ ਦਾ ਕੇਂਦਰ ਹੈ ਅਤੇ ਵਿਸ਼ਵ ਭਰ ਵਿੱਚੋਂ ਇਥੇ ਪੁੱਜਦੀਆਂ ਸੰਗਤਾਂ ਦੀ ਨਿਰਵਿਘਨ ਆਮਦ ਨੂੰ ਯਕੀਨੀ ਬਣਾਉਣ ਲਈ ਇਸ ਨੂੰ ਆਉਣ ਵਾਲੇ ਮੁੱਖ ਮਾਰਗਾਂ ਨੂੰ ਇਕ ਨਮੂਨੇ ਵਜੋਂ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਤਿਆਰ ਕੀਤਾ ਜਾ ਰਿਹਾ ਹੈ। ਇਨ੍ਹਾਂ ਮਾਰਗਾਂ 'ਤੇ ਬਣੀਆਂ ਇਮਾਰਤਾਂ ਨੂੰ ਇੱਕੋ ਜਿਹੀ ਦਿੱਖ ਪ੍ਰਦਾਨ ਕਰਕੇ ਖੂਬਸੂਰਤੀ ਦਿੱਤੀ ਜਾ ਰਹੀ ਹੈ। ਉਨ੍ਹਾਂ ਇਸ ਸਬੰਧੀ ਹੋਰ ਖੁਲਾਸਾ ਕਰਦਿਆਂ ਕਿਹਾ ਕਿ ਫੁਹਾਰਾ ਚੌਂਕ ਤੋਂ ਇਕ ਵਿਸ਼ੇਸ਼ ਪੈਦਲ ਜੋਨ ਤਿਆਰ ਕੀਤਾ ਜਾ ਰਿਹਾ ਹੈ ਜਿਸ ਨਾਲ ਵੱਡੀ ਗਿਣਤੀ ਵਿਚ ਪੁੱਜਣ ਵਾਲੀਆਂ ਸੰਗਤਾਂ ਅਤੇ ਦੂਰ ਦੁਰਾਡੇ ਤੋਂ ਆਉਣ ਵਾਲੇ ਸੈਲਾਨੀਆਂ ਨੂੰ ਟ੍ਰੈਫਿਕ ਸਮੱਸਿਆਂ ਤੋਂ ਨਿਜਾਤ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਮਾਰਗ 'ਤੇ ਸਾਰੀਆਂ ਇਮਾਰਤਾਂ ਵਿਸ਼ੇਸ਼ ਖਿੱਚ ਦਾ ਕੇਂਦਰ ਬਣਨਗੀਆਂ। ਉਨ੍ਹਾਂ ਕਿਹਾ ਕਿ ਸਾਰੇ ਧਰਮਾਂ ਦੇ ਧਾਰਮਿਕ ਅਸਥਾਨਾਂ ਦੇ ਕੇਂਦਰ ਸਥਲ 'ਤੇ ਪੁੱਜਣ ਤੋਂ ਪਹਿਲਾਂ ਪੈਦਲ ਜੋਨ ਬਣੇ ਹੋਏ ਹਨ। ਇਥੇ ਵੀ ਅੰਮ੍ਰਿਤਸਰ ਨਿਵਾਸੀਆਂ, ਵਪਾਰੀਆਂ ਨੂੰ ਇਸ ਕਾਰਜ ਲਈ ਅੱਗੇ ਹੋ ਕੇ ਸਹਿਯੋਗ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਜੋਨ ਬਣਨ ਦੇ ਨਾਲ ਵਪਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਲਾਭ ਹੋਵੇਗਾ ਇਸ ਨਾਲ ਵਪਾਰ ਵਧੇਗਾ, ਘਟੇਗਾ ਨਹੀਂ। ਉਨ੍ਹਾਂ ਕਿਹਾ ਕਿ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ ਬਹਾਦਰਗੜ੍ਹ, ਪਟਿਆਲਾ ਦੇ ਬਹੁਪੱਖੀ ਵਿਕਾਸ ਲਈ ਉੱਘੇ ਸਿੱਖ ਚਿੰਤਕ ਤੇ ਬੁਧੀਜੀਵੀ ਡਾ. ਬਲਕਾਰ ਸਿੰਘ ਸਾਬਕਾ ਪ੍ਰੋਫੈਸਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ੨ ਸਾਲ ਲਈ ਪ੍ਰਬੰਧਕ ਨਿਯੁਕਤ ਕੀਤਾ ਗਿਆ ਹੈ। ਜਿਸ ਦਾ ਨਿਰੋਲ ਮਕਸਦ ਸਮੇਂ ਦੇ ਹਾਣੀ ਪ੍ਰਚਾਰਕ, ਕਥਾਵਾਚਕ ਤਿਆਰ ਕਰਨਾ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਪ੍ਰੋ. ਬਲਕਾਰ ਸਿੰਘ ਦੀਆਂ ਸੇਵਾਵਾਂ ਨਿਰਸੰਦੇਹ ਕੌਮ ਦੀ ਪ੍ਰਚਾਰਕ ਸ਼੍ਰੇਣੀ ਨੂੰ ਨਵੀਨ ਕਾਲ ਅਨੁਸਾਰ ਗਿਆਨ ਨਾਲ ਭਰਪੂਰ ਕਰਨ ਵਿਚ ਵਡਮੁੱਲੀ ਭੂਮਿਕਾ ਨਿਭਾਉਣਗੀਆਂ। *੨੭ ਮਈ*

# ਵਿਦੇਸ਼ਾਂ ਵਿੱਚ ਸਿੱਖਾਂ 'ਤੇ ਹੋ ਰਹੇ ਨਸਲੀ ਹਮਲਿਆਂ ਦੇ ਹੱਲ ਲਈ ਤਿੰਨ ਮੈਂਬਰੀ ਕਮੇਟੀ ਖਰੜਾ ਤਿਆਰ ਕਰੇਗੀ- ਜਥੇ. ਅਵਤਾਰ ਸਿੰਘ

ਅੰਮ੍ਰਿਤਸਰ- ਵਿਦੇਸ਼ਾਂ 'ਚ ਵੱਸਦੇ ਸਿੱਖਾਂ ਅਤੇ ਗੁਰੂ-ਘਰਾਂ 'ਤੇ ਹੋ ਰਹੇ ਨਸਲੀ ਹਮਲਿਆਂ ਦੇ ਹੱਲ ਲਈ ਬਣਾਈ ਗਈ ਸਬ-ਕਮੇਟੀ ਦੀ ਵਿਸ਼ੇਸ਼ ਇੱਕਤਰਤਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ

ਅਵਤਾਰ ਸਿੰਘ ਦੀ ਪ੍ਰਧਾਨਗੀ ਹੇਠ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਖੇ ਹੋਈ। ਇਸ ਇਕੱਤਰਤਾ ਵਿੱਚ ਸ. ਰਾਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਕਮੇਟੀ ਮੈਂਬਰ, ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਪ੍ਰੋ: ਪ੍ਰਿਥੀਪਾਲ ਸਿੰਘ ਕਪੂਰ ਸਾਬਕਾ ਪ੍ਰੋ-ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਡਾ: ਬਲਕਾਰ ਸਿੰਘ ਸਾਬਕਾ ਪ੍ਰੋ: ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ: ਬਲਵੰਤ ਸਿੰਘ ਢਿੱਲੋਂ ਸਾਬਕਾ ਪ੍ਰੋ: ਗੁਰੂ ਨਾਨਕ ਦੇਵ ਯੂਨੀਵਰਸਿਟੀ, ਡਾ: ਇੰਦਰਜੀਤ ਸਿੰਘ ਗੋਗੋਆਣੀ ਮੁਖੀ ਸਿੱਖ ਇਤਿਹਾਸ ਵਿਭਾਗ ਖਾਲਸਾ ਕਾਲਜ ਅੰਮ੍ਰਿਤਸਰ, ਡਾ: ਹਰਚੰਦ ਸਿੰਘ ਬੇਦੀ ਸਾਬਕਾ ਪ੍ਰੋ: ਗੁਰੂ ਨਾਨਕ ਦੇਵ ਯੂਨੀਵਰਸਿਟੀ, ਡਾ: ਜਸਬੀਰ ਸਿੰਘ ਸਾਬਰ ਸਾਬਕਾ ਪ੍ਰੋ: ਗੁਰੂ ਨਾਨਕ ਦੇਵ ਯੂਨੀਵਰਸਿਟੀ, ਡਾ: ਸਰਬਜਿੰਦਰ ਸਿੰਘ ਤੇ ਡਾ: ਪਰਮਵੀਰ ਸਿੰਘ ਪ੍ਰੋ: ਪੰਜਾਬੀ ਯੂਨੀਵਰਸਿਟੀ ਪਟਿਆਲਾ, ਬਾਬਾ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਵੱਲੋਂ ਬਾਬਾ ਬੋਹੜ ਸਿੰਘ, ਸੰਤ ਤੇਜਾ ਸਿੰਘ ਨਿਰਮਲੇ ਖੁੱਡਾ ਕੁਰਾਲਾ, ਸ. ਜਸਵਿੰਦਰ ਸਿੰਘ ਐਡਵੋਕੇਟ ਮੁਖੀ ਅਕਾਲ ਪੁਰਖ ਦੀ ਫੌਜ, ਸ. ਪ੍ਰਤਾਪ ਸਿੰਘ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ, ਬੀਬੀ ਪ੍ਰਭਜੋਤ ਕੌਰ ਐਡਵਾਂਸ ਸਿੱਖ ਸਟੱਡੀਜ਼ ਚੰਡੀਗੜ੍ਹ, ਡਾ: ਗੁਰਬਚਨ ਸਿੰਘ ਬਚਨ ਪ੍ਰੋ: ਮੁੰਬਈ ਯੂਨੀਵਰਸਿਟੀ ਤੇ ਸ. ਦਿਲਜੀਤ ਸਿੰਘ ਬੇਦੀ ਕੋਆਰਡੀਨੇਟਰ ਸ਼ਾਮਿਲ ਹੋਏ।

ਇਕੱਤਰਤਾ ਵਿੱਚ ਵਿਦੇਸ਼ੀ ਸਿੱਖਾਂ 'ਤੇ ਹੋ ਰਹੇ ਨਸਲੀ ਹਮਲਿਆਂ ਬਾਰੇ ਹੋਈ ਵਿਚਾਰ ਚਰਚਾ ਦੌਰਾਨ ਇਸ ਨੂੰ ਨਵੀਨ ਕਾਲ ਦੀ ਅਜਿਹੀ ਸਥਿਤੀ ਦੱਸਿਆ ਗਿਆ ਜਿਸ ਦਾ ਹੱਲ ਗੁਰਬਾਣੀ ਦੀ ਰੌਸ਼ਨੀ ਵਿੱਚ ਅਤੇ ਸਬੰਧਤ ਦੇਸ਼ਾਂ ਦੇ ਸੱਭਿਆਚਾਰ ਮੁਤਾਬਿਕ ਕੱਢਣ ਲਈ ਸੁਝਾਅ ਸਾਹਮਣੇ ਆਏ। ਇਹ ਮਹਿਸੂਸ ਕੀਤਾ ਗਿਆ ਕਿ ਇਸ ਮਸਲੇ ਨੂੰ ਪਹਿਲਾਂ ਸਮਝਣ ਅਤੇ ਫਿਰ ਉਸ ਨਾਲ ਨਿਪਟਣ ਦਾ ਪੰਥਕ ਵਤੀਰਾ ਤਿਆਰ ਕੀਤਾ ਜਾਵੇ। ਪ੍ਰੋ. ਪ੍ਰਿਥੀਪਾਲ ਸਿੰਘ ਕਪੂਰ ਤੇ ਪ੍ਰੋ. ਬਲਕਾਰ ਸਿੰਘ ਨੇ ਇਹ ਨੁਕਤਾ ਸਾਂਝਾ ਕੀਤਾ ਕਿ ਸਿੱਖ ਧਰਮ ਦੀ ਵਿੱਲਖਣਤਾ ਦਿਨੋਂ-ਦਿਨ ਚੁਣੌਤੀਆਂ ਦੇ ਰੂਬਰੂ ਹੈ ਅਤੇ ਸਿੱਖੀ ਦੀ ਪਹਿਚਾਣ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਹ ਨੁਕਤਾ ਵੀ ਸਾਹਮਣੇ ਆਇਆ ਕਿ ਸਿੱਖਾਂ ਨੂੰ ਨਿਸ਼ਾਨਾ ਬਣਾਏ ਜਾਣ ਦਾ ਕਾਰਨ ਸਿੱਖਾਂ ਦੀ ਚੜ੍ਹਦੀ ਕਲਾ, ਕਿਰਤ ਸੱਭਿਆਚਾਰ ਅਤੇ ਮਨੁੱਖਤਾ ਨੂੰ ਕਲਾਵੇ ਵਿੱਚ ਲੈ ਕੇ ਚੱਲਣ ਦੀ ਵਿਲੱਖਣਤਾ ਹੈ। ਸਿੱਖੀ ਨੂੰ ਰੀਸ ਕਰਨਯੋਗ ਸਮਝੇ ਜਾਣ ਦੀ ਥਾਂ ਸਿੱਖੀ ਨਾਲ ਸਾੜਾ, ਨਫਰਤ, ਈਰਖਾ ਅਤੇ ਹੋਰ ਵਧੀਕੀਆਂ ਕੀਤੀਆਂ ਜਾ ਰਹੀਆਂ ਹਨ। ਇਸ ਲਈ ਮਸਲੇ ਦੇ ਹੱਲ ਲਈ ਰਲ-ਮਿਲ ਕੇ ਸੰਯੁਕਤ ਰੂਪ ਵਿੱਚ ਹੰਭਲਾ ਮਾਰਨ ਦੀ ਵੱਡੀ ਲੋੜ ਹੈ।

ਡਾ. ਬਲਵੰਤ ਸਿੰਘ ਢਿੱਲੋਂ ਨੇ ਸੁਝਾਅ ਦਿੱਤਾ ਕਿ ਸਿੱਖਾਂ ਨੂੰ ਨਸਲੀ ਹਮਲਿਆਂ ਤੋਂ ਬਚਾਉਣ ਲਈ ਵੱਖ-ਵੱਖ ਭਾਸ਼ਾਵਾਂ ਵਿੱਚ ਸਿੱਖ ਪਹਿਚਾਣ ਅਤੇ ਸਿੱਖ ਸਿਧਾਂਤਾਂ ਨੂੰ ਪੇਸ਼ ਕਰਦੇ ਸਾਹਿਤ ਦਾ ਵੱਡੀ ਗਿਣਤੀ ਵਿੱਚ ਵਿਤਰਨ ਜ਼ਰੂਰੀ ਹੈ ਅਤੇ ਇਸ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਵੰਡਣ ਲਈ ਵੀ ਵਿਉਂਤਬੰਦੀ ਕੀਤੀ ਜਾਣੀ ਅਤਿ ਜ਼ਰੂਰੀ ਭਾਸਦੀ ਹੈ। ਇਸ ਤੋਂ ਇਲਾਵਾ ਇੰਟਰਨੈਟ ਦੇ ਮਾਧਿਅਮ ਦੁਆਰਾ ਵੀ ਵੱਖ-ਵੱਖ ਭਾਸ਼ਾਵਾਂ ਵਿੱਚ ਸਿੱਖਾਂ ਦੀ ਪਹਿਚਾਣ ਨੂੰ ਰੂਪਮਾਨ ਕਰਦੀਆਂ ਵੀਡੀਓਜ਼ ਦੁਨੀਆਂ ਭਰ ਵਿੱਚ ਭੇਜੀਆਂ ਜਾਣੀਆਂ ਚਾਹੀਦੀਆਂ ਹਨ। ਡਾ. ਹਰਚੰਦ ਸਿੰਘ ਬੇਦੀ ਅਤੇ ਸੰਤ ਤੇਜਾ ਸਿੰਘ ਨਿਰਮਲੇ ਵੱਲੋਂ ਇਹ ਨੁਕਤਾ ਵੀ ਸਾਹਮਣੇ ਲਿਆਂਦਾ ਗਿਆ ਕਿ ਸਿੱਖ ਨੌਜਵਾਨੀ ਨੂੰ ਆਪਣਾ ਸਾਬਤ ਸੂਰਤ ਸਿੱਖੀ ਸਰੂਪ ਸਾਂਭਣ ਲਈ ਪ੍ਰੇਰਿਤ ਕਰਨ ਦੀ ਵੱਡੀ ਲੋੜ ਹੈ। ਧਰਮ ਪ੍ਰਚਾਰ ਲਈ ਆਧੁਨਿਕ ਢੰਗ ਤਰੀਕਿਆਂ ਦੀ ਵਰਤੋਂ ਕਰਨ ਦੀ ਵੀ ਜ਼ਰੂਰਤ ਮਹਿਸੂਸ ਕੀਤੀ ਗਈ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਸੁਭਾਅ ਅਨੁਕੂਲ ਵਿਧੀ ਦੁਆਰਾ ਸਿੱਖੀ ਦੇ ਸਿਧਾਂਤ, ਇਤਿਹਾਸ ਅਤੇ ਮਰਿਯਾਦਾ ਦੀ ਜਾਣਕਾਰੀ ਪ੍ਰਾਪਤ ਹੋ ਸਕੇ। ਇਕੱਤਰਤਾ ਵਿੱਚ ਬਹੁ ਗਿਣਤੀ ਵਿਦਵਾਨਾਂ ਵੱਲੋਂ ਇਹ ਨੁਕਤਾ ਵੀ ਉਠਾਇਆ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਜਿਹੀ ਇੱਕਲੀ ਸੰਸਥਾ ਹੈ ਜੋ ਸਮੁੱਚੀ ਕੌਮ ਨੂੰ ਨਾਲ ਲੈ ਕੇ ਲੋੜੀਂਦੇ ਨਤੀਜਿਆ ਤੇ ਪਹੁੰਚ ਸਕਦੀ ਹੈ।

ਵਿਦਵਾਨਾਂ ਵੱਲੋਂ ਦਿੱਤੇ ਗਏ ਸੁਝਾਵਾਂ ਨੂੰ ਸੁਣਨ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਇਹ ਮਸਲਾ ਬਹੁਤ ਸੰਜੀਦਾ ਹੈ ਅਤੇ ਇਸ ਦਾ ਹੱਲ ਵੀ ਸੁਹਿਰਦਤਾ ਨਾਲ ਹੀ ਕੱਢਿਆ ਜਾ ਸਕਦਾ ਹੈ। ਉਨ੍ਹਾਂ ਸਿੱਖ ਪਹਿਚਾਣ ਦੀ ਸਮੱਸਿਆ ਦੇ ਹੱਲ ਲਈ ਖਰੜਾ ਤਿਆਰ ਕਰਨ ਹਿਤ ਪ੍ਰੋ.

ਪ੍ਰਿਥੀਪਾਲ ਸਿੰਘ ਕਪੂਰ, ਪ੍ਰੋ. ਬਲਕਾਰ ਸਿੰਘ ਅਤੇ ਡਾ. ਬਲਵੰਤ ਸਿੰਘ ਢਿੱਲੋਂ 'ਤੇ ਆਧਾਰਿਤ ਤਿੰਨ ਮੈਂਬਰੀ ਕਮੇਟੀ ਦਾ ਗਠਨ ਕਰਦਿਆਂ ਕਿਹਾ ਕਿ ਇਹ ਕਮੇਟੀ ਸਿੱਖ ਪਹਿਚਾਣ, ਸਿੱਖ ਫਲਸਫੇ ਅਤੇ ਮਰਿਯਾਦਾ ਸਬੰਧੀ ਇਕ ਖਰੜਾ ਤਿਆਰ ਕਰੇਗੀ ਜਿਸ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਭਾਸ਼ਾਵਾਂ ਵਿੱਚ ਛਾਪਿਆ ਜਾਵੇਗਾ। ਉਨ੍ਹਾਂ ਕਿਹਾ ਕਿ ਦਿੱਲੀ ਸਥਿਤ ਵੱਖ-ਵੱਖ ਦੇਸ਼ਾਂ ਦੀਆਂ ਅੰਬੈਂਸੀਆਂ ਦੇ ਅੰਬਸੈਡਰਾਂ ਤੱਕ ਵਫ਼ਦ ਦੇ ਰੂਪ ਵਿੱਚ ਪਹੁੰਚ ਕੀਤੀ ਜਾਵੇਗੀ ਤਾਂ ਜੋ ਸਿੱਖ ਪਹਿਚਾਣ ਸਬੰਧੀ ਸਮੱਸਿਆਵਾਂ ਦਾ ਸਮਾਧਾਨ ਕੀਤਾ ਜਾ ਸਕੇ। ਜਥੇਦਾਰ ਅਵਤਾਰ ਸਿੰਘ ਨੇ ਯਕੀਨ ਦਵਾਉਂਦਿਆਂ ਕਿਹਾ ਕਿ ਵਿਦਵਾਨਾਂ ਦੇ ਸੁਝਾਵਾਂ 'ਤੇ ਪੂਰਾ ਉਤਰਨ ਦਾ ਯਤਨ ਕੀਤਾ ਜਾਵੇਗਾ। ਜਥੇਦਾਰ ਅਵਤਾਰ ਸਿੰਘ ਨੇ ਆਧੁਨਿਕ ਤਰੀਕਿਆਂ ਨਾਲ ਧਰਮ ਪ੍ਰਚਾਰ ਕਰਨ ਦੀ ਲੋੜ ਅਤੇ ਨਿਪੁੰਨ ਪ੍ਰਚਾਰਕ ਤਿਆਰ ਕਰਨ ਦੇ ਸੁਝਾਅ ਦੀ ਰੌਸ਼ਨੀ ਵਿੱਚ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਬਹਾਦਰਗੜ੍ਹ ਵਿਖੇ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਖੋਲਿਆ ਗਿਆ ਹੈ ਜਿਥੇ ਵੱਖ-ਵੱਖ ਭਾਸ਼ਾਵਾਂ ਵਿੱਚ ਨਿਪੁੰਨ ਪ੍ਰਚਾਰਕ ਤਿਆਰ ਕਰਨ ਦੀ ਵਿਉਂਤਬੰਦੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਿਵਲ ਸੇਵਾਵਾਂ ੨੦੧੫ ਵਿਚੋਂ ੩੦ ਸਿੱਖ ਵਿਦਿਆਰਥੀਆਂ ਦਾ ਮੈਰਿਟ ਲਿਸਟ ਵਿੱਚ ਆਉਣਾ ਸਿੱਖ ਧਰਮ ਦੀ ਬੌਧਿਕ ਪ੍ਰਾਪਤੀ ਦਾ ਹਾਸਲ ਹੈ। ਇਹ ਸਿੱਖਾਂ ਦੀ ਪਹਿਚਾਣ ਨੂੰ ਮਜ਼ਬੂਤੀ ਦਿਵਾਉਣ ਲਈ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਸਿੱਖ ਬੱਚਿਆਂ ਨੂੰ ਅਜਿਹੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਸ਼੍ਰੋਮਣੀ ਕਮੇਟੀ ਵੱਲੋਂ ਕੋਚਿੰਗ ਦੇਣ ਦਾ ਉਪਰਾਲਾ ਵੀ ਕੀਤਾ ਗਿਆ ਹੈ। ਇਸ ਤਹਿਤ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਆਰਮੀ ਵਿੱਚ ਉਚ ਅਫਸਰ ਬਣਨ ਲਈ ਟ੍ਰੇਨਿੰਗ ਦੇਣ ਹਿਤ ਸੈਂਟਰ ਖੋਲ੍ਹਿਆ ਗਿਆ ਹੈ। ਇਸੇ ਤਰ੍ਹਾਂ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਆਈ.ਏ.ਐਸ., ਪੀ.ਸੀ.ਐਸ. ਲਈ ਕੋਚਿੰਗ ਸੈਂਟਰ ਚਲਾਇਆ ਗਿਆ ਹੈ।

ਇਸ ਮੌਕੇ ਸ. ਨਿਰਮੈਲ ਸਿੰਘ ਜੌਲਾਂ ਤੇ ਸ. ਗੁਰਬਚਨ ਸਿੰਘ ਕਰਮੂੰਵਾਲ ਅੰਤ੍ਰਿੰਗ ਕਮੇਟੀ ਮੈਂਬਰ, ਭਾਈ ਰਾਮ ਸਿੰਘ ਮੈਂਬਰ, ਸ. ਪ੍ਰਤਾਪ ਸਿੰਘ ਤੇ ਸ. ਬਿਜੈ ਸਿੰਘ ਵਧੀਕ ਸਕੱਤਰ, ਸ. ਪਰਮਜੀਤ ਸਿੰਘ ਮੁੰਡਾ ਪਿੰਡ ਨਿੱਜੀ ਸਹਾਇਕ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ ਤੇ ਸ. ਮਲਕੀਤ ਸਿੰਘ ਸ/ਸੁਪ੍ਰਿੰਟੈਂਡੈਂਟ ਆਦਿ ਹਾਜ਼ਰ ਸਨ। *੧੧ ਮਈ*

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਣ ਵਾਲੇ ਰਸਤਿਆਂ ਨੂੰ ਪੈਦਲ ਜ਼ੋਨ ਵਜੋਂ ਵਿਕਸਤ ਕਰਨਾ ਸ਼ਲਾਘਾਯੋਗ- ਜਥੇ. ਅਵਤਾਰ ਸਿੰਘ

## ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਕੀਤੇ ਗਏ ਅਹਿਮ ਫੈਸਲੇ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਹੇਠ ਅੰਤ੍ਰਿੰਗ ਕਮੇਟੀ ਦੀ ਵਿਸ਼ੇਸ਼ ਇਕੱਤਰਤਾ ਗੁਰਦੁਆਰਾ ਸ੍ਰੀ ਦੇਗਸਰ ਸਾਹਿਬ ਕਟਾਣਾ ਵਿਖੇ ਹੋਈ, ਜਿਸ ਵਿੱਚ ਸੈਕਸ਼ਨ ੮੫, ੮੭, ਟਰੱਸਟ ਤੇ ਅਮਲਾ ਵਿਭਾਗ ਦੇ ਮਸਲੇ ਵਿਚਾਰੇ ਗਏ। ਇਕੱਤਰਤਾ ਦੀ ਆਰੰਭਤਾ ਤੋਂ ਪਹਿਲਾਂ ਮੂਲ ਮੰਤਰ ਦੇ ਪਾਠ ਕੀਤੇ ਗਏ।

ਇਕੱਤਰਤਾ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਪਿਛਲੇ ਦਿਨੀਂ ਉੱਘੇ ਪੰਥਕ ਪ੍ਰਚਾਰਕਾਂ ਦਰਮਿਆਨ ਸ਼ੁਰੂ ਹੋਈ ਆਪਸੀ ਤਕਰਾਰ ਸਮੁੱਚੇ ਪੰਥ ਲਈ ਬੜਾ ਗੰਭੀਰ ਵਿਸ਼ਾ ਹੈ ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਚਿੰਤਾਜਨਕ ਸਿੱਟੇ ਨਿਕਲ ਸਕਦੇ ਹਨ। ਉਨ੍ਹਾਂ ਨੇ ਦੋਹਾਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜ਼ੋਰਦਾਰ ਸ਼ਾਂਤੀ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਪੰਥਕ ਹਿਤਾਂ ਨੂੰ ਮੁੱਖ ਰੱਖਦਿਆਂ ਹੋਇਆਂ ਆਪਸੀ ਭਰਾ ਮਾਰੂ ਜੰਗ ਤੋਂ ਗੁਰੇਜ ਕਰਨ ਤੇ ਆਪਸੀ ਵੱਖਰੇਵਿਆਂ ਨੂੰ ਮਿਲ ਬੈਠ ਕੇ ਦੂਰ ਕਰਨ ਤਾਂ ਕਿ ਸਮੁੱਚੀ ਕੌਮ ਵਿੱਚ ਇਕਸੁਰਤਾ ਬਣੀ ਰਹੇ। ਉਨ੍ਹਾਂ ਗੁਰੂ ਸਾਹਿਬ ਵੱਲੋਂ ਵਰੋਸਾਈ

ਪਾਵਨ ਧਰਤੀ ਸ੍ਰੀ ਹਰਿਮੰਦਰ ਸਾਹਿਬ ਦੇ ਚੁਫੇਰੇ ਸਮੁੱਚੇ ਸੁੰਦਰੀਕਰਨ ਅਤੇ ਚੌਗਿਰਦੇ ਦੀ ਸੰਭਾਲ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਸੁੰਦਰੀਕਰਨ ਪ੍ਰੋਜੈਕਟ ਦੀ ਜ਼ੋਰਦਾਰ ਸ਼ਬਦਾਂ ਵਿੱਚ ਸ਼ਲਾਘਾ ਕਰਦਿਆਂ ਹੋਇਆਂ ਕਿਹਾ ਕਿ ਸਮੁੱਚੀ ਮਨੁੱਖਤਾ ਦੇ ਆਸਥਾ ਦੇ ਕੇਂਦਰ ਵਜੋਂ ਜਾਣੇ ਜਾਂਦੇ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਣ ਵਾਲੇ ਸਾਰੇ ਰਸਤਿਆਂ ਨੂੰ ਪੈਦਲ ਜ਼ੋਨ ਵਜੋਂ ਵਿਕਸਤ ਕਰਨ ਦਾ ਉਪਰਾਲਾ ਸਹੀ ਕਦਮ ਹੈ। ਇਸ ਲਈ ਕਿਸੇ ਨੂੰ ਵੀ ਪੈਦਲ ਜ਼ੋਨ ਪ੍ਰੋਜੈਕਟ ਵਿੱਚ ਰੁਕਾਵਟ ਨਹੀਂ ਬਣਨਾ ਚਾਹੀਦਾ ਬਲਕਿ ਵਿਰਾਸਤ ਸੰਭਾਲ ਦੇ ਕਾਰਜਾਂ ਵਿੱਚ ਨਿੱਘਾ ਸਹਿਯੋਗ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਤੇ ਰਾਜਿਸਥਾਨ ਸਮੇਤ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਪੰਜਾਬੀ ਭਾਸ਼ਾ ਨੂੰ ਅੱਖੋਂ-ਪਰੋਖੇ ਕਰਨ ਦੇ ਕੀਤੇ ਜਾ ਰਹੇ ਯਤਨ ਸਿੱਧੇ ਰੂਪ ਵਿੱਚ ਪੰਜਾਬੀ ਬੋਲੀ ਨੂੰ ਖਤਮ ਕਰਨ ਵਾਲੀ ਸੌੜੀ ਕਾਰਵਾਈ ਹੈ, ਜਦਕਿ ਸਮੁੱਚੇ ਸੰਸਾਰ ਦੇ ਨਕਸ਼ੇ ਉਪਰ ਪੰਜਾਬੀ ਭਾਸ਼ਾ ਬੜੀ ਤੇਜ਼ੀ ਨਾਲ ਉੱਭਰ ਕੇ ਸਾਹਮਣੇ ਆ ਰਹੀ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੂੰ ਵੀ ਆਪਣੀ ਜ਼ਿੰਮੇਵਾਰੀ ਨੂੰ ਮੁੱਖ ਰੱਖਦੇ ਹੋਏ ਸਮੁੱਚੇ ਦੇਸ਼ ਅੰਦਰ ਪੰਜਾਬੀ ਭਾਸ਼ਾ ਨੂੰ ਹੋਰ ਪ੍ਰਫੁੱਲਤ ਕਰਨ ਤੇ ਵਿਕਸਤ ਕਰਨ ਦੇ ਕਾਰਜਾਂ ਵਿੱਚ ਆਪਣੇ ਵੱਲੋਂ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੋ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਵੱਸ ਰਹੇ ਪੰਜਾਬੀਆਂ ਦੀ ਸਾਂਝ ਪੰਜਾਬੀ ਭਾਸ਼ਾ ਨਾਲ ਹੋਰ ਪ੍ਰਪੱਕ ਹੋ ਸਕੇ। ਉਨ੍ਹਾਂ ਕਿਹਾ ਕਿ ਜੂਨ ੧੯੮੪ ਵਿੱਚ ਸ੍ਰੀ ਦਰਬਾਰ ਸਾਹਿਬ 'ਤੇ ਹੋਏ ਫੌਜੀ ਹਮਲੇ, ਦੇਸ਼ ਦੇ ਵੱਖ-ਵੱਖ ਭਾਗਾਂ ਵਿੱਚ ਹੋਏ ਸਿੱਖ ਕਤਲੇਆਮ, ਝੂਠੇ ਪੁਲਿਸ ਮੁਕਾਬਲਿਆਂ, ਹੋਂਦ ਚਿੱਲੜ ਤੇ ਪੀਲੀਭੀਤ ਕਾਂਡ ਦੌਰਾਨ ਮਾਰੇ ਗਏ ਬੇਦੋਸ਼ੇ ਸਿੱਖਾਂ ਦੀਆਂ ਉੱਭਰ ਕੇ ਸਾਹਮਣੇ ਆ ਰਹੀਆਂ ਘਟਨਾਵਾਂ ਸਿੱਖਾਂ ਦੇ ਜ਼ਖਮਾਂ ਨੂੰ ਮੁੜ ਹਰਾ ਕਰ ਰਹੀਆਂ ਹਨ। ਇਨ੍ਹਾਂ ਘਟਨਾਵਾਂ ਦੀ ਸੰਪੂਰਨ ਰੂਪ ਵਿੱਚ ਜਾਂਚ ਕਰਵਾਉਣ ਲਈ ਭਾਰਤ ਸਰਕਾਰ ਸੁਪਰੀਮ ਕੋਰਟ ਦੇ ਤਿੰਨ ਜੱਜਾਂ ਦਾ ਪੈਨਲ ਬਣਾ ਕੇ ਇਕ ਟਰੁੱਥ ਕਮਿਸ਼ਨ ਕਾਇਮ ਕਰੇ ਤਾਂ ਕਿ ੧੯੮੪ ਤੋਂ ਲੈ ਕੇ ਹੁਣ ਤੀਕ ਮਾਰੇ ਗਏ ਸਮੁੱਚੇ ਸਿੱਖਾਂ ਦੀ ਸਹੀ ਜਾਣਕਾਰੀ ਉਪਰੰਤ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ੧੯੧੪ ਵਿੱਚ ਵਾਪਰੇ ਕਾਮਾਗਾਟਾਮਾਰੂ ਜਹਾਜ਼ ਦੀ ਹਿਰਦੇਵੇਧਕ ਘਟਨਾ ਦੀ ਮਾਫੀ ਮੰਗਣ ਦੀ ਜ਼ੋਰਦਾਰ ਸ਼ਬਦਾਂ ਵਿੱਚ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਬਤ ਸੂਰਤ ਕਬੱਡੀ ਤੇ ਹਾਕੀ ਦੇ ਖਿਡਾਰੀਆਂ ਦੀ ਟੀਮ ਨੂੰ ਹੋਰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਕਦਮ ਚੁੱਕੇ ਜਾ ਰਹੇ ਹਨ ਅਤੇ ਸਮੁੱਚੇ ਖਿਡਾਰੀਆਂ ਨੂੰ ਆਧੁਨਿਕ ਖੇਡ ਸਹੂਲਤਾਂ, ਕੋਚਿੰਗ, ਵਧੀਆ ਗਰਾਊਂਡਾਂ ਅਤੇ ਖੁਰਾਕ ਉਪਲਬੱਧ ਕਰਵਾਉਣ ਲਈ ਮਾਲੀ ਗ੍ਰਾਂਟ ਵੀ ਰਾਖਵੀਂ ਰੱਖੀ ਜਾ ਰਹੀ ਹੈ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਸਾਬਤ ਸੂਰਤ ਸਿੱਖ ਖਿਡਾਰੀ ਵੱਖ-ਵੱਖ ਖੇਡਾਂ ਵਿੱਚ ਸ਼ਾਨਾਮੱਤੀਆਂ ਪ੍ਰਾਪਤੀਆਂ ਦਰਜ ਕਰਵਾ ਕੇ ਦੇਸ਼ ਤੇ ਕੌਮ ਦਾ ਨਾਮ ਰੌਸ਼ਨ ਕਰ ਸਕਣ।

ਇਕੱਤਰਤਾ 'ਚ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਬੀਬੀ ਭਾਨੀ ਕੰਨਿਆ ਨੇਤਰਹੀਣ ਵਿਦਿਆਲਾ ਸੰਨ ਸਾਹਿਬ, ਛੇਹਰਟਾ, ਅੰਮ੍ਰਿਤਸਰ ਵੱਲੋਂ ਪੁੱਜੀ ਮੰਗ ਦੇ ਆਧਾਰ 'ਤੇ ੧੨ ਨੇਤਰਹੀਣ ਲੜਕੀਆਂ ਅਤੇ ਸਟਾਫ ਨੂੰ ੨੫ ਹਜ਼ਾਰ ਰੁਪਏ ਆਰਥਿਕ ਸਹਾਇਤਾ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦ ਭਾਈ ਕੇਹਰ ਸਿੰਘ ਤੇ ਭਾਈ ਦਰਬਾਰਾ ਸਿੰਘ ਦੀ ਯਾਦ ਨੂੰ ਸਮਰਪਿਤ ਪਿੰਡ ਜਰਗ (ਲੁਧਿਆਣਾ) ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਨਰਸਿੰਗ ਕਾਲਜ ਬਣਾਇਆ ਜਾਵੇਗਾ ਅਤੇ ਜ਼ੀਰਾ ਵਿਖੇ ਉਸਾਰੇ ਜਾਣ ਵਾਲੇ ਕਾਲਜ ਦੀ ਇਮਾਰਤ ਜਲਦ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ੮੪ ਦੇ ਪੀੜਤ ਪਰਿਵਾਰਾਂ ਜਿਨ੍ਹਾਂ ਦੇ ਲਾਲ ਤੇ ਨੀਲੇ ਕਾਰਡ ਬਣੇ ਹੋਏ ਹਨ, ਅੱਗੇ ਤੋਂ ਉਨ੍ਹਾਂ ਦੇ ਕੇਸਾਂ ਨੂੰ ਵਿਚਾਰ ਕੇ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦੇਸ਼ਾਂ-ਵਿਦੇਸ਼ਾਂ ਵਿੱਚ ਵੱਸਦੀਆਂ ਸਿੱਖ ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਜੀਵਨ, ਫਲਸਫੇ ਤੇ ਸਿੱਖ ਇਤਿਹਾਸ ਨਾਲ ਜੋੜਣ ਲਈ ਜਲਦੀ ਹੀ ਕੇਂਦਰੀ ਸਿੱਖ ਅਜਾਇਬ ਘਰ ਸ੍ਰੀ ਅੰਮ੍ਰਿਤਸਰ ਨੂੰ ਡਿਜੀਟਲ ਰੂਪ ਵਿਚ ਆਨਲਾਈਨ ਕੀਤਾ ਜਾਵੇਗਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਆਉਂਦੇ ਸੈਕਸ਼ਨ ੮੫ ਦੇ ਸਮੂਹ ਗੁਰਦੁਆਰਾ ਸਾਹਿਬਾਨ ਨੂੰ ਗੂਗਲ ੩-ਡੀ ਦੀ ਸੁਵਿਧਾ ਨਾਲ ਸੰਗਤਾਂ ਤਕ ਪਹੁੰਚਾਇਆ ਜਾਵੇਗਾ ਤਾਂ ਜੋ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਵਿੱਚ ਹੋਰ ਵਾਧਾ ਹੋ ਸਕੇ। ਉਨ੍ਹਾਂ ਦੱਸਿਆ ਕਿ ਪਾਕਿਸਤਾਨ ਵਿਖੇ ਗੁਰੂ

ਨਾਨਕ ਸਾਹਿਬ ਹਾਈ ਸਕੂਲ, ਨਨਕਾਣਾ ਸਾਹਿਬ ਦੇ ਬੱਚਿਆਂ ਨੂੰ ਗੁਰਬਾਣੀ ਦੀ ਸੰਥਿਆ ਦੇਣ ਲਈ ਸੰਥਿਆ ਸੈਂਚੀਆਂ, ਹਰਮੋਨੀਅਮ, ਦਸਤਾਰਾਂ ਤੇ ਕਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁਹੱਈਆ ਕਰਵਾਏ ਜਾਣਗੇ। ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ ਇੰਸਟੀਚਿਊਟ ਬਹਾਦਰਗੜ੍ਹ, ਪਟਿਆਲਾ ਦੇ ਬਹੁਪੱਖੀ ਵਿਕਾਸ ਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਲਈ ਡਾ. ਬਲਕਾਰ ਸਿੰਘ ਸਾਬਕਾ ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ੨ ਸਾਲ ਲਈ ਪ੍ਰਬੰਧਕ ਨਿਯੁਕਤ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਖਾਲਸਾ ਮਿਡਲ ਸਕੂਲ ਚਿੱਠੀ ਸਿੰਘਪੁਰਾ ਅਨੰਤਨਾਗ ਕਸ਼ਮੀਰ ਦੀ ਇਮਾਰਤ ਨੂੰ ਜਲਦੀ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਿੱਖ ਮਿਸ਼ਨ ਰਾਏਪੁਰ ਛੱਤੀਸਗੜ੍ਹ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ੩੦੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਦਸਤਾਰ ਮੁਕਾਬਲੇ, ਕੀਰਤਨ ਦਰਬਾਰ, ਕਵੀ ਦਰਬਾਰ ਤੇ ਭਾਸ਼ਣ ਮੁਕਾਬਲੇ ੨੯ ਮਈ ਤੋਂ ੯ ਜੂਨ ਤੀਕ ਕਰਵਾਏ ਜਾਣਗੇ। ਇਹ ਮੁਕਾਬਲੇ ਗੁਰਦੁਆਰਾ ਪੱਧਰ ਤੋਂ ਜ਼ਿਲ੍ਹਾ ਪੱਧਰ ਤੇ ਰਾਜ ਪੱਧਰ ਦੇ ਹੋਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਸਰਟੀਫਿਕੇਟ ਤੇ ਇਨਾਮ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ ਨੂੰ ਗੁਰਮਤਿ ਦਾ ਪ੍ਰਚਾਰ ਕਰਨ ਲਈ ੬ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਨੂੰ ਦਿੱਤੀ ਜਾਣ ਵਾਲੀ ਸਾਲਾਨਾ ਸਹਾਇਤਾ ੬ ਕਰੋੜ ਤੋਂ ਵਧਾ ਕੇ ੧੦ ਕਰੋੜ ਕਰ ਦਿੱਤੀ ਗਈ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਨੂੰ ਆ ਰਹੇ ਯਾਤਰੂਆਂ ਦਾ ਮਹਿਤਾ ਰੋਡ ਤੇ ਸੜਕ ਹਾਦਸੇ ਵਿੱਚ ਭਿਆਨਕ ਐਕਸੀਡੈਂਟ ਹੋ ਗਿਆ ਸੀ ਉਨ੍ਹਾਂ ਦੇ ਪਰਿਵਾਰਾਂ ਨੂੰ ੫੦-੫੦ ਹਜ਼ਾਰ ਰੁਪਏ ਸਹਾਇਤਾ ਦਿੱਤੀ ਜਾਵੇਗੀ। ਤਿਹਾੜ ਜੇਲ੍ਹ ਵਿੱਚ ਨਜ਼ਰਬੰਦ ਭਾਈ ਦਯਾ ਸਿੰਘ ਲਾਹੌਰੀਆ ਦੀ ਧਰਮ ਪਤਨੀ ਬੀਬੀ ਕੰਵਲਜੀਤ ਕੌਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਹਾਇਤਾ ਦੇਣ ਦਾ ਐਲਾਨ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਚਲਾਏ ਜਾ ਰਹੇ ਮਿਸ਼ਨਰੀ ਕਾਲਜਾਂ, ਗੁਰਮਤਿ ਵਿੱਦਿਆਲਿਆਂ ਦੀ ਘੋਖ ਪੜਤਾਲ ਕਰਨ ਲਈ ਤੇ ਵਿੱਦਿਆ ਨੂੰ ਮਿਆਰੀ ਬਣਾਉਣ ਲਈ ਇਕ ਸਬ- ਕਮੇਟੀ ਗਠਿਤ ਕੀਤੀ ਗਈ ਹੈ ਜੋ ਸਮੁਚੇ ਵਿੱਦਿਅਕ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਦਿਸ਼ਾ-ਨਿਰਦੇਸ਼ ਦੇਵੇਗੀ। ਉਨ੍ਹਾਂ ਦੱਸਿਆ ਕਿ ਸਿੱਖ ਇਤਿਹਾਸ ਰਿਸਰਚ ਬੋਰਡ, ਸਿੱਖ ਰੈਫਰੈਂਸ ਲਾਇਬ੍ਰੇਰੀ ਦੀ ਮੌਜੂਦਾ ਇਮਾਰਤ ਨੂੰ ਸਮੁੱਚੇ ਰੂਪ ਵਿੱਚ ਫਾਇਰ ਪਰੂਫ ਕਰਨ ਤੇ ਲਾਇਬ੍ਰੇਰੀ ਦੀ ਨਵੀ ਆਧੁਨਿਕ ਸਹੂਲਤਾਂ ਵਾਲੀ ਬਿਲਡਿੰਗ ਬਣਾਉਣ ਦੀ ਰਿਪੋਰਟ ਨੂੰ ਪ੍ਰਵਾਨ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਗੁਰਦੁਆਰਾ ਰਾਮਸਰ ਸਾਹਿਬ ਵਿਖੇ ਅੱਗ ਲੱਗਣ ਦੀ ਵਾਪਰੀ ਮੰਦਭਾਗੀ ਘਟਨਾ ਦੀ ਸਮੁੱਚੀ ਪੜਤਾਲ ਕਰਵਾਉਣ ਸਬੰਧੀ ਬਣਾਈ ਗਈ ਸਬ ਕਮੇਟੀ ਨੇ ਆਪਣੀ ਰਿਪੋਰਟ ਦੇ ਦਿੱਤੀ ਹੈ ਜੋ ਕਿ ਅੰਤ੍ਰਿੰਗ ਕਮੇਟੀ ਨੇ ਪ੍ਰਵਾਨ ਕਰ ਲਈ ਹੈ। ਉਨ੍ਹਾਂ ਕਿਹਾ ਕਿ ਮਹਾਨ ਸੂਰਬੀਰ ਸਿੱਖ ਜਨਰੈਲ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਵਿਸ਼ਵ ਪੱਧਰ 'ਤੇ ਮਨਾਉਣ ਲਈ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਜਨਰਲ ਸਕੱਤਰ ਦੀ ਮੰਗ 'ਤੇ ੨ ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਦੇਣੀ ਪ੍ਰਵਾਨ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਅੰਤ੍ਰਿੰਗ ਕਮੇਟੀ ਦੀ ਇੱਕਤਰਤਾ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੂੰ ਵੱਧ ਰਹੀ ਮਹਿੰਗਾਈ ਦੇ ਮੱਦੇਨਜ਼ਰ ੬ ਫੀਸਦੀ ਮਹਿੰਗਾਈ ਭੱਤਾ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ।

ਇਕੱਤਰਤਾ ਵਿੱਚ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ, ਸ. ਕੇਵਲ ਸਿੰਘ ਬਾਦਲ ਜੂਨੀਅਰ ਮੀਤ ਪ੍ਰਧਾਨ, ਸ. ਸੁਖਦੇਵ ਸਿੰਘ ਭੌਰ ਜਨਰਲ ਸਕੱਤਰ, ਅੰਤ੍ਰਿੰਗ ਮੈਂਬਰਾਨ ਸ. ਰਜਿੰਦਰ ਸਿੰਘ ਮਹਿਤਾ, ਸ. ਦਿਆਲ ਸਿੰਘ ਕੋਲਿਆਂਵਾਲੀ, ਸ. ਨਿਰਮੈਲ ਸਿੰਘ ਜੌਲਾਂ ਕਲਾਂ, ਸ. ਕਰਨੈਲ ਸਿੰਘ ਪੰਜੋਲੀ, ਸ. ਗੁਰਬਚਨ ਸਿੰਘ ਕਰਮੂੰਵਾਲ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਭਜਨ ਸਿੰਘ ਸ਼ੇਰਗਿੱਲ ਤੇ ਸ. ਮੋਹਣ ਸਿੰਘ ਬੰਗੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ, ਸ. ਮਨਜੀਤ ਸਿੰਘ ਤੇ ਸ. ਅਵਤਾਰ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ.

*(ਬਾਕੀ ਪੰਨਾ ੫੧ 'ਤੇ)*



ਬਾਬਾ ਬੰਦਾ ਸਿੰਘ ਬਹਾਦਰ ਤੇ ਹੋਰ ਸਿੰਘਾਂ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸਾਹਿਬ
ਗੜ੍ਹੀ ਗੁਰਦਾਸ ਨੰਗਲ ਤੋਂ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਸਮੇਂ ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿ ਬ,
ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ, ਜਥੇਦਾਰ ਸੁੱਚਾ ਸਿੰਘ ਲੰਗਾਹ, ਸ. ਰਜਿੰਦਰ ਸਿੰਘ ਮਹਿਤਾ,
ਭਾਈ ਮਨਜੀਤ ਸਿੰਘ, ਸ. ਰਤਨ ਸਿੰਘ ਜਫਰਵਾਲ, ਡਾ. ਰੂਪ ਸਿੰਘ ਸਕੱਤਰ ਤੇ ਹੋਰ। (21 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਤੇ ਹੋਰ ਸਿੰਘਾਂ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਦੇ ਦੂਸਰੇ ਦਿਨ
ਗੁ: ਬਾਬਾ ਬੁੱਢਾ ਜੀ ਰਮਦਾਸ ਤੋਂ ਚੱਲਣ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕ ਰਨ ਲਈ
ਲੈ ਕੇ ਜਾਂਦੇ ਹੋਏ ਮੈਂਬਰ ਸ. ਅਮਰੀਕ ਸਿੰਘ ਵਿਛੋਆ, ਸ. ਗੁਰਿੰਦਰਪਾਲ ਸਿੰਘ ਗੋਰਾ, ਐਡੀ. ਸਕੱਤਰ ਸ. ਬਲਵਿੰਦਰ ਸਿੰਘ ਜੌ ੜਾਸਿੰਘਾ,
ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਤੇ ਸ. ਬਲਵਿੰਦਰ ਸਿੰਘ ਅਤੇ ਸੰਗਤਾਂ। (22 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਤੇ ਹੋਰ ਸਿੰਘਾਂ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਗੁ: ਬੀੜ ਬਾਬਾ ਬੁੱਢਾ ਜੀ ਠੱਠਾ ਤੋਂ ਅਗਲੇ ਪੜਾਅ ਲਈ ਰਵਾਨਾ ਕਰਨ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੇ ਹੋਏ ਅੰਤ੍ਰਿੰਗ ਮੈਂਬਰ ਸ. ਗੁਰਬਚਨ ਸਿੰਘ ਕਰਮੂੰਵਾਲਾ ਅਤੇ ਸ. ਰਜਿੰਦਰ ਸਿੰਘ ਮਹਿਤਾ ਚੌਰ ਸਾਹਿਬ ਦੀ ਸੇਵਾ ਕਰਦੇ ਹੋਏ।





ਬਾਬਾ ਬੰਦਾ ਸਿੰਘ ਬਹਾਦਰ ਤੇ ਹੋਰ ਸਿੰਘਾਂ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਰਵਾਨਾ ਹੋਣ ਸਮੇਂ ਪੰਜ ਪਿਆਰੇ ਸਾਹਿਬਾਨ ਨਾਲ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ।




ਬਾਬਾ ਬੰਦਾ ਸਿੰਘ ਬਹਾਦਰ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਦੇ ਲੁਧਿਆਣਾ ਵਿਖੇ ਪੁੱਜਣ 'ਤੇ ਨਤਮਸਤਕ ਹੁੰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।

(25 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਲੁਧਿਆਣਾ ਵਿਖੇ ਪੁੱਜਣ 'ਤੇ ਸਵਾਗਤ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਸ਼ਖ਼ਸੀਅਤਾਂ।

(25 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਨੂੰ ਸਲਾਮੀ ਦਿੰਦੇ ਹੋਏ
ਪੰਜਾਬ ਪੁਲਿਸ ਦੇ ਜਵਾਨ ਅਤੇ ਗੁਰੂ ਦੀ ਲਡਲੀ ਫੌਜ ਨਿਹੰਗ ਸਿੰਘ ਖ਼ਾਲਸਈ ਰੰਗ ਪੇਸ਼ ਕਰਦੇ ਹੋਏ।

(25 ਮਈ 2016)





ਬਾਬਾ ਬੰਦਾ ਸਿੰਘ ਬਹਾਦਰ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਛੇਵੇਂ ਦਿਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਸਰਹਿੰਦ ਤੋਂ ਰਵਾਨਾ ਕਰਨ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪਾਲਕੀ ਸਾਹਿਬ 'ਚ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੇ ਹੋਏ ਸ. ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਮੈਂਬਰ ਅਤੇ ਸੰਗਤਾਂ। ਹੇਠਾਂ: ਰਵਾਨਗੀ ਸਮੇਂ ਹਾਜ਼ਰ ਪ੍ਰੋ. ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ, ਬਾਬਾ ਬਲਬੀਰ ਸਿੰਘ ਮੁੱਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਤੇ ਹੋਰ।

(26 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਤੋਂ ਅਗਲੇ ਪੜਾਅ ਲਈ ਰਵਾਨਾ ਕਰਨ ਸਮੇਂ ਪੰਜ ਪਿਆਰਿਆਂ ਦੀ ਅਗਵਾਈ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ 'ਚ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੇ ਹੋਏ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ ਅਤੇ ਸੰਗਤਾਂ।

(27 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਦੇ 300 ਸਾਲ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਡੇਰਾ ਕਾਰ-ਸੇਵਾ ਕਲੰਦਰੀ ਗੇਟ ਕਰਨਾਲ ਤ ਅਗਲੇ ਪੜਾਅ ਲਈ ਰਵਾਨਾ ਕਰਨ ਸਮੇਂ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ, ਮੈਂਬਰ ਸਾਹਿਬਾਨ ਅਤੇ ਸੰਗਤਾਂ।

(28 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਆਖਰੀ ਦਿਨ ਗੁਰਦੁਆਰਾ ਮਜਨੂੰ ਟਿੱਲਾ ਸਾਹਿਬ ਦਿੱਲੀ ਤੋਂ ਮਹਿਰੌਲੀ ਲਈ ਰਵਾਨਾ ਕਰਨ ਸਮੇਂ ਪੰਜ ਪਿਆਰੇ ਸਾਹਿਬਾਨ ਨਾਲ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸ. ਗੁਰਿੰਦਰਪਾਲ ਸਿੰਘ ਗੋਰਾ ਮੈਂਬਰ, ਸ. ਕਸ਼ਮੀਰ ਸਿੰਘ ਬਰਿਆਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਵਧੀਕ ਸਕੱਤਰ ਤੇ ਸੰਗਤਾਂ। (29 ਮਈ 2016)



ਬਾਬਾ ਬੰਦਾ ਸਿੰਘ ਬਹਾਦਰ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਦੇ ਆਖਰੀ ਪੜਾਅ ਦੀ ਆਰੰਭਤਾ ਸਮੇਂ ਗੁਰਦੁਆਰਾ ਮਜਨੂੰ ਟਿੱਲਾ ਵਿਖੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸ. ਹਰਚਰਨ ਸਿੰਘ ਮੁੱਖ ਸਕੱਤਰ, ਜਥੇ. ਸੁੱਚਾ ਸਿੰਘ ਲੰਗਾਹ ਤੇ ਬਾਬਾ ਬਲਬੀਰ ਸਿੰਘ ਨਿਹੰਗ ਮੁਖੀ। (29 ਮਈ 2016)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਜਰਾਤ ਦੀ ਕੰਪਨੀ ਕੈਪਸਨ ਵੱਲੋਂ ਭੇਟ ਕੀਤੇ ਗਏ 11 ਕੂਲਰਾਂ ਨੂੰ ਸੰਗਤ ਅਰਪਿਤ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ। ਉਨ੍ਹਾਂ ਨਾਲ ਸ. ਰਜਿੰਦਰ ਸਿੰਘ ਮਹਿਤਾ ਤੇ ਸ. ਨਿਰਮੈਲ ਸਿੰਘ ਜੌਲਾਂ ਅੰਤ੍ਰਿੰਗ ਕਮੇਟੀ ਮੈਂਬਰ ਅਤੇ ਹੋਰ। (31 ਮਈ 2016)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਅਤੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਲਈ ਨਵੇਂ ਬਣੇ ਕਮਰਿਆਂ ਦੀਆਂ ਚਾਬੀਆਂ ਸੌਂਪਦੇ ਹੋਏ ਭਾਈ ਸਵਿੰਦਰਪਾਲ ਸਿੰਘ। ਉਨ੍ਹਾਂ ਨਾਲ ਅੰਤ੍ਰਿੰਗ ਮੈਂਬਰਾਨ ਸ. ਰਜਿੰਦਰ ਸਿੰਘ ਮਹਿਤਾ, ਸ. ਨਿਰਮੈਲ ਸਿੰਘ ਜੌਲਾਂ ਤੇ ਸ. ਗੁਰਬਚਨ ਸਿੰਘ ਕਰਮੂੰਵਾਲ, ਸ. ਸੁਲੱਖਣ ਸਿੰਘ ਮੈਨੇਜਰ, ਸ. ਪਰਮਜੀਤ ਸਿੰਘ ਮੁੰਡਾ ਪਿੰਡ ਨਿੱਜੀ ਸਹਾਇਕ ਅਤੇ ਹੋਰ। (31 ਮਈ 2016)

*(ਪੰਨਾ ੪੨ ਦਾ ਬਾਕੀ)*

ਮਹਿੰਦਰ ਸਿੰਘ ਆਹਲੀ, ਸ. ਪਰਮਜੀਤ ਸਿੰਘ ਸਰੋਆ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਬਿਜੈ ਸਿੰਘ ਤੇ ਸ. ਕੇਵਲ ਸਿੰਘ ਵਧੀਕ ਸਕੱਤਰ, ਸ. ਪਰਮਜੀਤ ਸਿੰਘ ਮੁੰਡਾਪਿੰਡ ਨਿਜੀ ਸਹਾਇਕ, ਸ. ਸੁਖਬੀਰ ਸਿੰਘ ਤੇ ਸ. ਕਰਮਬੀਰ ਸਿੰਘ ਇੰਚਾਰਜ, ਸ. ਗੁਰਮੀਤ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਦੇਗਸਰ ਸਾਹਿਬ ਕਟਾਣਾ (ਲੁਧਿਆਣਾ) ਆਦਿ ਮੌਜੂਦ ਸਨ। *੨੬ ਮਈ*

## ਅੰਮ੍ਰਿਤਧਾਰੀ ਵਿੱਦਿਆਰਥੀਆਂ ਨੂੰ ਕ੍ਰਿਪਾਨ ਤੇ ਕੜਾ ਪਾਉਣ ਕਰਕੇ ਪ੍ਰੀਖਿਆ 'ਚ ਜਾਣ ਤੋਂ ਰੋਕਣ ਦੀ ਜਥੇ. ਅਵਤਾਰ ਸਿੰਘ ਨੇ ਕੀਤੀ ਨਿਖੇਧੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੰਬਾਲਾ ਵਿਖੇ ਪਾਲੀਟੈਕਨੀਕਲ ਇੰਸਟੀਚਿਊਟ 'ਚ ਪਟਵਾਰੀਆਂ ਦੇ ਟੈਸਟ ਦੌਰਾਨ ਪ੍ਰੀਖਿਆ ਕੇਂਦਰ ਦੇ ਮੁੱਖੀ ਤੇ ਇੱਕ ਏ.ਐਸ.ਆਈ. ਵੱਲੋਂ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਕ੍ਰਿਪਾਨ ਤੇ ਕੜਾ ਪਾਉਣ ਕਰਕੇ ਪ੍ਰੀਖਿਆ ਕੇਂਦਰ ਵਿੱਚ ਜਾਣ ਤੋਂ ਰੋਕਣ ਅਤੇ ਚੰਡੀਗੜ੍ਹ ਵਿਖੇ ਪੱਗੜੀ ਉਪਰ ਚੁਕਾ ਕੇ ਕੰਨ ਚੈੱਕ ਕਰਨ ਦੀ ਸਖ਼ਤ ਸਬਦਾਂ 'ਚ ਨਿਖੇਧੀ ਕੀਤੀ ਹੈ।

ਇਥੋਂ ਜਾਰੀ ਪ੍ਰੈੱਸ ਬਿਆਨ 'ਚ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਘਟਨਾ ਹੈ ਅਤੇ ਇਸ ਸਬੰਧੀ ਭਾਰਤ ਦੇ ਪ੍ਰਧਾਨ ਮੰਤਰੀ ਅਤੇ ਹਰਿਆਣੇ ਦੇ ਮੁੱਖ ਮੰਤਰੀ ਨੂੰ ਪੱਤਰ ਲਿਖ ਕੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕਰਨ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਸਿੱਖਾਂ ਨੂੰ ਅੰਮ੍ਰਿਤ ਦੀ ਦਾਤ ਬਖਸ਼ ਕੇ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ। ਉਨ੍ਹਾਂ ਆਪਣੇ ਅੰਮ੍ਰਿਤਧਾਰੀ ਸਿੱਖਾਂ ਨੂੰ ਰਹਿਤ ਵਜੋਂ ਪੰਜ ਕਕਾਰਾਂ (ਕੇਸ, ਕੰਘਾ, ਕੜਾ, ਕ੍ਰਿਪਾਨ ਤੇ ਕਛਹਿਰਾ) ਦੇ ਧਾਰਨੀ ਬਣਾਇਆ। ਉਨ੍ਹਾਂ ਕਿਹਾ ਕਿ ਸਾਬਤ ਸੂਰਤ ਸਿੱਖ ਲਈ ਕਕਾਰ ਸਰੀਰ ਦੇ ਇਕ ਅੰਗ ਵਾਂਗ ਹੁੰਦੇ ਹਨ ਜਿਨ੍ਹਾਂ ਨੂੰ ਵੱਖ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਕ ਪਾਸੇ ਵਿਦੇਸ਼ਾਂ ਵਿੱਚ ਸਿੱਖਾਂ ਦੀ ਪਹਿਚਾਣ ਨੂੰ ਲੈ ਕੇ ਪੈਦਾ ਹੋਏ ਭਰਮ-ਭੁਲੇਖਿਆਂ ਨੂੰ ਦੂਰ ਕਰਨ ਲਈ ਯਤਨ ਕੀਤੇ ਜਾ ਰਹੇ ਹਨ, ਦੂਜੇ ਪਾਸੇ ਆਪਣੇ ਹੀ ਦੇਸ਼ ਵਿੱਚ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਮਨਪਸੰਦ ਸਿੱਖ ਕੌਮ ਦੇ ਧਾਰਮਿਕ ਚਿੰਨ੍ਹਾਂ ਨੂੰ ਅਸ਼ਾਂਤੀ ਤੇ ਅਸੁਰੱਖਿਆ ਨਾਲ ਜੋੜ ਕੇ ਵੇਖਣਾ ਨਹੀਂ ਚਾਹੀਦਾ।

ਉਨ੍ਹਾਂ ਕਿਹਾ ਕਿ ਅੰਮ੍ਰਿਤਧਾਰੀ ਵਿਦਿਆਰਥੀਆਂ ਵੱਲੋਂ ਸਿੱਖ ਰਹਿਤ ਮਰਯਾਦਾ ਬਾਰੇ ਜਾਣੂ ਕਰਵਾਉਣ ਦੇ ਬਾਵਜੂਦ ਕੇਂਦਰ ਮੁਖੀ ਫਕੀਰ ਚੰਦ ਤੇ ਏ.ਐੱਸ.ਆਈ. ਰਮੇਸ਼ ਚੰਦ ਵੱਲੋਂ ਅਜਿਹੀ ਘਟਨਾ ਨੂੰ ਅੰਜਾਮ ਦੇਣ ਨਾਲ ਉਨ੍ਹਾਂ ਆਪਣੀ ਛੋਟੀ ਤੇ ਘਿਨਾਉਣੀ ਸੋਚ ਨੂੰ ਉਜਾਗਰ ਕੀਤਾ ਹੈ। ਉਨ੍ਹਾਂ ਭਾਰਤ ਦੇ ਪ੍ਰਧਾਨ ਮੰਤਰੀ ਤੇ ਹਰਿਆਣੇ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਦੋਸ਼ੀ ਬਖਸ਼ੇ ਨਹੀਂ ਜਾਣੇ ਚਾਹੀਦੇ ਤਾਂ ਜੋ ਕਿਸੇ ਵੀ ਧਰਮ ਨਾਲ ਸਬੰਧਤ ਵਿਅਕਤੀ ਨੂੰ ਆਪਣੇ ਧਾਰਮਿਕ ਚਿੰਨ੍ਹਾਂ ਕਰਕੇ ਇਸ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। *੨ ਮਈ*

## ਅਖਨੂਰ ਵਿਚ ਸਿੱਖ ਨੌਜਵਾਨ ਦੇ ਕੇਸਾਂ ਦੀ ਬੇਅਦਬੀ ਕਰਨ ਦਾ ਜਥੇਦਾਰ ਅਵਤਾਰ ਸਿੰਘ ਨੇ ਲਿਆ ਸਖ਼ਤ ਨੋਟਿਸ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜੰਮੂ ਦੇ ਨੇੜਲੇ ਕਸਬਾ ਅਖਨੂਰ ਵਿਖੇ ਹਰਵਿੰਦਰ ਸਿੰਘ ਨਾਂ ਦੇ ਇੱਕ ਸਿੱਖ ਨੌਜਵਾਨ ਨੂੰ ਕੇਸਾਂ ਤੋਂ ਫੜ੍ਹ ਕੇ ਬੁਰੀ ਤਰ੍ਹਾਂ ਕੁੱਟਣ ਦਾ ਸਖ਼ਤ ਨੋਟਿਸ ਲਿਆ ਹੈ। ਉਨ੍ਹਾਂ ਕਿਹਾ ਕਿ ਦੋ ਵਿਅਕਤੀਆਂ ਸੰਨੀ ਗੁਪਤਾ ਤੇ ਬਨੀ ਗੁਪਤਾ ਵੱਲੋਂ ਸ਼ਰੇਆਮ ਸਿੱਖ ਨੌਜਵਾਨ ਦੀ ਕੁੱਟਮਾਰ ਕਰਨੀ ਮੰਦਭਾਗੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਅਨਸਰ ਇਨਸਾਨੀਅਤ ਦੇ ਨਾਮ ਤੇ ਦਾਗ ਹਨ ਜੋ ਦੇਸ਼ ਦੇ ਸ਼ਾਂਤਮਈ ਮਾਹੌਲ ਨੂੰ ਖਰਾਬ ਕਰਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਦੇਸ਼-ਵਿਦੇਸ਼ ਵਿੱਚ ਵਸਦੇ ਸਿੱਖਾਂ ਵਿੱਚ ਇਸ ਮੰਦਭਾਗੀ ਘਟਨਾ ਵਾਪਰਨ ਨਾਲ ਸਖ਼ਤ ਗੁੱਸੇ ਦੀ ਲਹਿਰ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੋ

ਅਨਸਰ ਐਸੀਆਂ ਘਿਨਾਉਣੀਆਂ ਹਰਕਤਾਂ ਕਰਦੇ ਹਨ ਉਨ੍ਹਾਂ ਨੂੰ ਕਦਾਚਿੱਤ ਵੀ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਜੰਮੂ-ਕਸ਼ਮੀਰ ਦੀ ਮੁੱਖ ਮੰਤਰੀ ਸ੍ਰੀ ਮਤੀ ਮਹਿਬੂਬਾ ਮੁਫ਼ਤੀ ਨੂੰ ਅਪੀਲ ਕਰਦਿਆਂ ਕਿਹਾ ਕਿ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ।

## ਦਿੱਲੀ ਸਰਕਾਰ ਵੱਲੋਂ ਪੰਜਾਬੀ ਭਾਸ਼ਾ ਬੰਦ ਕਰਨ ਦੇ ਫੈਸਲੇ ਦਾ ਜਥੇਦਾਰ ਅਵਤਾਰ ਸਿੰਘ ਨੇ ਸਖ਼ਤ ਨੋਟਿਸ ਲਿਆ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੱਲੀ ਦੇ ਸਕੂਲਾਂ ਵਿੱਚ ਸ੍ਰੀ ਅਰਵਿੰਦ ਕੇਜਰੀਵਾਲ ਦੀ ਸਰਕਾਰ ਵੱਲੋਂ ਪੰਜਾਬੀ, ਉਰਦੂ ਤੇ ਸੰਸਕ੍ਰਿਤ ਭਾਸ਼ਾ ਨੂੰ ਬੰਦ ਕਰਨ ਦੇ ਕੀਤੇ ਗਏ ਫੈਸਲੇ ਦਾ ਸਖਤ ਸ਼ਬਦਾਂ ਵਿੱਚ ਨੋਟਿਸ ਲੈਂਦਿਆਂ ਇਸ ਨੂੰ ਮੰਦਭਾਗਾ ਤੇ ਨਿੰਦਣਯੋਗ ਕਿਹਾ ਹੈ।

ਇਥੋਂ ਜਾਰੀ ਪ੍ਰੈੱਸ ਬਿਆਨ 'ਚ ਉਨ੍ਹਾਂ ਕਿਹਾ ਕਿ ਸ੍ਰੀ ਕੇਜਰੀਵਾਲ ਸਰਕਾਰ ਵੱਲੋਂ ਪੰਜਾਬੀ ਭਾਸ਼ਾ ਨੂੰ ਖਤਮ ਕਰਨ ਦਾ ਫੈਸਲਾ ਘੱਟ ਗਿਣਤੀ ਸਿੱਖਾਂ 'ਤੇ ਹਮਲਾ ਹੈ ਜੋ ਕਦਾਚਿਤ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸ੍ਰੀ ਕੇਜਰੀਵਾਲ ਦੀ ਸਰਕਾਰ ਪੰਜਾਬੀ ਨੂੰ ਦੂਸਰੀ ਭਾਸ਼ਾ ਦਾ ਦਰਜਾ ਦੇਣ ਵਾਲੇ ਉਸ ਕਾਨੂੰਨ ਨੂੰ ਵਾਪਸ ਨਹੀਂ ਲੈ ਸਕਦੀ ਜੋ ਪਾਰਲੀਮੈਂਟ ਵਿੱਚ ਪਾਸ ਹੋਇਆ ਹੋਵੇ। ਉਨ੍ਹਾਂ ਕਿਹਾ ਕਿ ਕੈਨੇਡਾ ਵਰਗੇ ਮੁਲਕ 'ਚ ਪੰਜਾਬੀ ਭਾਸ਼ਾ ਨੂੰ ਤੀਜਾ ਦਰਜਾ ਦਿੱਤਾ ਗਿਆ ਹੈ, ਪਰ ਆਪਣੇ ਮੁਲਕ ਖਾਸ ਕਰ ਦੇਸ਼ ਦੀ ਰਾਜਧਾਨੀ ਵਿੱਚ ਪੰਜਾਬੀ ਭਾਸ਼ਾ ਨਾਲ ਮਤਰੇਈ ਮਾਂ ਵਰਗਾ ਸਲੂਕ ਹੋਣਾ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਤੇ ਪੰਜਾਬੀਅਤ ਦੀ ਦੁਸ਼ਮਣ ਸ੍ਰੀ ਕੇਜਰੀਵਾਲ ਦੀ ਸਰਕਾਰ ਵੱਲੋਂ ਪੰਜਾਬੀ ਨੂੰ ਅੱਖੋਂ-ਪਰੋਖੇ ਕਰਨ ਨਾਲ ਉਸ ਦਾ ਪੰਜਾਬੀ ਪ੍ਰੇਮੀਆਂ ਤੇ ਸਿੱਖਾਂ ਪ੍ਰਤੀ ਘ੍ਰਿਣਾਤਮਕ ਤੇ ਬਹੁਰੂਪੀਏ ਵਾਲਾ ਚਿਹਰਾ ਨੰਗਾ ਹੋ ਗਿਆ ਹੈ।

ਉਨ੍ਹਾਂ ਕਿਹਾ ਕਿ ਦਿੱਲੀ ਦੇ ਜਿਨ੍ਹਾਂ ਸਕੂਲਾਂ 'ਚ ਪੰਜਾਬੀ ਅਧਿਆਪਕ ਨਹੀਂ ਹਨ ਉਨ੍ਹਾਂ ਸਕੂਲਾਂ 'ਚ ਪੰਜਾਬੀ ਅਧਿਆਪਕ ਦਿੱਤੇ ਜਾਣ। ਉਨ੍ਹਾਂ ਦਿੱਲੀ ਸਰਕਾਰ ਨੂੰ ਕਿਹਾ ਕਿ ਉਹ ਸਕੂਲਾਂ 'ਚ ਪੰਜਾਬੀ ਭਾਸ਼ਾ ਨੂੰ ਬੰਦ ਕਰਨ ਦੇ ਦਿੱਤੇ ਗਏ ਫੈਸਲੇ ਨੂੰ ਤੁਰੰਤ ਵਾਪਸ ਲਵੇ ਤੇ ਪੂਰੀ ਸੁਹਿਰਦਤਾ ਨਾਲ ਇਸ ਨੂੰ ਬਣਦਾ ਮਾਣ ਸਤਿਕਾਰ ਦੇਵੇ। *੭ ਮਈ*

## ਸ੍ਰੀਲੰਕਾ ਦੀ ਅਧਿਕਾਰਤ ਵੈੱਬਸਾਈਟ ਪੰਜਾਬੀ ਵਿਚ ਪੜ੍ਹੀ ਜਾਣੀ ਸਿੱਖਾਂ ਲਈ ਮਾਣ ਵਾਲੀ ਗੱਲ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਸ੍ਰੀਲੰਕਾ ਸੈਰ ਸਪਾਟਾ ਵਿਕਾਸ ਅਥਾਰਟੀ ਦੀ ਅਧਿਕਾਰਤ ਵੈੱਬਸਾਈਟ ਪੰਜਾਬੀ ਵਿੱਚ ਪੜ੍ਹੀ ਜਾਣੀ ਦੇਸ਼-ਵਿਦੇਸ਼ 'ਚ ਵੱਸਦੇ ਸਮੂਹ ਸਿੱਖਾਂ ਲਈ ਬੜੇ ਮਾਣ ਵਾਲੀ ਗੱਲ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਇੱਕ ਪਾਸੇ ਜਿਥੇ ਦੇਸ਼ ਦੀ ਰਾਜਧਾਨੀ ਦਿੱਲੀ ਅਤੇ ਗੁਆਂਢੀ ਰਾਜ ਹਰਿਆਣਾ ਵਿੱਚ ਪੰਜਾਬੀ ਭਾਸ਼ਾ ਨੂੰ ਪੂਰਾ ਮਾਣ ਸਤਿਕਾਰ ਨਹੀਂ ਮਿਲ ਰਿਹਾ, ਉਥੇ ਭਾਰਤ ਦੇ ਗੁਆਂਢੀ ਮੁਲਕ ਸ੍ਰੀਲੰਕਾ ਵੱਲੋਂ ਆਪਣੀ ਅਧਿਕਾਰਤ ਵੈੱਬਸਾਈਟ 'ਤੇ ਦੁਨੀਆਂ ਦੀਆਂ ੧੦੪ ਭਾਸ਼ਾਵਾਂ ਵਿੱਚ ਪੰਜਾਬੀ ਭਾਸ਼ਾ ਨੂੰ ਬਣਦਾ ਸਥਾਨ ਦੇਣਾ ਸਵਾਗਤਯੋਗ ਹੈ।

ਉਨ੍ਹਾਂ ਕਿਹਾ ਕਿ ਪੰਜਾਬੀਆਂ ਲਈ ਇਹ ਬਹੁਤ ਵੱਡੀ ਗੱਲ ਹੈ ਕਿ ਕਿਸੇ ਦੂਜੇ ਮੁਲਕ ਵੱਲੋਂ ਪੰਜਾਬੀ ਭਾਸ਼ਾ ਨੂੰ ਮਾਣ ਦਿੱਤਾ ਗਿਆ ਹੋਵੇ। ਉਨ੍ਹਾਂ ਕਿਹਾ ਕਿ ਸ੍ਰੀਲੰਕਾ ਸੈਰ ਸਪਾਟਾ ਅਥਾਰਟੀ ਦੀ ਜਿੰਨੀ ਵੀ ਤਾਰੀਫ ਕੀਤੀ ਜਾਵੇ ਉਹ ਘੱਟ ਹੈ। ਉਨ੍ਹਾਂ ਕਿਹਾ ਕਿ ਸ੍ਰੀਲੰਕਾ ਵਾਂਗ ਹੋਰਨਾ ਦੇਸ਼ਾਂ ਨੂੰ ਵੀ ਚਾਹੀਦਾ ਹੈ ਕਿ ਉਹ ਪੰਜਾਬੀ ਭਾਸ਼ਾ ਨੂੰ ਬਣਦਾ ਸਥਾਨ ਦੇਣ।

ਉਨ੍ਹਾਂ ਕਿਹਾ ਕਿ ਭਾਰਤ ਦੀ ਰਾਜਧਾਨੀ ਦਿੱਲੀ ਦੇ ਸਕੂਲਾਂ ਵਿੱਚ ਸ੍ਰੀ ਅਰਵਿੰਦ ਕੇਜਰੀਵਾਲ ਦੀ ਸਰਕਾਰ ਨੇ

ਪੰਜਾਬੀ ਭਾਸ਼ਾ ਨੂੰ ਲਾਜ਼ਮੀ ਵਿਸ਼ਿਆਂ ਦੀ ਸ਼੍ਰੇਣੀ ਵਿੱਚ ਸ਼ਾਮਲ ਨਾ ਕਰਕੇ ਦੋਹਰੀ ਨੀਤੀ ਅਪਨਾਉਂਦਿਆ ਦੇਸ਼-ਵਿਦੇਸ਼ ਵਿੱਚ ਵੱਸਦੇ ਸਿੱਖਾਂ ਨਾਲ ਵਿਸ਼ਵਾਸਘਾਤ ਕੀਤਾ ਹੈ, ਜਿਸ ਦਾ ਵਿਰੋਧ ਹੋਣ ਤੋਂ ਬਾਅਦ ਉਸ ਨੂੰ ਫੈਸਲਾ ਵਾਪਸ ਲੈਣਾ ਪਿਆ। ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਸ੍ਰੀ ਕੇਜਰੀਵਾਲ ਸਰਕਾਰ ਨੇ ਨਵੇਂ ਸਰਕੂਲਰ ਵਿੱਚ ਇਹ ਬਿਲਕੁਲ ਸਪੱਸ਼ਟ ਨਹੀਂ ਕੀਤਾ ਹੈ ਕਿ ਪੰਜਾਬੀ ਭਾਸ਼ਾ ਨੂੰ ਵਾਧੂ ਸ਼੍ਰੇਣੀ ਵਾਲੇ ਵਿਸ਼ਿਆਂ ਦੀ ਸੂਚੀ ਵਿੱਚੋਂ ਕੱਢ ਕੇ ਲਾਜ਼ਮੀ ਵਿਸ਼ਿਆਂ ਦੀ ਸ਼੍ਰੇਣੀ ਵਿੱਚ ਸ਼ਾਮਲ ਕੀਤਾ ਗਿਆ ਹੈ ਜਾਂ ਨਹੀਂ। *੨੪ ਮਈ*

## ਰਾਜਿਸਥਾਨ ਸਰਕਾਰ ਵੱਲੋਂ ਸਰਕਾਰੀ ਸਕੂਲਾਂ 'ਚ ਪੰਜਾਬੀ ਭਾਸ਼ਾ ਨੂੰ ਹਟਾਉਣਾ ਗਲਤ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਰਾਜਿਸਥਾਨ ਦੀ ਭਾਜਪਾ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਨੂੰ ਹਟਾ ਕੇ ਸੰਸਕ੍ਰਿਤ ਭਾਸ਼ਾ ਲਾਗੂ ਕੀਤੇ ਜਾਣ ਨੂੰ ਗਲਤ ਦੱਸਿਆ ਹੈ।

ਇਥੋਂ ਜਾਰੀ ਪ੍ਰੈੱਸ ਬਿਆਨ 'ਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਜਥੇਦਾਰ ਅਵਤਾਰ ਸਿੰਘ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਰਾਜਿਸਥਾਨ ਦੀ ਮੁੱਖ ਮੰਤਰੀ ਵਸੁੰਧਰਾ ਰਾਜੇ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਪਹਿਲਾਂ ਦੀ ਤਰ੍ਹਾਂ ਹੀ ਰਾਜ ਅੰਦਰ ਪੰਜਾਬੀ ਭਾਸ਼ਾ ਦਾ ਦਰਜਾ ਬਹਾਲ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਨਾਲ ਸਰਕਾਰੀ ਵਿਤਕਰੇਬਾਜ਼ੀ ਕਿਸੇ ਵੀ ਕੀਮਤ 'ਤੇ ਜਾਇਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ ਸ੍ਰੀ ਕੇਜਰੀਵਾਲ ਦੀ ਸਰਕਾਰ ਨੇ ਪੰਜਾਬੀ ਭਾਸ਼ਾ ਨਾਲ ਵਿਤਕਰਾ ਕਰਕੇ ਧ੍ਰੋਹ ਕਮਾਇਆ ਹੈ ਤੇ ਹੁਣ ਭਾਜਪਾ ਸਰਕਾਰ ਵੱਲੋਂ ਉਸੇ ਹੀ ਤਰਜ਼ ਤੇ ਚੱਲਦਿਆਂ ਰਾਜਿਸਥਾਨ ਅੰਦਰ ਮਤਰੇਈ ਮਾਂ ਵਰਗਾ ਸਲੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਰਾਜਿਸਥਾਨ ਦੀ ਮੁੱਖ ਮੰਤਰੀ ਵਸੁੰਧਰਾ ਰਾਜੇ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਸਰਕਾਰੀ ਸਕੂਲਾਂ ਵਿੱਚ ਪੰਜਾਬੀ ਅਧਿਆਪਕਾਂ ਦੀਆਂ ਆਸਾਮੀਆਂ ਭਰਨ ਦੇ ਨਾਲ-ਨਾਲ ਸੰਸਕ੍ਰਿਤ ਭਾਸ਼ਾ ਦੀ ਥਾਂ ਪੰਜਾਬੀ ਨੂੰ ਪ੍ਰਮੁੱਖਤਾ ਦੇ ਆਧਾਰ 'ਤੇ ਲਾਗੂ ਕਰਵਾਉਣ।

ਉਨ੍ਹਾਂ ਕਿਹਾ ਕਿ ਦੇਸ਼-ਵਿਦੇਸ਼ ਵਿੱਚ ਵੱਸਦੇ ਪੰਜਾਬੀ ਭਾਸ਼ਾ ਨਾਲ ਪਿਆਰ ਕਰਨ ਵਾਲਿਆਂ ਵਿੱਚ ਰੋਸ ਪਾਇਆ ਜਾ ਰਿਹਾ ਹੈ, ਇਸ ਲਈ ਭਾਜਪਾ ਸਰਕਾਰ ਪੰਜਾਬੀ ਭਾਸ਼ਾ ਨੂੰ ਹਟਾਉਣ ਦੇ ਫੈਸਲੇ ਨੂੰ ਤੁਰੰਤ ਵਾਪਸ ਲਵੇ ਤੇ ਪੂਰੀ ਸੁਹਿਰਦਤਾ ਨਾਲ ਇਸ ਨੂੰ ਬਣਦਾ ਮਾਣ ਸਤਿਕਾਰ ਦੇਵੇ। *੨੫ ਮਈ*

## ਸਿੱਖ ਇਤਿਹਾਸ ਰੀਸਰਚ ਬੋਰਡ ਵੱਲੋਂ ਦੁਰਲੱਭ ਪੁਸਤਕਾਂ ਮੁੜ ਪ੍ਰਕਾਸ਼ਿਤ ਕਰਵਾਈਆਂ ਜਾਣਗੀਆਂ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਹੇਠ ਸਿੱਖ ਇਤਿਹਾਸ ਰੀਸਰਚ ਬੋਰਡ ਅਤੇ ਸਿੱਖ ਰੈਫਰੈਂਸ ਲਾਇਬ੍ਰੇਰੀ ਦੇ ਕੰਮਕਾਜ ਨੂੰ ਹੋਰ ਬਿਹਤਰ ਬਣਾਉਣ ਲਈ ਗਠਿਤ ਕੀਤੀ ਗਈ ਸਲਾਹਕਾਰ ਸਬ-ਕਮੇਟੀ ਦੀ ਇਕੱਤਰਤਾ ਦਫ਼ਤਰ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਬਲਾਕ ਵਿਖੇ ਹੋਈ, ਜਿਸ ਵਿੱਚ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਕਮੇਟੀ ਮੈਂਬਰ, ਡਾ. ਬਲਵੰਤ ਸਿੰਘ ਢਿੱਲੋਂ, ਡਾ. ਹਰਚੰਦ ਸਿੰਘ ਬੇਦੀ, ਡਾ. ਬਲਕਾਰ ਸਿੰਘ, ਡਾ. ਪ੍ਰਿਥੀਪਾਲ ਸਿੰਘ ਕਪੂਰ, ਡਾ. ਸਰਬਜਿੰਦਰ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ ਤੇ ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ ਸ਼੍ਰੋਮਣੀ ਕਮੇਟੀ ਸ਼ਾਮਿਲ ਹੋਏ।

ਇਕੱਤਰਤਾ ਵਿੱਚ ਲਏ ਗਏ ਫੈਸਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦਾ ਇੱਕ ਸਦੀ ਦਾ ਇਤਿਹਾਸ ਅਤੇ ਤਿੰਨ

ਮੋਰਚਿਆਂ (ਜੈਤੋ ਦਾ ਮੋਰਚਾ, ਐਮਰਜੈਂਸੀ ਮੋਰਚਾ ਤੇ ਧਰਮ ਯੁੱਧ ਮੋਰਚਾ) ਦੇ ਇਤਿਹਾਸ ਨੂੰ ਰੂਪਮਾਨ ਕਰਦੀਆਂ ਪੁਸਤਕਾਂ ਛਾਪੀਆਂ ਜਾਣਗੀਆਂ ਤੇ ਮੋਰਚਿਆਂ ਨਾਲ ਸਬੰਧਤ ਵਿਅਕਤੀਆਂ ਦੀਆਂ ਵੀਡੀਓਗ੍ਰਾਫੀ ਮੁਲਾਕਾਤਾਂ ਕਰਕੇ ਦਸਤਾਵੇਜ਼ ਤਿਆਰ ਕੀਤੇ ਜਾਣਗੇ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸਬੰਧੀ ਪ੍ਰਮਾਣਿਕ ਟਰੈਕਟ ਵੱਖ-ਵੱਖ ਭਾਸ਼ਾਵਾਂ ਵਿੱਚ ਤਿਆਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਗੁਰਦੁਆਰਾ ਸਾਹਿਬਾਨ ਦੇ ਇਤਿਹਾਸ ਨੂੰ ਵੀ ਡਿਸਪਲੇ ਕੀਤਾ ਜਾਵੇਗਾ ਤਾਂ ਜੋ ਸੰਗਤਾਂ ਨੂੰ ਸਬੰਧਿਤ ਗੁਰਦੁਆਰਾ ਸਾਹਿਬ ਬਾਰੇ ਜਾਣਕਾਰੀ ਮਿਲ ਸਕੇ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਰੀਸਰਚ ਬੋਰਡ ਨੂੰ ਸਮੇਂ ਦੇ ਹਾਣ ਦਾ ਬਣਾਉਣ ਲਈ ਯਤਨ ਕੀਤੇ ਜਾਣਗੇ ਅਤੇ ਖੋਜ ਕਾਰਜਾਂ ਨੂੰ ਜ਼ੋਰਦਾਰ ਤਰੀਕੇ ਨਾਲ ਆਰੰਭਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਨਾਲ ਸਬੰਧਤ ਦੁਰਲੱਭ ਪੁਸਤਕਾਂ ਨੂੰ ਪੁਨਰ ਪ੍ਰਕਾਸ਼ਿਤ ਕਰਨ ਸਬੰਧੀ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਜਲਾਸਾਂ, ਜਿਨ੍ਹਾਂ ਦੀ ਫੋਟੋਗ੍ਰਾਫੀ ਉਪਲੱਬਧ ਹੈ ਨੂੰ ਵੀ ਡਿਜੀਟਲ ਲਾਇਬ੍ਰੇਰੀ ਦੇ ਰੂਪ ਵਿਚ ਸੰਭਾਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਰੀਸਰਚ ਬੋਰਡ ਲਈ ਨਵੇਂ ਸਕਾਲਰ ਰੱਖਣ ਦੀ ਪ੍ਰਕਿਰਿਆ ਚੱਲ ਰਹੀ ਹੈ ਅਤੇ ਜਲਦ ਹੀ ਇਸ ਨੂੰ ਮੁਕੰਮਲ ਕਰ ਲਿਆ ਜਾਵੇਗਾ।

ਸਿੱਖ ਇਤਿਹਾਸ ਰੀਸਰਚ ਬੋਰਡ ਦੇ ਸੀਨੀਅਰ ਮੈਂਬਰ ਪ੍ਰੋ. ਪ੍ਰਿਥੀਪਾਲ ਸਿੰਘ ਕਪੂਰ ਨੇ ਸ਼੍ਰੋਮਣੀ ਕਮੇਟੀ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੜੇ ਲੰਮੇ ਅਰਸੇ ਬਾਅਦ ਬੋਰਡ ਦੇ ਕੰਮਕਾਜ ਦਾ ਮੁਲਾਂਕਣ ਕਰਨ ਲਈ ਇਹ ਇਕੱਤਰਤਾ ਇਕ ਸ਼ੁਭ ਸੰਕੇਤ ਹੈ ਜਿਸ ਨਾਲ ਵਿਧੀਵਤ ਢੰਗ ਨਾਲ ਖੋਜ ਕਾਰਜ ਸ਼ੁਰੂ ਹੋਣ ਦੀ ਆਸ ਬੱਝੀ ਹੈ। ਉਨ੍ਹਾਂ ਨੇ ਸਿੱਖ ਇਤਿਹਾਸ ਨਾਲ ਸਬੰਧਤ ਵੱਖ-ਵੱਖ ਪ੍ਰੋਜੈਕਟਾਂ ਤੇ ਕੰਮ ਕਰਨ ਲਈ ਤਜ਼ਰਬੇਕਾਰ ਸੇਵਾ-ਮੁਕਤ ਵਿਦਵਾਨਾਂ ਦੀਆਂ ਸੇਵਾਵਾਂ ਲੈਣ ਦਾ ਸੁਝਾਅ ਵੀ ਦਿੱਤਾ, ਜਿਸ ਨਾਲ ਸਭ ਨੇ ਸਹਿਮਤੀ ਪ੍ਰਗਟ ਕੀਤੀ। ਡਾ. ਬਲਵੰਤ ਸਿੰਘ ਢਿੱਲੋਂ ਨੇ ਕਿਹਾ ਕਿ ਮੋਰਚਿਆਂ ਦਾ ਦਸਤਾਵੇਜ਼ ਤਿਆਰ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਸਕਾਲਰਾਂ ਨੂੰ ਯੂਨੀਵਰਸਿਟੀਆਂ ਵੱਲੋਂ ਪੂਰਾ-ਪੂਰਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਪ੍ਰੋ. ਸੁਖਦੇਵ ਸਿੰਘ ਇੰਚਾਰਜ, ਡਾ. ਪਰਮਵੀਰ ਸਿੰਘ ਤੇ ਸ. ਗੁਰਬਚਨ ਸਿੰਘ ਇੰਚਾਰਜ ਆਦਿ ਹਾਜ਼ਰ ਸਨ। *੧੧ ਮਈ*

# ਸਿੱਖ ਗੁਰਦੁਆਰਾ ਐਕਟ 'ਚ ਸੋਧ ਨੂੰ ਰਾਸ਼ਟਰਪਤੀ ਵੱਲੋਂ ਮਨਜ਼ੂਰੀ ਦਿੱਤੇ ਜਾਣ ਦਾ ਜਥੇਦਾਰ ਅਵਤਾਰ ਸਿੰਘ ਵੱਲੋਂ ਸਵਾਗਤ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਰਤ ਦੇ ਰਾਸ਼ਟਰਪਤੀ ਸ੍ਰੀ ਪ੍ਰਣਾਬ ਮੁਖਰਜੀ ਵੱਲੋਂ ਸਿੱਖ ਗੁਰਦੁਆਰਾ ਸੋਧ ਬਿੱਲ ਨੂੰ ਮਨਜ਼ੂਰੀ ਦੇਣ ਦਾ ਸਵਾਗਤ ਕੀਤਾ ਹੈ।

ਦਫ਼ਤਰ ਤੋਂ ਜਾਰੀ ਪ੍ਰੈਸ ਨੋਟ 'ਚ ਉਨ੍ਹਾਂ ਕਿਹਾ ਕਿ ਸ. ਪ੍ਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਤੇ ਸ. ਸੁਖਬੀਰ ਸਿੰਘ ਬਾਦਲ ਉੱਪ ਮੁੱਖ ਮੰਤਰੀ ਪੰਜਾਬ ਦੇ ਉੱਦਮ ਸਦਕਾ ਕੇਂਦਰ ਸਰਕਾਰ ਵੱਲੋਂ ਇਹ ਬਹੁਤ ਹੀ ਵਧੀਆ ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨਾਲ ਲਗਾਤਾਰ ਸੰਪਰਕ ਕਰਕੇ ਪਹਿਲਾਂ ਕੇਂਦਰੀ ਮੰਤਰੀ ਮੰਡਲ ਦੀ ਇਕੱਤਰਤਾ, ਫੇਰ ਰਾਜ ਸਭਾ ਤੇ ਲੋਕ ਸਭਾ ਵਿੱਚੋਂ ਇਹ ਬਿੱਲ ਪਾਸ ਕਰਵਾਇਆ ਤੇ ਹੁਣ ਭਾਰਤ ਦੇ ਰਾਸ਼ਟਰਪਤੀ ਸ੍ਰੀ ਪ੍ਰਣਾਬ ਮੁਖਰਜੀ ਵੱਲੋਂ ਇਸ ਦੇ ਆਖਰੀ ਪੜਾਅ ਨੂੰ ਪੂਰਾ ਕਰਦਿਆਂ ਮਨਜ਼ੂਰੀ ਦੇ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਬਿੱਲ ਪਾਸ ਹੋਣ ਨਾਲ ਕੇਸ-ਦਾੜ੍ਹੀ ਕੱਟਣ ਵਾਲੇ ਅਤੇ ਨਸ਼ਿਆਂ ਦਾ ਸੇਵਨ ਕਰਨ ਵਾਲੇ ਲੋਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਿੱਚ ਵੋਟ ਨਹੀਂ ਪਾ ਸਕਣਗੇ।

ਉਨ੍ਹਾਂ ਕਿਹਾ ਕਿ ਜੋ ਲੋਕ ਸਿੱਖ ਹੁੰਦੇ ਹੋਏ ਆਪਣੇ ਕੇਸ ਕਤਲ ਕਰਦੇ ਹਨ ਉਹ ਗੁਰਦੁਆਰਾ ਚੋਣ ਦੀ ਵੋਟ ਦੇ ਅਧਿਕਾਰੀ ਨਹੀਂ ਹਨ। ਉਨ੍ਹਾਂ ਸ਼੍ਰੋਮਣੀ ਕਮੇਟੀ ਚੋਣਾਂ 'ਚ ਆਪਣੇ ਵੋਟ ਦਾ ਵਡਮੁੱਲਾ ਯੋਗਦਾਨ ਲਈ ਕਲਗੀਧਰ ਦਸਮੇਸ਼ ਪਿਤਾ ਵੱਲੋਂ ਬਖਸ਼ਿਆ ਸਾਬਤ ਸੂਰਤ ਸਿੱਖੀ ਸਰੂਪ ਕਾਇਮ ਰੱਖਣ ਲਈ ਕਿਹਾ। ਜਥੇਦਾਰ ਅਵਤਾਰ ਸਿੰਘ

ਨੇ ਪੰਜਾਬ ਦੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ, ਉੱਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਦੇ ਨਾਲ-ਨਾਲ ਭਾਰਤ ਦੇ ਰਾਸ਼ਟਰਪਤੀ ਸ੍ਰੀ ਪ੍ਰਣਾਬ ਮੁਖਰਜੀ, ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਕੇਂਦਰੀ ਮੰਤਰੀ ਮੰਡਲ, ਰਾਜ ਸਭਾ ਤੇ ਲੋਕ ਸਭਾ ਦੇ ਸਮੁੱਚੇ ਮੈਂਬਰਾਂ ਦਾ ਧੰਨਵਾਦ ਕੀਤਾ। *੧੦ ਮਈ*

## ਪਿੰਡ ਕੁਲਾਣਾ, ਮੰਗਰੋੜ ਤੇ ਮੱਲਾਂਵਾਲਾ ਨੇੜੇ ਸ੍ਰੀ ਗੁਰੂ ਗ੍ਰੰਥ ਸਾਹਿਬ ਅਗਨ ਭੇਟ ਹੋਣੇ ਦੁੱਖਦਾਈ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਜ਼ਿਲ੍ਹਾ ਰੂਪਨਗਰ ਦੇ ਪਿੰਡ ਮੰਗਰੋੜ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਚਾਰ ਪਾਵਨ ਬੀੜਾਂ, ਮੱਲਾਂਵਾਲਾ ਨੇੜੇ ਬਸਤੀ ਗਰੀਬ ਸਿੰਘ ਵਾਲੀ ਦੇ ਗੁਰਦੁਆਰਾ ਸਾਹਿਬ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬੀੜ ਅਗਨ ਭੇਟ ਹੋਣਾ ਅਤੇ ਬੁਢਲਾਡਾ ਦੇ ਨੇੜੇ ਪਿੰਡ ਕੁਲਾਣਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਅਗਨ ਭੇਟ ਹੋਣਾ ਦੁੱਖਦਾਈ ਤੇ ਬਹੁਤ ਹੀ ਮੰਦਭਾਗਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਨੇ ਇਥੋਂ ਜਾਰੀ ਪ੍ਰੈੱਸ ਬਿਆਨ 'ਚ ਕੀਤਾ।

ਉਨ੍ਹਾਂ ਕਿਹਾ ਕਿ ਉਕਤ ਗੁਰਦੁਆਰਾ ਸਾਹਿਬਾਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਅਗਨ ਭੇਟ ਹੋਣ ਦੀਆਂ ਘਟਨਾਵਾਂ ਪੱਖੇ ਦੇ ਸਰਕਟ ਸ਼ਾਰਟ ਕਾਰਨ ਵਾਪਰੀਆਂ ਹਨ। ਉਨ੍ਹਾਂ ਭਰੇ ਮਨ ਨਾਲ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਮੇਂ-ਸਮੇਂ 'ਤੇ ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ ਨੂੰ ਅਖ਼ਬਾਰਾਂ ਤੇ ਟੀ.ਵੀ. ਚੈਨਲਾਂ ਰਾਹੀਂ ਸੁਚੇਤ ਕਰਨ ਹਿਤ ਅਪੀਲ ਕੀਤੀ ਜਾ ਰਹੀ ਹੈ ਕਿ ਗੁਰਦੁਆਰਾ ਸਾਹਿਬਾਨ ਵਿੱਚ ਵਧੀਆ ਕਿਸਮ ਦੀ ਵਾਇਰਿੰਗ ਦਾ ਇੰਤਜ਼ਾਮ ਤੇ ਹਰ ਸਮੇਂ ਗ੍ਰੰਥੀ ਸਿੰਘ ਤੇ ਸੇਵਾਦਾਰ ਦੀ ਮੌਜੂਦਗੀ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਖਾਸ ਕਰ ਗਰਮੀ ਦੇ ਮੌਸਮ ਵਿੱਚ ਜਦੋਂ ਸਾਰਾ-ਸਾਰਾ ਦਿਨ ਤੇ ਰਾਤ ਉਪਕਰਨ ਚੱਲਦੇ ਰਹਿਣ ਤਾਂ ਇਸ ਨਾਲ ਤਾਰਾਂ ਦਾ ਮੈਲਟ ਹੋ ਜਾਣਾ, ਸਵਿੱਚਾਂ ਦਾ ਸੜ ਜਾਣਾ ਤੇ ਫਿਰ ਕਿਸੇ ਪੱਖੇ ਆਦਿ ਨਾਲ ਸਰਕਟ ਸ਼ਾਰਟ ਹੋ ਜਾਣਾ ਆਮ ਜਿਹੀ ਗੱਲ ਬਣ ਗਈ ਹੈ। ਉਨ੍ਹਾਂ ਕਿਹਾ ਕਿ ਪ੍ਰਬੰਧਕ ਕਮੇਟੀਆਂ ਗੁਰੂ ਘਰਾਂ ਵਿਚ ਸੁਹਿਰਦ ਹੋ ਕੇ ਸੇਵਾ ਨਿਭਾਉਣ। *੬ ਮਈ*

## ਜਥੇਦਾਰ ਅਵਤਾਰ ਸਿੰਘ ਨੇ ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ 'ਤੇ ਜਾਨ ਲੇਵਾ ਹਮਲੇ ਦੀ ਨਿੰਖੇਧੀ ਕੀਤੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਪ੍ਰਚਾਰਕ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ 'ਤੇ ਜਾਨ-ਲੇਵਾ ਹਮਲਾ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਹਮਲੇ 'ਚ ਮਾਰੇ ਗਏ ਭਾਈ ਭੁਪਿੰਦਰ ਸਿੰਘ ਖਾਸੀ ਕਲਾਂ ਦੀ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ।

ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸਿੱਖ ਪ੍ਰਚਾਰਕ ਤੇ ਹਮਲਾ ਕਰਨਾ ਮੰਦਭਾਗੀ ਘਟਨਾ ਹੈ ਜਿਸ ਨੇ ਸਿੱਖ ਕੌਮ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਥੋਂ ਜਾਰੀ ਪ੍ਰੈੱਸ ਬਿਆਨ 'ਚ ਉਨ੍ਹਾਂ ਕਿਹਾ ਕਿ ਹਮਲਾਵਰਾਂ ਨੇ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਸੇਵਾ ਦੇ ਸਿਧਾਂਤ ਦੀ ਦੁਰਵਰਤੋਂ ਕਰਦਿਆਂ ਛਬੀਲ ਪਿਲਾਉਣ ਦੇ ਬਹਾਨੇ ਬੇਹੱਦ ਘਿਨੌਣੀ ਘਟਨਾ ਨੂੰ ਅੰਜ਼ਾਮ ਦਿੱਤਾ ਹੈ, ਜੋ ਠੀਕ ਵਰਤਾਰਾ ਨਹੀਂ ਹੈ। *੧੮ ਮਈ*

## ਸ੍ਰੀ ਗੁਰੂ ਅਰਜਨ ਦੇਵ ਨਿਵਾਸ ਵਿਖੇ ਸਹੂਲਤਾਂ ਭਰਪੂਰ ਬਾਥਰੂਮ ਬਲਾਕ ਦਾ ਉਦਘਾਟਨ

ਅੰਮ੍ਰਿਤਸਰ-ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੱਚਖੰਡ ਸ੍ਰੀ

ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਉਂਦੀਆਂ ਸੰਗਤਾਂ ਦੀ ਸਹੂਲਤ ਵਾਸਤੇ ਸ੍ਰੀ ਗੁਰੂ ਅਰਜਨ ਦੇਵ ਜੀ ਨਿਵਾਸ ਵਿਖੇ ਆਧੁਨਿਕ ਸਹੂਲਤਾਂ ਭਰਪੂਰ ਬਾਥਰੂਮ ਬਲਾਕ ਦਾ ਉਦਘਾਟਨ ਕੀਤਾ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸੇਵਾ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੂੰ ਸੌਂਪੀ ਗਈ ਸੀ।

ਬਾਥਰੂਮ ਬਲਾਕ ਦੇ ਉਦਘਾਟਨ ਸਮੇਂ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਜਿਹੜੀ ਵੀ ਸੇਵਾ ਸੌਂਪੀ ਗਈ ਉਨ੍ਹਾਂ ਨੇ ਤਨਦੇਹੀ ਤੇ ਸ਼ਰਧਾ ਭਾਵਨਾ ਨਾਲ ਸਮੇਂ ਸਿਰ ਮੁਕੰਮਲ ਕੀਤੀ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਦੀ ਗਿਣਤੀ ਵਿੱਚ ਆਉਣ ਵਾਲੀਆਂ ਸੰਗਤਾਂ ਦੀਆਂ ਸਹੂਲਤਾਂ ਨੂੰ ਮੁੱਖ ਰੱਖਦਿਆਂ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ ਤੇ ਯੂ.ਐਸ.ਏ. ਦੇ ਸਡਾਨਾ ਪਰਿਵਾਰ ਵੱਲੋਂ ਅਤਿ ਆਧੁਨਿਕ ਬਾਥਰੂਮ ਕੰਪਲੈਕਸ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਬਾਥਰੂਮ ਪਹਿਲਾਂ ਮਾਤਾ ਗੰਗਾ ਜੀ ਨਿਵਾਸ ਵਿੱਚ ਵੀ ਬਣਾਏ ਗਏ ਸਨ।

ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਜੋ ਵੀ ਉਨ੍ਹਾਂ ਦੇ ਜਿੰਮੇ ਸੇਵਾ ਲਗਾਈ ਜਾਵੇਗੀ ਉਸ ਨੂੰ ਸੰਗਤਾਂ ਦੇ ਸਹਿਯੋਗ ਨਾਲ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਤਿਗੁਰੂ ਪਾਤਸ਼ਾਹ ਆਪ ਹੀ ਇਹ ਸੇਵਾ ਬਖਸ਼ਦੇ ਹਨ ਤੇ ਆਪ ਹੀ ਸਹਾਈ ਹੋ ਕੇ ਮੁਕੰਮਲ ਕਰਵਾ ਲੈਂਦੇ ਹਨ। ਜਥੇਦਾਰ ਅਵਤਾਰ ਸਿੰਘ ਨੇ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਦੀ ਮੁਰੰਮਤ ਤੇ ਰੰਗ ਰੋਗਨ ਦੀ ਸੇਵਾ ਕਰਨ ਲਈ ਕਿਹਾ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀ: ਹੈਡ ਗ੍ਰੰਥੀ ਤੇ ਸਿੰਘ ਸਾਹਿਬ ਗਿਆਨੀ ਰਵੇਲ ਸਿੰਘ ਗ੍ਰੰਥੀ, ਬਾਬਾ ਸੁੱਖਵਿੰਦਰ ਸਿੰਘ ਭੂਰੀਵਾਲੇ, ਸ. ਰਾਜਿੰਦਰ ਸਿੰਘ ਮਹਿਤਾ ਅੰਤ੍ਰਿਗ ਮੈਂਬਰ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਬਾਵਾ ਸਿੰਘ ਗੁਮਾਨਪੁਰਾ ਤੇ ਸ. ਸੁਰਜੀਤ ਸਿੰਘ ਭਿੱਟੇਵਢ ਮੈਂਬਰ ਸ਼੍ਰੋਮਣੀ ਕਮੇਟੀ, ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ, ਸ. ਸਤਿੰਦਰ ਸਿੰਘ ਤੇ ਸ. ਸਕੱਤਰ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ, ਸ. ਗੁਰੰਦਰ ਸਿੰਘ ਮਥਰੇਵਾਲ ਤੇ ਸ. ਰਘਬੀਰ ਸਿੰਘ ਮੰਡ ਮੈਨੇਜਰ, ਸ. ਸਤਨਾਮ ਸਿੰਘ ਮਾਂਗਾਸਰਾਏਂ ਐਡੀ: ਮੈਨੇਜਰ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ ਤੇ ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ. ਰਾਮ ਸਿੰਘ ਸਾਬਕਾ ਮੀਤ ਸਕੱਤਰ, ਸ. ਨਰਿੰਦਰ ਸਿੰਘ, ਸ. ਸੁਰਿੰਦਰਪਾਲ ਸਿੰਘ, ਬਾਬਾ ਗੁਰਨਾਮ ਸਿੰਘ ਤੇ ਬਾਬਾ ਪ੍ਰੇਮ ਸਿੰਘ ਆਦਿ ਹਾਜ਼ਰ ਸਨ।

*੪ ਮਈ*

# ਡਾ. ਸਰਨਾ ਦੀਆਂ ਪੁਸਤਕਾਂ 'ਸ੍ਰੀ ਗੁਰੂ ਗ੍ਰੰਥ ਸਾਹਿਬ ਵਿਗਿਆਨਕ ਵਿਸ਼ਾ ਕੋਸ਼' ਅਤੇ '੧੯੪੭ ਘੱਲੂਘਾਰੇ ਦੀ ਕਵਿਤਾ' ਲੋਕ ਅਰਪਣ

ਅੰਮ੍ਰਿਤਸਰ- ਪ੍ਰਸਿੱਧ ਵਿਦਵਾਨ ਡਾ. ਜਸਬੀਰ ਸਿੰਘ ਸਰਨਾ ਵੱਲੋਂ ਸੰਪਾਦਤ ਪੁਸਤਕ 'ਸ੍ਰੀ ਗੁਰੂ ਗ੍ਰੰਥ ਸਾਹਿਬ ਵਿਗਿਆਨਕ-ਵਿਸ਼ਾ ਕੋਸ਼' ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੋਕ ਅਰਪਣ ਕੀਤੀ ਗਈ। ਇਸ ਮੌਕੇ ਗੱਲ ਕਰਦਿਆਂ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਭਾਰਤੀ ਸੰਸਕ੍ਰਿਤੀ ਦਾ ਗੌਰਵ ਗ੍ਰੰਥ ਹੈ। ਇਹ ਸਰਬ ਸਾਂਝਾ ਗ੍ਰੰਥ ਹੈ ਜੋ ਹਰ ਇੱਕ ਮਨੁੱਖ ਨੂੰ ਆਤਮਿਕ ਕਲਿਆਣ ਦੇ ਮਾਰਗ ਉੱਪਰ ਅੱਗੇ ਵਧਣ ਲਈ ਅਗਵਾਈ ਕਰਦਾ ਹੈ। ਉਨ੍ਹਾਂ ਕਿਹਾ ਕਿ ਇਹ ਦਾਰਸ਼ਨਿਕ ਦਿੱਖ ਵਾਲਾ ਸੰਸਾਰ ਲਈ ਅਜਿਹਾ ਗਿਆਨ ਦਾ ਮਹਾਂਸਾਗਰ ਹੈ ਜਿਸ ਵਿਚ ਗੁਰੂ ਸਾਹਿਬਾਨ ਦੀ ਰੱਬੀ ਬਾਣੀ ਤੋਂ ਇਲਾਵਾ ਭਗਤਾਂ, ਸੂਫੀ ਫ਼ਕੀਰਾਂ ਤੇ ਭੱਟਾਂ ਦੀ ਬਾਣੀ ਦਰਜ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ 'ਮਾਨਵ ਜੀਵਨ ਦਾ ਦਰਪਣ' ਹੈ।

ਜਥੇਦਾਰ ਅਵਤਾਰ ਸਿੰਘ ਨੇ ਡਾ. ਜਸਬੀਰ ਸਿੰਘ ਸਰਨਾ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ

ਉਨ੍ਹਾਂ ਨੇ ਇਸ ਤੋਂ ਪਹਿਲਾਂ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਿਤ ਕਈ ਹਵਾਲਾ ਗ੍ਰੰਥਾਂ ਦਾ ਲੇਖਨ/ਸੰਪਾਦਨ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਧਿਐਨ-ਅਧਿਆਪਨ ਸਮੱਗਰੀ ਵਿੱਚ ਵਾਧਾ ਕੀਤਾ ਹੈ।

ਇਸੇ ਤਰ੍ਹਾਂ ਹੀ ਡਾ. ਜਸਬੀਰ ਸਿੰਘ ਸਰਨਾ ਦੁਆਰਾ ਸੰਪਾਦਤ ਕੀਤੀ ਗਈ ਪੁਸਤਕ '੧੯੪੭ ਘੱਲੂਘਾਰੇ ਦੀ ਕਵਿਤਾ' ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਵੱਲੋਂ ਲੋਕ-ਅਰਪਣ ਕੀਤੀ ਗਈ। ਇਸ ਮੌਕੇ ਗੱਲ ਕਰਦਿਆਂ ਸ. ਬੇਦੀ ਨੇ ਕਿਹਾ ਕਿ ਡਾ. ਜਸਬੀਰ ਸਿੰਘ ਸਰਨਾ ਨੇ ਹੁਣ ਤੱਕ ਅਨੇਕਾਂ ਪੁਸਤਕਾਂ ਲਿਖੀਆਂ ਹਨ। ਉਨ੍ਹਾਂ ਕਿਹਾ ਕਿ ਜਿਥੇ ਡਾ. ਸਰਨਾ ਨੇ ਕਈ ਕਾਵਿ ਸੰਗ੍ਰਹਿ ਪਾਠਕਾਂ ਦੇ ਸਨਮੁੱਖ ਕੀਤੇ ਹਨ, ਉਥੇ ਸਿੱਖ ਇਤਿਹਾਸ, ਵਿਗਿਆਨ, ਚਿੰਤਨ, ਸਾਹਿਤ ਆਦਿ ਵਿਸ਼ਿਆਂ 'ਤੇ ਵੀ ਸ਼ਲਾਘਾਯੋਗ ਕੰਮ ਕੀਤਾ ਹੈ। ਇਸ ਦੇ ਨਾਲ-ਨਾਲ ਡਾ. ਜਸਬੀਰ ਸਿੰਘ ਸਰਨਾ ਵੱਲੋਂ ਅੰਗਰੇਜ਼ੀ ਵਿੱਚ ਵੀ ਕਈ ਪੁਸਤਕਾਂ ਲਿਖ ਕੇ ਸਾਹਿਤਕ ਸੇਵਾ ਕੀਤੀ ਗਈ ਹੈ।

ਸ. ਬੇਦੀ ਨੇ ਦੱਸਿਆ ਕਿ ਜਾਰੀ ਕੀਤੀ ਗਈ ਪੁਸਤਕ ਵਿੱਚ ਡਾ. ਸਰਨਾ ਨੇ ੧੯੪੭ ਦੀ ਦੇਸ਼ ਵੰਡ ਸਮੇਂ ਵਾਪਰੇ ਦੁਖਾਂਤ ਨਾਲ ਸਬੰਧਤ ਵੱਖ-ਵੱਖ ਲੇਖਕਾਂ ਦੀਆਂ ਕਵਿਤਾਵਾਂ ਨੂੰ ਇਕੱਠਿਆਂ ਕੀਤਾ ਹੈ। ਉਨ੍ਹਾਂ ਕਿਹਾ ਕਿ ਡਾ. ਸਰਨਾ ਨੇ ਇਹ ਕਾਰਜ ਕਰਕੇ ਨਾ ਕੇਵਲ ਦਰਦਮਈ ਕਵਿਤਾ ਹੀ ਸਾਂਭੀ ਹੈ, ਸਗੋਂ ਇਸ ਸਮੇਂ ਦੀਆਂ ਹਿਰਦੇਵੇਧਕ ਘਟਨਾਵਾਂ ਨਾਲ ਸਬੰਧਤ ਕਈ ਤੱਤਾਂ ਨੂੰ ਵੀ ਸਾਂਭਿਆਂ ਹੈ। ਉਨ੍ਹਾਂ ਨੇ ਡਾ. ਜਸਬੀਰ ਸਿੰਘ ਸਰਨਾ ਦੇ ਉੱਦਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਪੁਸਤਕ ਪਾਠਕਾਂ ਨੂੰ ੧੯੪੭ ਦੇ ਦੁਖਾਂਤ ਬਾਰੇ ਜਾਣੂ ਕਰਵਾਉਣ ਵਿੱਚ ਵੱਡੀ ਭੂਮਿਕਾ ਨਿਭਾਏਗੀ।

ਇਨ੍ਹਾਂ ਪੁਸਤਕਾਂ ਨੂੰ ਰਿਲੀਜ ਕਰਨ ਸਮੇਂ ਡਾ. ਗੁਰਮੋਹਣ ਸਿੰਘ ਵਾਲੀਆ ਵਾਇਸ ਚਾਂਸਲਰ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ, ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ, ਡਾ. ਧਰਮਿੰਦਰ ਸਿੰਘ ਉੱਭਾ ਡਾਇਰੈਕਟਰ ਐਜੂਕੇਸ਼ਨ, ਡਾ. ਜਤਿੰਦਰ ਸਿੰਘ ਸਿੱਧੂ ਪ੍ਰਿੰਸੀਪਲ ਮਾਤਾ ਗੁਜਰੀ ਖਾਲਸਾ ਕਾਲਜ ਫਤਹਿਗੜ੍ਹ ਸਾਹਿਬ, ਪ੍ਰਿੰਸੀਪਲ ਕਸ਼ਮੀਰ ਸਿੰਘ ਗੁਰੂ ਤੇਗ ਬਹਾਦਰ ਕਾਲਜ ਅਨੰਦਪੁਰ ਸਾਹਿਬ ਤੇ ਪ੍ਰਿੰਸੀਪਲ ਰਮਨਦੀਪ ਕੌਰ, ਸ਼੍ਰੋਮਣੀ ਕਮੇਟੀ ਦੇ ਸ/ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਗੁਰਮਤਿ ਪ੍ਰਕਾਸ਼ ਦੇ ਸੰਪਾਦਕ ਸ. ਸਤਵਿੰਦਰ ਸਿੰਘ ਫੂਲਪੁਰ, ਗੁਰਦੁਆਰਾ ਗਜ਼ਟ ਦੇ ਸ/ਸੰਪਾਦਕ ਸ. ਹਰਭਜਨ ਸਿੰਘ ਵਕਤਾ, ਸ. ਭੁਪਿੰਦਰ ਸਿੰਘ ਸੁਪਰਵਾਈਜਰ ਤੇ ਸ. ਜਗਤਾਰ ਸਿੰਘ ਖੋਦੇਬੇਟ ਆਦਿ ਹਾਜ਼ਰ ਸਨ। *੭ ਮਈ*

## ਪ੍ਰਸਿੱਧ ਵਿਦਵਾਨ ਪ੍ਰੋ. ਪ੍ਰਿਥੀਪਾਲ ਸਿੰਘ ਕਪੂਰ ਦੀ ਪੁਸਤਕ 'ਸਰਦਾਰ ਹਰੀ ਸਿੰਘ ਨਲਵਾ' ਜਥੇ. ਅਵਤਾਰ ਸਿੰਘ ਨੇ ਰਿਲੀਜ਼ ਕੀਤੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਨੂੰ ਮਰਯਾਦਾ ਅਨੁਸਾਰ ਚਲਾਉਣ ਦੇ ਨਾਲ-ਨਾਲ ਸਿੱਖ ਧਰਮ ਦਾ ਪ੍ਰਚਾਰ ਅਤੇ ਸਿੱਖ ਸਾਹਿਤ ਦੀ ਪ੍ਰਕਾਸ਼ਨਾ ਕਰਨ ਲਈ ਵੀ ਨਿਰੰਤਰ ਕਾਰਜਸ਼ੀਲ ਹੈ। ਸਿੱਖ ਇਤਿਹਾਸ ਅਤੇ ਫਲਸਫੇ ਨੂੰ ਸੰਗਤਾਂ ਤਕ ਪਹੁੰਚਾਉਣ ਲਈ ਧਰਮ ਪ੍ਰਚਾਰ ਕਮੇਟੀ ਰਾਹੀਂ ਵੱਖ-ਵੱਖ ਕਿਤਾਬਚੇ ਛਾਪ ਕੇ ਭੇਟਾ ਰਹਿਤ ਵੰਡਣੇ ਸ਼੍ਰੋਮਣੀ ਕਮੇਟੀ ਦੀ ਹਮੇਸ਼ਾ ਪਹਿਲ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਪ੍ਰੋ. ਪ੍ਰਿਥੀਪਾਲ ਸਿੰਘ ਕਪੂਰ ਦੁਆਰਾ 'ਸਰਦਾਰ ਹਰੀ ਸਿੰਘ ਨਲਵਾ' ਬਾਰੇ ਲਿਖਿਆ ਕਿਤਾਬਚਾ ਲੋਕ ਅਰਪਣ ਕਰਨ ਸਮੇਂ ਕੀਤਾ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਪ੍ਰੌੜ ਸਿੱਖ ਵਿਦਵਾਨਾਂ ਨਾਲ ਲਗਾਤਾਰ ਰਾਬਤਾ ਬਣਾਈ ਰੱਖਿਆ ਹੈ ਅਤੇ ਸਿੱਖ ਅਧਿਐਨ ਸਬੰਧੀ ਵੀ ਕਮੇਟੀ ਦੀ ਗਤੀਸ਼ੀਲਤਾ ਵਿਚ ਕੋਈ ਕਮੀ ਨਹੀਂ ਆਈ। ਉਨ੍ਹਾਂ ਪ੍ਰੋ. ਪ੍ਰਿਥੀਪਾਲ ਸਿੰਘ ਕਪੂਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪ੍ਰੋ. ਕਪੂਰ ਸਿੱਖ ਇਤਿਹਾਸ 'ਤੇ ਪੁਖਤਗੀ ਨਾਲ ਲਿਖਣ ਵਾਲੇ ਵਿਦਵਾਨ ਲੇਖਕ ਹਨ ਅਤੇ ਇਨ੍ਹਾਂ ਦੀਆਂ ਲਿਖਤਾਂ ਸਿੱਖ ਸਕਾਲਰਾਂ ਲਈ ਮਾਰਗ ਦਰਸ਼ਨ ਦੇ ਰੂਪ ਵਿਚ ਸਥਾਨ ਗ੍ਰਹਿਣ

ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਰਦਾਰ ਹਰੀ ਸਿੰਘ ਨਲਵਾ ਬਾਰੇ ਜਾਰੀ ਕੀਤਾ ਗਿਆ ਕਿਤਾਬਚਾ ਇਨ੍ਹਾਂ ਦੀ ਕਰੜੀ ਘਾਲਣਾ ਵਿੱਚੋਂ ਰੂਪਮਾਨ ਹੋਇਆ ਹੈ ਜੋ ਸਰਦਾਰ ਨਲਵਾ ਦੀ ਜੀਵਨੀ ਤੋਂ ਸੰਗਤਾਂ ਨੂੰ ਜਾਣੂ ਕਰਵਾਏਗਾ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਸਾਹਿਤ ਦੀ ਪ੍ਰਕਾਸ਼ਨਾ ਲਈ ਲਗਾਤਾਰ ਕਾਰਜ ਜਾਰੀ ਰੱਖੇਗੀ। ਇਸ ਸਬੰਧ ਵਿਚ ਉਨ੍ਹਾਂ ਸਿੱਖ ਇਤਿਹਾਸ ਰਿਸਰਚ ਬੋਰਡ ਦੀ ਸਲਾਹਕਾਰ ਕਮੇਟੀ ਦੀਆਂ ਸਿਫਾਰਸ਼ਾਂ ਨੂੰ ਅਮਲ ਵਿਚ ਲਿਆਉਣ ਦੀ ਵਚਨਬੱਧਤਾ ਵੀ ਦੁਹਰਾਈ। ਜਥੇਦਾਰ ਅਵਤਾਰ ਸਿੰਘ ਨੇ ਅੱਗੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਵਸ ਨੂੰ ਸਮਰਪਿਤ ਵਿਸ਼ੇਸ਼ ਸੋਵੀਨਰ ਅਤੇ ਪੁਸਤਕਾਂ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ। ਇਨ੍ਹਾਂ ਵਿੱਚੋਂ ਇੱਕ ਵਿਸ਼ੇਸ਼ ਪੁਸਤਕ ਕਾਵਿ-ਰੂਪ ਵਿਚ ਹੋਵੇਗੀ, ਜਿਸ ਵਿਚ ਦਸਮ ਪਾਤਸ਼ਾਹ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਦੇਣ ਨਾਲ ਸਬੰਧਤ ੫੨ ਕਵੀਆਂ ਦੀਆਂ ਕਵਿਤਾਵਾਂ ਸ਼ਾਮਲ ਹੋਣਗੀਆਂ। ਇਸ ਮੌਕੇ ਪ੍ਰੋ. ਬਲਕਾਰ ਸਿੰਘ, ਸ. ਰਜਿੰਦਰ ਸਿੰਘ ਮਹਿਤਾ, ਸ. ਦਿਲਜੀਤ ਸਿੰਘ 'ਬੇਦੀ', ਡਾ. ਹਰਚੰਦ ਸਿੰਘ ਬੇਦੀ, ਪ੍ਰੋ. ਬਲਵੰਤ ਸਿੰਘ ਢਿੱਲੋਂ, ਸ. ਇੰਦਰਜੀਤ ਸਿੰਘ ਗੋਗੋਆਣੀ, ਸ. ਸੁਖਦੇਵ ਸਿੰਘ ਭੂਰਾਕੋਨਾ, ਸ. ਪਰਮਜੀਤ ਸਿੰਘ ਮੁੰਡਾ ਪਿੰਡ, ਭਾਈ ਰਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਪ੍ਰਤਾਪ ਸਿੰਘ, ਸ. ਭੁਪਿੰਦਰ ਸਿੰਘ ਆਦਿ ਹਾਜ਼ਰ ਸਨ।

*੧੨ ਮਈ*

# ਜਥੇਦਾਰ ਅਵਤਾਰ ਸਿੰਘ ਨੇ 'ਲਾਸਾਨੀ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ' ਕਿਤਾਬਚਾ ਲੋਕ ਅਰਪਣ ਕੀਤਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਰਾਜ ਦੇ ਉਸਰਈਏ ਬਾਬਾ ਬੰਦਾ ਸਿੰਘ ਜੀ ਬਹਾਦਰ ਅਤੇ ਹੋਰ ਸ਼ਹੀਦ ਸਿੰਘਾਂ ਦੀ ੩੦੦ ਸਾਲਾ ਸ਼ਹੀਦੀ ਨੂੰ ਸਮਰਪਿਤ 'ਲਾਸਾਨੀ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ' ਨਾਮ ਦਾ ਕਿਤਾਬਚਾ ਲੋਕ ਅਰਪਣ ਕੀਤਾ। ਪ੍ਰੈੱਸ ਦੇ ਨਾਮ ਸੰਦੇਸ਼ ਦਿੰਦਿਆਂ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਜ਼ੁਲਮ ਅਨਿਆਂ ਖਿਲਾਫ਼ ਜੂਝਦੇ ਹੋਇਆਂ ਸ਼ਹੀਦੀ ਪ੍ਰਾਪਤ ਕਰ ਜਾਣਾ ਖਾਲਸੇ ਦਾ ਮਿਸ਼ਨ ਰਿਹਾ ਹੈ। ਸਮੇਂ ਦੇ ਜ਼ਾਬਰ ਹੁਕਮਰਾਨਾਂ ਵੱਲੋਂ ਗਰੀਬਾਂ, ਨਿਤਾਣਿਆਂ ਅਤੇ ਦੱਬੇ-ਕੁਚਲੇ ਲੋਕਾਂ ਨੂੰ ਸਮਾਨਤਾ ਤੇ ਨਿਆਂ ਦਿਵਾਉਣ ਲਈ ਕਲਗੀਧਰ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਜਿੱਥੇ ਆਪ ਸਾਰੀ ਉਮਰ ਸੰਘਰਸ਼ਸ਼ੀਲ ਰਹੇ, ਉੱਥੇ ਆਪਣੇ ਅੰਤਿਮ ਸਮੇਂ ਇਸੇ ਮਿਸ਼ਨ ਨੂੰ ਨਿਰੰਤਰ ਜਾਰੀ ਰੱਖਣ ਲਈ ਨਾਂਦੇੜ ਦੀ ਧਰਤੀ ਤੋਂ ਬਾਬਾ ਬੰਦਾ ਸਿੰਘ ਜੀ ਬਹਾਦਰ ਨੂੰ ਥਾਪੜਾ ਦੇ ਕੇ ਪੰਜਾਬ ਵੱਲ ਤੋਰਿਆ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਆਪਣੇ ਸਾਥੀ ਸਿੰਘਾਂ ਸਮੇਤ ਜਿਸ ਤਰ੍ਹਾਂ ਚਾਅ, ਖੇੜੇ, ਹੌਸਲੇ ਅਤੇ ਚੜ੍ਹਦੀ ਕਲ੍ਹਾ ਨਾਲ ਸ਼ਹਾਦਤ ਪ੍ਰਾਪਤ ਕੀਤੀ ਉਸ ਦੀ ਮਿਸਾਲ ਦੁਨੀਆਂ ਦੇ ਇਤਿਹਾਸ ਵਿੱਚ ਹੋਰ ਕਿਧਰੇ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਇਸ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਬਾਬਾ ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਸਾਥੀ ਸਿੰਘਾਂ ਦੀ ੩੦੦ ਸਾਲਾ ਸ਼ਹੀਦੀ ਸ਼ਤਾਬਦੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਮੌਕੇ ਵੱਖ-ਵੱਖ ਪ੍ਰਸਿੱਧ ਵਿਦਵਾਨਾਂ ਵੱਲੋਂ ਬਾਬਾ ਬੰਦਾ ਸਿੰਘ ਜੀ ਬਹਾਦਰ ਦੇ ਜੀਵਨ ਤੇ ਚਾਨਣਾ ਪਾਇਆ ਗਿਆ ਹੈ, ਜੋ ਇਸ ਕਿਤਾਬਚੇ ਵਿੱਚ ਦਰਜ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਇਸ ਕਿਤਾਬਚੇ ਨੂੰ ਪੜ੍ਹ ਕੇ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਤੋਂ ਸਿੱਖਿਆ ਲੈ ਕੇ ਸਮਾਜ ਵਿੱਚ ਅਨਿਆਂ, ਅੱਤਿਆਚਾਰ ਅਤੇ ਹੋਰ ਸਮਾਜਿਕ ਬੁਰਾਈਆਂ ਵਿਰੁੱਧ ਖੜ੍ਹੇ ਹੋਣ ਲਈ ਵਚਨਬੱਧ ਹੋਣ।

ਇਸ ਮੌਕੇ ਉਨ੍ਹਾਂ ਨਾਲ ਸ. ਹਰਜਾਪ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਡਾ. ਰੂਪ ਸਿੰਘ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ ਸ. ਕੇਵਲ ਸਿੰਘ, ਸ. ਬਿਜੈ ਸਿੰਘ ਤੇ ਸ. ਪ੍ਰਤਾਪ ਸਿੰਘ ਵਧੀਕ ਸਕੱਤਰ, ਸ. ਪਰਮਜੀਤ ਸਿੰਘ ਮੁੰਡਾ ਪਿੰਡ ਨਿਜੀ ਸਹਾਇਕ ਅਤੇ ਸ. ਸੁਲੱਖਣ ਸਿੰਘ ਮੈਨੇਜਰ ਆਦਿ ਹਾਜ਼ਰ ਸਨ।

*੧੨ ਮਈ*

# ਸ਼੍ਰੋਮਣੀ ਕਮੇਟੀ ਨੇ ਸਰਹਿੰਦ ਫਤਹਿ ਦਿਵਸ ਸਮਰਪਿਤ ਛੇਵਾਂ ਇੰਟਰਨੈਸ਼ਨਲ ਗੱਤਕਾ ਮੁਕਾਬਲਾ ਕਰਵਾਇਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼੍ਰੋਮਣੀ ਕਮੇਟੀ ਨੇ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੀ ਸਰਹਿੰਦ ਫਤਹਿ ਨੂੰ ਸਮਰਪਿਤ ੬ਵਾਂ ਇੰਟਰਨੈਸ਼ਨਲ ਗੱਤਕਾ ਮੁਕਾਬਲਾ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਕਰਵਇਆ, ਜਿਸ ਵਿੱਚ ੨੦ ਦੇ ਕਰੀਬ ਟੀਮਾਂ ਨੇ ਡੈਮੋ ਅਤੇ ਫਾਈਟ ਮੁਕਾਬਲਿਆਂ ਵਿਚ ਹਿੱਸਾ ਲਿਆ। ਡਾ. ਮਨਮੋਹਨ ਸਿੰਘ ਭਾਗੋਵਾਲੀਆ ਡਾਇਰੈਕਟਰ ਗੱਤਕਾ ਸ਼੍ਰੋਮਣੀ ਕਮੇਟੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਇਆ ਗਿਆ ਦੋ ਰੋਜਾ ੬ਵਾਂ ਇੰਟਰਨੈਸ਼ਨਲ ਗੱਤਕਾ ਮੁਕਾਬਲੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਟੀਮ ਪਹਿਲੇ, ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀ ਟੀਮ ਦੂਸਰੇ ਅਤੇ ਟੀਮ ਇੰਡੀਆ ਤੀਸਰੇ ਸਥਾਨ 'ਤੇ ਰਹੀ। ਇਸੇ ਤਰ੍ਹਾਂ ਡੈਮੋ ਮੁਕਾਬਲਿਆਂ ਵਿੱਚ ਅਮਿਤੋਜ ਗੱਤਕਾ ਅਕੈਡਮੀ ਪਹਿਲੇ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਗੱਤਕਾ ਅਖਾੜਾ, ਨਾਗਪੁਰ ਦੂਸਰੇ ਅਤੇ ਬਾਬਾ ਦੀਪ ਸਿੰਘ ਮਹੰਤਸਰ ਗਤਕਾ ਅਖਾੜਾ ਲੁਧਿਆਣਾ ਤੀਸਰੇ ਨੰਬਰ 'ਤੇ ਰਿਹਾ। ਜੱਜਾਂ ਦੀ ਸੇਵਾ ਭਾਈ ਸਤਪਾਲ ਸਿੰਘ ਬਾਗੀ, ਭਾਈ ਕੁਲਜੀਤ ਸਿੰਘ ਚੰਡੀਗੜ੍ਹ ਅਤੇ ਭਾਈ ਬਲਜੀਤ ਸਿੰਘ ਕੈਲੋਂ ਨੇ ਨਿਭਾਈ। ਰੈਫਰੀ ਵਜੋਂ ਸ. ਸੁਪਰੀਤ ਸਿੰਘ, ਸ. ਹਰਦੀਪ ਸਿੰਘ, ਸ. ਜਸਬੀਰ ਸਿੰਘ, ਸ. ਮਲਕੀਤ ਸਿੰਘ ਅਤੇ ਸ. ਗੁਰਮੀਤ ਸਿੰਘ ਨੇ ਸੇਵਾ ਨਿਭਾਈ। ਮੁਕਾਬਲਿਆਂ ਉਪਰੰਤ ਬਾਬਾ ਬਲਬੀਰ ਸਿੰਘ ੯੬ ਕਰੋੜੀ, ਨਿਹੰਗ ਮੁਖੀ ਸ਼੍ਰੋਮਣੀ ਅਕਾਲੀ ਬੁੱਢਾ ਦਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਥਾਪੜਾ ਲੈ ਕੇ ਚੱਪੜਚਿੜੀ ਦੇ ਮੈਦਾਨ ਤੋਂ ਚੱਲ ਕੇ ਬਾਬਾ ਬੰਦਾ ਸਿੰਘ ਬਹਾਦਰ ਨੇ ਜ਼ਾਲਮ ਵਜੀਦ ਖਾਨ ਨੂੰ ਮਾਰ ਕੇ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਤੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਦੀ ਸ਼ਹਾਦਤ ਦਾ ਬਦਲਾ ਲਿਆ ਤੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਉਸੇ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਹਿੰਦ ਫਤਿਹ ਦਿਵਸ ਸਮੇਂ ਗੱਤਕਾ ਮੁਕਾਬਲੇ ਕਰਵਾਏ ਗਏ ਹਨ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਪਾਵਨ ਪਵਿੱਤਰ ਦਿਹਾੜੇ 'ਤੇ ਨਸ਼ਿਆਂ ਤੇ ਵਿਸ਼ੇ ਵਿਕਾਰਾਂ ਨੂੰ ਤਿਆਗ ਕੇ ਕਲਗੀਧਰ ਦਸ਼ਮੇਸ਼ ਪਿਤਾ ਵੱਲੋਂ ਬਖਸ਼ੀ ਖੰਡੇ ਬਾਟੇ ਦੀ ਪਾਹੁਲ ਛਕ ਗੁਰੂ ਵਾਲੇ ਬਣੀਏ।

ਇਸ ਉਪਰੰਤ ਬਾਬਾ ਬਲਬੀਰ ਸਿੰਘ ੯੬ ਕਰੋੜੀ, ਜਥੇਦਾਰ ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਮੈਂਬਰ, ਸ. ਰਵਿੰਦਰ ਸਿੰਘ ਖਾਲਸਾ ਮੈਂਬਰ, ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ, ਸ. ਕੁਲਵਿੰਦਰ ਸਿੰਘ 'ਰਮਦਾਸ' ਅਤੇ ਸ. ਸਿਮਰਜੀਤ ਸਿੰਘ ਮੀਤ ਸਕੱਤਰ ਨੇ ਪਹਿਲੇ, ਦੂਸਰੇ ਤੇ ਤੀਸਰੇ ਸਥਾਨ 'ਤੇ ਆਉਣ ਵਾਲੀਆਂ ਟੀਮਾਂ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਦਿੱਤੇ। ਸਮਾਗਮ ਵਿੱਚ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਤੇ ਗੱਤਕਾ ਟੀਮਾਂ ਦੇ ਰੈਫਰੀਆਂ ਤੇ ਮੁਖੀਆਂ ਨੂੰ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਬਲਬੀਰ ਸਿੰਘ ਨੂੰ ਲੋਈ, ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ. ਨਿਰਮੈਲ ਸਿੰਘ ਜੌਲਾਂ, ਭਾਈ ਮਨਜੀਤ ਸਿੰਘ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਅਵਤਾਰ ਸਿੰਘ ਰਿਆੜ, ਸ. ਰਣਧੀਰ ਸਿੰਘ ਚੀਮਾ, ਸ. ਜਤਿੰਦਰਪਾਲ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਮੱਖਣ ਸਿੰਘ ਬਾਬਾ ਬਕਾਲਾ, ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਮਾਨ ਸਿੰਘ ਮੜ੍ਹੀਆਂ ਵਾਲੇ, ਬਾਬਾ ਸੁੱਖਾ ਸਿੰਘ ਤੇ ਬਾਬਾ ਰਘਬੀਰ ਸਿੰਘ ਖਿਆਲਾ, ਬਾਬਾ ਜੱਸਾ ਸਿੰਘ ਬੁੱਢਾ ਦਲ, ਬਾਬਾ ਮੇਜਰ ਸਿੰਘ ਲੁਧਿਆਣਾ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਬਲਵਿੰਦਰ ਸਿੰਘ ਮੈਨੇਜਰ ਗੁਰਦੁਆਰਾ ਜੋਤੀ ਸਰੂਪ, ਸ. ਅਮਰਜੀਤ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ, ਜਥੇਦਾਰ ਉਜਾਗਰ ਸਿੰਘ ਵਡਾਲੀ, ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਸ. ਅਮਰੀਕ ਸਿੰਘ ਮੋਹਾਲੀ ਆਦਿ ਹਾਜ਼ਰ ਸਨ।

*੧੩ ਮਈ*

# ਬਾਬਾ ਬਲਬੀਰ ਸਿੰਘ ਵੱਲੋਂ ਸਿੱਖੀ ਦੀ ਚੜ੍ਹਦੀ ਕਲਾ ਲਈ ਨਿਭਾਈਆਂ ਜਾ ਰਹੀਆਂ ਹਨ ਵਡਮੁੱਲੀਆਂ ਸੇਵਾਵਾਂ- ਜਥੇ. ਅਵਤਾਰ ਸਿੰਘ

ਅੰਮ੍ਰਿਤਸਰ- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਗੁਰਦੁਆਰਾ ਬੁਰਜ ਅਕਾਲੀ ਫੂਲਾ ਸਿੰਘ ਵਿਖੇ ਸੰਗਤਾਂ ਦੀ ਸੁਖ ਸਹੂਲਤ ਲਈ ਤਿਆਰ ਕੀਤੇ ਜਾ ਰਹੇ ਲੰਗਰ ਘਰ ਅਤੇ ਸਰਾਂ ਦੀ ਤੀਸਰੀ ਮੰਜ਼ਿਲ ਦਾ ਲੈਂਟਰ ਪਾਇਆ ਗਿਆ, ਜਿਸ ਦੀ ਆਰੰਭਤਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਸਮੇਤ ਹੋਰ ਸ਼ਖ਼ਸੀਅਤਾਂ ਨੇ ਕੀਤੀ।

ਇਸ ਮੌਕੇ ਗੱਲਬਾਤ ਕਰਦਿਆਂ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਬਾਬਾ ਬਲਬੀਰ ਸਿੰਘ ਦੀ ਅਗਵਾਈ ਵਿਚ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਸਿੱਖੀ ਦੀ ਚੜ੍ਹਦੀ ਕਲਾ ਅਤੇ ਸਿੱਖ ਸੰਗਤਾਂ ਦੀ ਸਹੂਲਤ ਲਈ ਵਡਮੁੱਲੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਲੰਗਰ ਸੁਵਿਧਾ ਲਈ ਲੰਗਰ ਹਾਲ ਅਤੇ ਨਿਵਾਸ ਲਈ ਸਰਾਂ ਦਾ ਕੀਤਾ ਜਾ ਰਿਹਾ ਇਹ ਕਾਰਜ ਸ਼ਲਾਘਾਯੋਗ ਉਪਰਾਲਾ ਹੈ। ਬਾਬਾ ਬਲਬੀਰ ਸਿੰਘ ਦੇ ਉੱਦਮ ਨੂੰ ਸਾਰਥਿਕ ਦੱਸਦਿਆਂ ਉਨ੍ਹਾਂ ਕਿਹਾ ਕਿ ਇਹ ਬਿਲਡਿੰਗ ਬਣਨ ਨਾਲ ਗੁਰੂ-ਘਰ ਦੇ ਦਰਸ਼ਨਾਂ ਲਈ ਅਈਆਂ ਸੰਗਤਾਂ ਨੂੰ ਲੰਗਰ ਤੇ ਰਿਹਾਇਸ਼ ਦੀ ਵਧੀਆ ਸਹੂਲਤ ਪ੍ਰਾਪਤ ਹੋਵੇਗੀ।

ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਨੇ ਇਸ ਮੌਕੇ ਜਾਣਕਾਰੀ ਦਿੰਦਿਆਂ ਦੱਸਿਆਂ ਕਿ ਸੰਗਤਾਂ ਦੀ ਸਹੂਲਤ ਲਈ ਤਿਆਰ ਕੀਤੀ ਜਾ ਰਹੀ ਇਸ ਪੰਜ ਮੰਜ਼ਿਲਾ ਇਮਾਰਤ ਵਿਚ ਪਹਿਲੀਆਂ ਦੋ ਮੰਜ਼ਿਲਾਂ ਵਿਚ ਲੰਗਰ ਦਾ ਪ੍ਰਬੰਧ ਹੋਵੇਗਾ ਅਤੇ ਉਪਰਲੀਆਂ ਤਿੰਨ ਮੰਜ਼ਿਲਾਂ ਵਿਚ ਸਰਾਂ ਤਿਆਰ ਕੀਤੀ ਜਾਵੇਗੀ। ਉਨ੍ਹਾਂ ਨੇ ਜਥੇਦਾਰ ਅਵਤਾਰ ਸਿੰਘ ਅਤੇ ਆਈਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਧੰਨਵਾਦ ਕੀਤਾ।

ਇਸ ਮੌਕੇ ਬਾਬਾ ਗੁਰਪਿੰਦਰ ਸਿੰਘ ਵਡਾਲਾ ਗੁਰੂਸਰ ਸਤਲਾਣੀ, ਬਾਬਾ ਗੱਜਣ ਸਿੰਘ ਨੰਬਰਦਾਰ, ਬਾਬਾ ਵੱਸਣ ਸਿੰਘ ਮੜ੍ਹੀਆ ਵਾਲਾ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਰਜਿੰਦਰ ਸਿੰਘ ਮਹਿਤਾ, ਐਡੀ. ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੇ ਸ. ਬਿਜੈ ਸਿੰਘ, ਜਥੇਦਾਰ ਭਗਤ ਸਿੰਘ ਇੰਚਾਰਜ ਬੁਰਜ ਅਕਾਲੀ ਫੂਲਾ ਸਿੰਘ, ਆਰਕੀਟੈਕਟ ਸ. ਇੰਦਰਬੀਰ ਸਿੰਘ ਆਦਿ ਹਾਜ਼ਰ ਸਨ। *੧੪ ਮਈ*

# ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਜਥੇਦਾਰਾਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਸਥਾਪਿਤ

ਅੰਮ੍ਰਿਤਸਰ- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਰਹਿ ਚੁੱਕੇ ਨੌਂ ਜੱਥੇਦਾਰਾਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸੁਸ਼ੋਭਿਤ ਕੀਤੀਆਂ ਗਈਆਂ, ਜਿਨ੍ਹਾਂ ਵਿਚ ਜਥੇਦਾਰ ਬਾਬਾ ਬਿਨੋਦ ਸਿੰਘ, ਜਥੇਦਾਰ ਬਾਬਾ ਦੀਵਾਨ ਦਰਬਾਰਾ ਸਿੰਘ, ਜਥੇਦਾਰ ਬਾਬਾ ਨੈਣਾ ਸਿੰਘ, ਜਥੇਦਾਰ ਬਾਬਾ ਹਨੂਮਾਨ ਸਿੰਘ, ਜਥੇਦਾਰ ਬਾਬਾ ਪ੍ਰਹਿਲਾਦ ਸਿੰਘ, ਜਥੇਦਾਰ ਬਾਬਾ ਗਿਆਨ ਸਿੰਘ, ਜਥੇਦਾਰ ਬਾਬਾ ਤੇਜਾ ਸਿੰਘ, ਜਥੇਦਾਰ ਬਾਬਾ ਸਾਹਿਬ ਸਿੰਘ ਅਤੇ ਜਥੇਦਾਰ ਬਾਬਾ ਚੇਤ ਸਿੰਘ ਦੇ ਨਾਂਅ ਸ਼ਾਮਲ ਹਨ। ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਵਧੀਕ ਹੈੱਡ ਗ੍ਰੰਥੀ ਤੇ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਸਾਂਝੇ ਤੌਰ 'ਤੇ ਨਿਭਾਈ ਗਈ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਰਾਜਦੀਪ ਸਿੰਘ ਨੇ ਅਰਦਾਸ ਕੀਤੀ। ਪੰਥਕ ਰਵਾਇਤਾਂ ਅਨੁਸਾਰ

ਸਟੇਜ ਦੀ ਆਰੰਭਤਾ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਅਜਾਇਬ ਘਰ ਦੀ ਕੌਮੀ ਮਹੱਤਤਾ ਬਾਰੇ ਸੰਗਤਾਂ ਨੂੰ ਜਾਣੂੰ ਕਰਵਾਇਆ ਅਤੇ ਸਥਾਪਿਤ ਕੀਤੀਆਂ ਜਾਣ ਵਾਲੀਆਂ ਤਸਵੀਰਾਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਸੰਗਤਾਂ ਨੂੰ ਸਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਕੇਂਦਰੀ ਸਿੱਖ ਅਜਾਇਬ ਘਰ ਸਿੱਖ ਇਤਿਹਾਸ ਅਤੇ ਸਿੱਖ ਵਿਰਾਸਤ ਨੂੰ ਰੂਪਮਾਨ ਕਰਦਾ ਅਹਿਮ ਸੋਮਾ ਹੈ। ਉਨ੍ਹਾਂ ਕਿਹਾ ਕਿ ਸਿੱਖੀ ਦੀ ਚੜ੍ਹਦੀ ਕਲਾ ਲਈ ਅਹਿਮ ਯੋਗਦਾਨ ਪਾਉਣ ਵਾਲੇ ਗੁਰਸਿੱਖਾਂ ਦੀਆਂ ਤਸਵੀਰਾਂ ਇਥੇ ਸਜਾਈਆਂ ਜਾਂਦੀਆਂ ਹਨ, ਜਿਸ ਤਹਿਤ ਅੱਜ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਇਨ੍ਹਾਂ ਨੌਂ ਜੱਥੇਦਾਰਾਂ ਦੀਆਂ ਤਸਵੀਰਾਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਬੁੱਢਾ ਦਲ ਦੇ ਤਿੰਨ ਜਥੇਦਾਰਾਂ ਜਥੇਦਾਰ ਨਵਾਬ ਕਪੂਰ ਸਿੰਘ, ਜਥੇਦਾਰ ਜੱਸਾ ਸਿੰਘ ਆਹਲੂਵਾਲੀਆ ਤੇ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਦੀਆਂ ਤਸਵੀਰਾਂ ਪਹਿਲਾਂ ਹੀ ਸਿੱਖ ਅਜਾਇਬ ਘਰ ਵਿਚ ਸੁਸ਼ੋਭਿਤ ਹਨ।

ਜਥੇਦਾਰ ਅਵਤਾਰ ਸਿੰਘ ਨੇ ਜਥੇਦਾਰ ਅਕਾਲੀ ਫੂਲਾ ਸਿੰਘ, ਜਥੇਦਾਰ ਜੱਸਾ ਸਿੰਘ ਆਹਲੂਵਾਲੀਆ, ਨਵਾਬ ਕਪੂਰ ਸਿੰਘ, ਜਥੇਦਾਰ ਬਾਬਾ ਬਿਨੋਦ ਸਿੰਘ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਦਿਆਂ ਕਿਹਾ ਕਿ ਬੁੱਢਾ ਦਲ ਦੇ ਅਨੇਕਾਂ ਜੱਥੇਦਾਰਾਂ ਨੇ ਬਿਖੜੇ ਸਮੇਂ ਵਿਚ ਵੀ ਸਿੱਖ ਪੰਥ ਦੀ ਅਗਵਾਈ ਕੀਤੀ ਅਤੇ ਪੰਥ ਨੂੰ ਚੁਣੌਤੀਆਂ ਭਰੇ ਸਮੇਂ ਵਿੱਚੋਂ ਦ੍ਰਿੜ੍ਹਤਾ ਨਾਲ ਬਾਹਰ ਕੱਢਿਆ। ਉਨ੍ਹਾਂ ਕਿਹਾ ਕਿ ਇਹ ਸ਼ਖ਼ਸੀਅਤਾਂ ਸ੍ਰੀ ਅਕਾਲ ਤਖਤ ਸਾਹਿਬ ਦੀ ਸੇਵਾ ਸੰਭਾਲ ਅਤੇ ਮੁਖੀ ਵਜੋਂ ਵੀ ਸੇਵਾ ਨਿਭਾਉਂਦੀਆਂ ਰਹੀਆਂ ਹਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ ਜੀ ਨੇ ਬਾਬਾ ਬਲਬੀਰ ਸਿੰਘ ਵੱਲੋਂ ਕੀਤੇ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਤੇ ਇਸ ਮੌਕੇ ਸਮੂਹ ਨਿਹੰਗ ਸਿੰਘਾਂ ਨੂੰ ਵਧਾਈ ਦਿੱਤੀ।

ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਬੇਨਤੀ ਤੇ ਬੁੱਢਾ ਦਲ ਦੇ ਮੁਖੀਆਂ ਦੀਆਂ ਤਸਵੀਰਾਂ ਸਿੱਖ ਅਜਾਇਬ ਘਰ ਵਿਚ ਲਗਾ ਕੇ ਵੱਡਾ ਮਾਣ ਦਿੱਤਾ ਹੈ। ਉਨ੍ਹਾਂ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਤੇ ਸੰਗਤਾਂ ਦਾ ਵੀ ਧੰਨਵਾਦ ਕੀਤਾ।

ਇਸ ਮੌਕੇ ਭਾਈ ਮਨਜੀਤ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਅਵਤਾਰ ਸਿੰਘ ਦਲ ਬਾਬਾ ਬਿਧੀ ਚੰਦ ਸੰਪਰਦਾ ਸੁਰ ਸਿੰਘ ਵਾਲੇ, ਬਾਬਾ ਮੱਖਣ ਸਿੰਘ ਬਾਬਾ ਬਕਾਲਾ ਵੱਲੋਂ ਬਾਬਾ ਗੱਜਣ ਸਿੰਘ, ਬਾਬਾ ਗੁਰਪਿੰਦਰ ਸਿੰਘ ਸਤਲਾਣੀ ਸਾਹਿਬ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਮਨਮੋਹਣ ਸਿੰਘ ਬਾਰਨ ਸਾਹਿਬ, ਬਾਬਾ ਨਿਹਾਲ ਸਿੰਘ ਤਰਨਾ ਦਲ ਹਰੀਆਂ ਵੇਲਾਂ ਵੱਲੋਂ ਬਾਬਾ ਨਾਰੰਗ ਸਿੰਘ, ਬਾਬਾ ਤਰਲੋਕ ਸਿੰਘ ਖਿਆਲੇ ਵਾਲੇ, ਬਾਬਾ ਰਘਬੀਰ ਸਿੰਘ ਤਰਨਾ ਦਲ, ਬਾਬਾ ਤਰਸੇਮ ਸਿੰਘ ਮਹਿਤਾ ਚੌਂਕ, ਬਾਬਾ ਮਾਨ ਸਿੰਘ ਗੁਰੂ ਨਾਨਕ ਦਲ ਮੜ੍ਹੀਆਂ ਵਾਲਾ, ਬਾਬਾ ਵਰਿਆਮ ਸਿੰਘ, ਬਾਬਾ ਵੱਸਣ ਸਿੰਘ, ਬਾਬਾ ਮੇਜਰ ਸਿੰਘ ਲੁਧਿਆਣਾ, ਬਾਬਾ ਬਲਦੇਵ ਸਿੰਘ ਵੱਲਾ, ਬਾਬਾ ਲਾਲ ਸਿੰਘ ਰਾਮਪੁਰਾ ਫੂਲ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ, ਐਡੀ. ਸਕੱਤਰ ਸ. ਬਿਜੈ ਸਿੰਘ, ਸ. ਪਰਮਜੀਤ ਸਿੰਘ ਮੁੰਡਾ ਪਿੰਡ ਨਿੱਜੀ ਸਹਾਇਕ, ਮੀਤ ਸਕੱਤਰ ਸ. ਸਿਮਰਜੀਤ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸ੍ਰੀ ਦਰਬਾਰ ਸਾਹਿਬ, ਪ੍ਰੋ. ਸੁਖਦੇਵ ਸਿੰਘ ਇੰਚਾਰਜ ਸਿੱਖ ਇਤਿਹਾਸ ਰੀਸਰਚ ਬੋਰਡ, ਸ. ਕਰਮਬੀਰ ਸਿੰਘ ਇੰਚਾਰਜ ਸੈਕਸ਼ਨ ੮੭, ਸ. ਦੀਪਇੰਦਰ ਸਿੰਘ ਮੈਨੇਜਰ ਗੋਲਡਨ ਆਫਸੈੱਟ ਪ੍ਰੈੱਸ, ਸ. ਇਕਬਾਲ ਸਿੰਘ ਮੁਖੀ ਕਿਊਰੇਟਰ ਸਿੱਖ ਅਜਾਇਬ ਘਰ, ਭਾਈ ਮਨਮੋਹਨ ਸਿੰਘ ਭਾਗੋਵਾਲੀਆ, ਗਿਆਨੀ ਸੁਮਿੱਤਰ ਸਿੰਘ ਹੈੱਡ ਗ੍ਰੰਥੀ ਹਰੀਆਂ ਵੇਲਾਂ, ਬਾਬਾ ਤਾਰਾ ਸਿੰਘ ਝਾੜ ਸਾਹਿਬ ਤੇ ਢਾਡੀ ਗਿਆਨੀ ਤਰਸੇਮ ਸਿੰਘ ਮੋਰਾਂਵਾਲੀ ਆਦਿ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

*੨੦ ਮਈ*

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰੂ ਰਾਮਦਾਸ ਲੰਗਰ ਲਈ ਗਰਮੀਆਂ ਦੀਆਂ ਜੈਵਿਕ ਸਬਜ਼ੀਆਂ ਦੀ ਆਮਦ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੇ ਉਚੇਚੇ ਯਤਨਾਂ ਸਦਕਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਸ੍ਰੀ ਗੁਰੂ ਰਾਮਦਾਸ ਲੰਗਰ ਲਈ ਗਰਮੀਆਂ ਵਿੱਚ ਵਰਤੀਆਂ ਜਾਣ ਵਾਲੀਆਂ ਜੈਵਿਕ ਸਬਜ਼ੀਆਂ ਅੱਜ ਤੋਂ ਗੁਰਦੁਆਰਾ ਸਤਲਾਣੀ ਸਾਹਿਬ ਹੁਸ਼ਿਆਰ ਨਗਰ, ਸ੍ਰੀ ਅੰਮ੍ਰਿਤਸਰ ਤੋਂ ਆਉਣੀਆਂ ਸ਼ੁਰੂ ਹੋ ਗਈਆਂ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਵੱਲੋਂ ਅੰਤ੍ਰਿੰਗ ਕਮੇਟੀ ਮੈਂਬਰ ਸ. ਰਜਿੰਦਰ ਸਿੰਘ ਮਹਿਤਾ ਅਤੇ ਮੈਨੇਜਰ ਗੁਰਦੁਆਰਾ ਸਤਲਾਣੀ ਸਾਹਿਬ ਸ. ਰਜਿੰਦਰ ਸਿੰਘ ਰੂਬੀ ਨੂੰ ਇਹ ਕਾਰਜ ਸੌਂਪਿਆ ਗਿਆ ਹੈ, ਜਿਨ੍ਹਾਂ ਦੀ ਨਿਗਰਾਨੀ ਤਹਿਤ ਸ਼ੁਰੂ ਕੀਤੀ ਜੈਵਿਕ (ਕੁਦਰਤੀ) ਸਬਜ਼ੀਆਂ ਦੀ ਸ਼ੁਰੂਆਤ ਬਹੁਤ ਹੀ ਵਧੀਆ ਅਤੇ ਚੰਗੀ ਰਹੀ। ਸ. ਬੇਦੀ ਨੇ ਦੱਸਿਆ ਕਿ ਜੈਵਿਕ ਖੇਤੀ ਸਬਜ਼ੀਆਂ ਸ਼ੁਰੂ ਕਰਨ ਵਾਲਾ ਪਹਿਲਾ ਗੁਰਦੁਆਰਾ ਸਤਲਾਣੀ ਸਾਹਿਬ ਹੁਸ਼ਿਆਰ ਨਗਰ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਸਰਦੀਆਂ ਦੀਆਂ ਸਬਜ਼ੀਆਂ ਦੀ ਕਾਸ਼ਤ ੭ ਏਕੜ ਜ਼ਮੀਨ ਵਿੱਚ ਕੀਤੀ ਗਈ, ਜੋ ਬਹੁਤ ਲਾਹੇਵੰਦ ਸਾਬਤ ਹੋਈ ਤੇ ਇਸ ਸਾਲ ਜੈਵਿਕ ਸਬਜ਼ੀਆਂ ਦਾ ਖੇਤਰ ੧੩ ਏਕੜ ਕਰਕੇ ਉਸ ਵਿੱਚ ਗਰਮੀਆਂ ਦੀਆਂ ਸਬਜ਼ੀਆਂ ਜਿਨ੍ਹਾਂ ਵਿੱਚ ਘੀਆ ਤੋਰੀ, ਬੈਂਗਣ, ਟਮਾਟਰ, ਟੀਂਡੇ, ਘੀਆ ਕੱਦੂ, ਹਲਵਾ, ਹਲਦੀ, ਧਨੀਆ ਆਦਿ ਦੀ ਜੈਵਿਕ ਖੇਤੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਦਰਬਾਰ ਸਾਹਿਬ ਲੰਗਰ ਘਰ ਵਿਖੇ ਇਹ ਸਬਜੀਆਂ ਪੁੱਜ ਰਹੀਆਂ ਹਨ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੇ ਪੀ.ਏ. ਸ. ਪਰਮਜੀਤ ਸਿੰਘ ਮੁੰਡਾ ਪਿੰਡ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਤੇ ਸ. ਰਘਬੀਰ ਸਿੰਘ ਮੰਡ, ਸ. ਮੁਖਤਾਰ ਸਿੰਘ ਮੈਨੇਜਰ ਬੀੜ ਬਾਬਾ ਬੁੱਢਾ ਸਾਹਿਬ, ਐਡੀ: ਮੈਨੇਜਰ ਸ. ਹਰਜਿੰਦਰ ਸਿੰਘ ਭੂਰਾ ਆਦਿ ਹਾਜ਼ਰ ਸਨ। *੧੨ ਮਈ*

# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਮਨਾਇਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਮੀਰੀ-ਪੀਰੀ ਦੇ ਮਾਲਿਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਿੱਖਾਂ ਦੇ ਸਰਵਉੱਚ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸ਼ੌਕੀਨ ਸਿੰਘ ਦੇ ਜਥੇ ਨੇ ਅੰਮ੍ਰਿਤਮਈ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਉਪਰੰਤ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਭਾਈ ਸੁਖਚੈਨ ਸਿੰਘ ਨੇ ਲਿਆ। ਉਪਰੰਤ ਪੰਥ ਪ੍ਰਸਿੱਧ ਢਾਡੀ ਜਥਿਆਂ ਨੇ ਬੀਰ ਰਸੀ ਵਾਰਾਂ ਗਾ ਕੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਇਸ ਪਾਵਨ ਪਵਿੱਤਰ ਦਿਹਾੜੇ ਨੂੰ ਸਮਰਪਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਜੀ ਵਿਖੇ ਸਵੇਰੇ ੮-੩੦ ਤੋਂ ੧੨-੦੦ ਵਜੇ ਤੀਕ ਸੁੰਦਰ ਜਲੌ ਸਜਾਏ ਗਏ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਭਾਈ ਬਲਜੋਧ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੀਰੀ-ਪੀਰੀ ਦੀਆਂ ਦੋ ਕ੍ਰਿਪਾਨਾਂ ਪਹਿਨ ਕੇ ਸਿੱਖ ਧਰਮ ਵਿੱਚ ਭਗਤੀ ਤੇ ਸ਼ਕਤੀ ਦੇ ਸਿਧਾਂਤ ਨੂੰ ਪੱਕਿਆਂ ਕੀਤਾ। ਗੁਰੂ ਸਾਹਿਬ ਨੇ ਜ਼ਾਲਮ ਤੇ ਜਰਵਾਣਿਆਂ ਦਾ ਟਾਕਰਾ

ਕਰਨ ਲਈ ਗੁਰਸਿੱਖਾਂ ਨੂੰ ਸਾਹਸ ਬਖਸ਼ਿਆ। ਆਪ ਜੀ ਨੇ ਜ਼ਬਰ ਤੇ ਜ਼ੁਲਮ ਖਿਲਾਫ਼ ਯੁੱਧ ਕਰਕੇ ਜ਼ਾਲਮਾਂ ਤੇ ਜਰਵਾਣਿਆਂ ਨੂੰ ਚਾਰ ਵੱਡੀਆਂ ਜੰਗਾਂ ਵਿੱਚ ਮਾਤ ਦਿੱਤੀ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਦੱਸ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਸਿਧਾਂਤਾਂ 'ਤੇ ਚੱਲਦੇ ਹੋਏ ਬਾਣੀ, ਬਾਣੇ ਤੇ ਸ਼ਸਤਰ ਵਿਦਿਆ ਵਿੱਚ ਪ੍ਰਪੱਕ ਹੋਣਾ ਚਾਹੀਦਾ ਹੈ।

ਇਸ ਮੌਕੇ ਸ. ਸੁਲੱਖਣ ਸਿੰਘ, ਸ. ਗੁਰਵਿੰਦਰ ਸਿੰਘ ਤੇ ਸ. ਰਘਬੀਰ ਸਿੰਘ ਮੰਡ ਮੈਨੇਜਰ, ਸ. ਇੰਦਰ ਮੋਹਣ ਸਿੰਘ 'ਅਨਜਾਣ', ਸ. ਸੁਖਬੀਰ ਸਿੰਘ, ਸ. ਸੁਖਰਾਜ ਸਿੰਘ, ਸ. ਗੁਰਾ ਸਿੰਘ, ਸ. ਗੁਰਮੀਤ ਸਿੰਘ ਤੇ ਸ. ਸਤਨਾਮ ਸਿੰਘ ਮਾਂਗਾਸਰਾਏ ਵਧੀਕ ਮੈਨੇਜਰ, ਸ. ਗੁਰਮੀਤ ਸਿੰਘ ਤੇ ਸ. ਭੁਪਿੰਦਰ ਸਿੰਘ ਮੀਤ ਮੈਨੇਜਰ, ਸ. ਤੇਜਿੰਦਰ ਐਡੀ: ਚੀਫ਼ ਗੁਰਦੁਆਰਾ ਇੰਸਪੈਕਟਰ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਟਾਫ਼ ਦੇ ਇਲਾਵਾ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। *੨੯ ਮਈ*

## ਵਰਤਮਾਨ ਪੰਥਕ ਹਾਲਾਤ ਦੇ ਸਮਾਧਾਨ ਲਈ ਪੰਥ ਪ੍ਰਵਾਨਿਤ ਸ਼ਖ਼ਸੀਅਤਾਂ ਦੀ ਕਮੇਟੀ ਬਣਾਈ ਜਾਵੇਗੀ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇੱਕ ਵਿਸ਼ੇਸ਼ ਇਕੱਤਰਤਾ ਅੱਜ ਮੁੱਖ ਦਫਤਰ ਸ਼੍ਰੋਮਣੀ ਕਮੇਟੀ ਵਿਖੇ ਜਥੇਦਾਰ ਅਵਤਾਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਮੌਜੂਦਾ ਪੰਥਕ ਹਾਲਾਤ ਸਬੰਧੀ ਵਿਚਾਰ-ਚਰਚਾ ਕੀਤੀ ਗਈ। ਜਥੇਦਾਰ ਅਵਤਾਰ ਸਿੰਘ ਨੇ ਬੜੀ ਭਾਵੁਕਤਾ ਨਾਲ ਮੀਟਿੰਗ ਦਾ ਏਜੰਡਾ ਹਾਜ਼ਰ ਮੈਂਬਰਾਂ ਨਾਲ ਸਾਂਝਾ ਕਰਦਿਆਂ ਕਿਹਾ ਕਿ ਪੰਥ ਪ੍ਰਚਾਰਕਾਂ ਵਿੱਚ ਪੈਦਾ ਹੋਇਆ ਆਪਸੀ ਟਕਰਾਅ ਸਿੱਖ ਕੌਮ ਲਈ ਚਿੰਤਾਜਨਕ ਹੈ ਅਤੇ ਮੌਜੂਦਾ ਪੰਥਕ ਹਾਲਾਤ ਦੇ ਸਰਲੀਕਰਨ ਲਈ ਸੁਹਿਰਦ ਯਤਨ ਜ਼ਰੂਰੀ ਹਨ। ਉਨ੍ਹਾਂ ਨੇ ਅੰਤ੍ਰਿੰਗ ਕਮੇਟੀ ਦੇ ਸਮੂਹ ਮੈਂਬਰਾਂ ਦੇ ਵਿਚਾਰਾਂ ਨੂੰ ਗੰਭੀਰਤਾ ਨਾਲ ਸੁਣਿਆ। ਹਾਜ਼ਰ ਮੈਂਬਰਾਂ ਨੇ ਚਿੰਤਾ ਵਿਅਕਤ ਕਰਦਿਆਂ ਕਿਹਾ ਕਿ ਦੋਹਾਂ ਹੀ ਧਾਰਮਿਕ ਸ਼ਖ਼ਸੀਅਤਾਂ ਨੂੰ ਵਿਸਫੋਟਕ ਕਿਸਮ ਦੀ ਬਿਆਨਬਾਜੀ ਤੋਂ ਗੁਰੇਜ ਕਰਨਾ ਚਾਹੀਦਾ ਹੈ ਅਤੇ ਸੂਝਵਾਨ ਪੰਥ ਪ੍ਰਵਾਨਤ ਸ਼ਖ਼ਸੀਅਤਾਂ ਦੀ ਕਮੇਟੀ ਬਣਾ ਕੇ ਮਸਲੇ ਦਾ ਹੱਲ ਕੱਢਣਾ ਚਾਹੀਦਾ ਹੈ।

ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਇਕੱਤਰਤਾ ਵਿਚ ਸ਼ਾਮਲ ਮੈਂਬਰਾਂ ਦੇ ਸੁਝਾਅ ਅਨੁਸਾਰ ਵਰਤਮਾਨ ਸਮੇਂ ਵਿਚ ਪੈਦਾ ਹੋਏ ਪੰਥਕ ਹਾਲਾਤ ਦੇ ਠੋਸ ਹੱਲ ਲਈ ਪੰਥ ਦੀਆਂ ਪ੍ਰਵਾਨਿਤ ਸ਼ਖ਼ਸੀਅਤਾਂ ਦੀ ਇੱਕ ਕਮੇਟੀ ਬਣਾਏ ਜਾਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ ਅਤੇ ਦਮਦਮੀ ਟਕਸਾਲ ਦੇ ਮੁੱਖੀ ਬਾਬਾ ਹਰਨਾਮ ਸਿੰਘ ਖਾਲਸਾ ਦੋਵੇਂ ਹੀ ਸੂਝਵਾਨ ਸਿੱਖ ਸ਼ਖ਼ਸੀਅਤਾਂ ਹਨ ਜੋ ਪੰਥ ਦੇ ਪ੍ਰਚਾਰ ਲਈ ਨਿਰੰਤਰ ਕਾਰਜਸ਼ੀਲ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਪਹਿਲਾਂ ਹੀ ਕਈ ਬਾਹਰੀ ਚੁਣੌਤੀਆਂ ਦੇ ਰੂਬਰੂ ਹੈ ਅਤੇ ਅੱਜ ਇਸ ਨੂੰ ਆਪਸੀ ਇੱਕਜੁਟਤਾ ਅਤੇ ਸੰਗਠਨ ਦੀ ਵੱਡੀ ਲੋੜ ਹੈ। ਇਸ ਸਮੇਂ ਸਮੁੱਚੀਆਂ ਪੰਥਕ ਧਿਰਾਂ ਨੂੰ ਸਹਿਜ, ਸੰਜਮ ਤੇ ਹਲੇਮੀ ਤੋਂ ਕੰਮ ਲੈਦਿਆਂ ਪੰਥ ਦੀ ਚੜ੍ਹਦੀ ਕਲਾ ਲਈ ਵਡੇਰੀ ਭੂਮਿਕਾ ਨਿਭਾਉਣੀ ਚਾਹੀਦੀ ਹੈ ਤਾਂ ਜੋ ਕੌਮ ਵਿਚ ਵੰਡੀਆਂ ਪਾਉਣ ਵਾਲੀਆਂ ਸ਼ਕਤੀਆਂ ਦੇ ਮਨਸੂਬੇ ਕਾਮਯਾਬ ਨਾ ਹੋ ਸਕਣ। ਉਨ੍ਹਾਂ ਕਿਹਾ ਕਿ ਪੰਥ ਦੀ ਸੁਖ ਸ਼ਾਂਤੀ ਲਈ ਪੰਥਕ ਸੋਚ ਰੱਖਣ ਵਾਲਾ ਹਰ ਬਸ਼ਰ ਸ਼ਖ਼ਸੀ ਤੌਰ 'ਤੇ ਵੀ ਅੱਗੇ ਆਵੇ।

ਉਨ੍ਹਾਂ ਹੋਰ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜਿਥੇ ਸਿੱਖਾਂ ਦਾ ਕੇਂਦਰੀ ਧਾਰਮਿਕ ਅਸਥਾਨ ਹੈ, ਉਥੇ ਹੀ ਸਮੁੱਚੀ ਮਨੁੱਖਤਾ ਲਈ ਆਤਮਿਕ ਤ੍ਰਿਪਤੀ ਦਾ ਕੇਂਦਰ ਵੀ ਹੈ। ਇਸ ਪਾਵਨ ਅਸਥਾਨ ਦਾ ਇਤਿਹਾਸ ਗੌਰਵਮਈ ਹੈ। ਉਨ੍ਹਾਂ ਕਿਹਾ ਕਿ ਸਮੇਂ-ਸਮੇਂ 'ਤੇ ਮਨੁੱਖਤਾ ਦੇ ਦੁਸ਼ਮਣਾਂ ਵੱਲੋਂ ਇਸ ਅੰਮ੍ਰਿਤਮਈ ਅਸਥਾਨ ਨੂੰ ਢਹਿ-ਢੇਰੀ ਕਰਨ ਦੀਆਂ ਚਾਲਾਂ ਚੱਲੀਆਂ ਗਈਆਂ। ੧੯੮੪ ਵਿਚ ਵੀ ਸਮੇਂ ਦੀ ਭਾਰਤੀ ਹਕੂਮਤ ਵੱਲੋਂ ਇਸ 'ਤੇ ਗੋਲੀਆਂ ਦਾ ਮੀਂਹ

ਵਰ੍ਹਾਇਆ ਗਿਆ। ਇਸ ਮੌਕੇ ਦਰਸ਼ਨ ਕਰਨ ਆਈ ਬੇਦੋਸ਼ੀ ਸੰਗਤ ਨੂੰ ਵੀ ਨਾ ਬਖਸ਼ਿਆ ਗਿਆ। ਇਸ ਘੱਲੂਘਾਰੇ ਸਮੇਂ ਸ਼ਹੀਦ ਹੋਏ ਸਿੱਖਾਂ ਦੀ ਯਾਦ ਵਿਚ ਹਰ ਸਾਲ ੬ ਜੂਨ ਨੂੰ ਸਿੱਖ ਕੌਮ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸ਼ਰਧਾਂਜਲੀ ਸਮਾਗਮ ਕੀਤਾ ਜਾਂਦਾ ਹੈ ਪਰ ਇਸ ਘੱਲੂਘਾਰੇ ਦੀ ਸ਼ਾਂਤਮਈ ਰੂਪ ਵਿਚ ਯਾਦ ਮਨਾਉਣ ਸਮੇਂ ਕੁਝ ਸਿੱਖ ਵਿਰੋਧੀ ਤਾਕਤਾਂ ਮੌਕੇ ਦਾ ਫਾਇਦਾ ਉਠਾਉਣ ਲਈ ਹਰ ਵਾਰ ਖਲਲ ਪਾਉਣ ਦਾ ਯਤਨ ਕਰਦੀਆਂ ਹਨ। ਇਹ ਸਿੱਖ ਕੌਮ ਨੂੰ ਬਦਨਾਮ ਕਰਨ ਦੀ ਸੋਚੀ ਸਮਝੀ ਸਾਜ਼ਿਸ਼ ਹੈ। ਉਨ੍ਹਾਂ ਕਿਹਾ ਕਿ ੬ ਜੂਨ ਨੂੰ ਸ਼ਰਧਾਂਜਲੀ ਸਮਾਗਮ ਵਿਚ ਸ਼ਾਮਲ ਹੋਣ ਵਾਲੀਆਂ ਸਮੂਹ ਪੰਥਕ ਧਿਰਾਂ ਨੂੰ ਅਤੇ ਸਿੱਖ ਸੰਗਤਾਂ ਨੂੰ ਅਪੀਲ ਹੈ ਕਿ ਉਹ ਸਿੱਖ ਵਿਰੋਧੀ ਸ਼ਕਤੀਆਂ ਦੀਆਂ ਚਾਲਾਂ ਤੋਂ ਸੁਚੇਤ ਰਹਿੰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਮਾਣ-ਮਰਯਾਦਾ ਨੂੰ ਧਿਆਨ ਵਿਚ ਰੱਖਣ।

ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਸ਼ਿਵ ਸੈਨਾ ਵੱਲੋਂ ਵੱਖ-ਵੱਖ ਸਮੇਂ ਤੇ ਸਿੱਖਾਂ ਖਿਲਾਫ ਕੀਤੀ ਜਾਂਦੀ ਬਿਆਨਬਾਜੀ ਦਾ ਸਖਤ ਨੋਟਿਸ ਲਿਆ ਹੈ। ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸ਼ਿਵ ਸੈਨਾ ਨੂੰ ਆਪਣੀਆਂ ਹਰਕਤਾਂ ਤੋਂ ਬਾਜ ਆਉਣਾ ਚਾਹੀਦਾ ਹੈ ਕਿਉਂਕਿ ਅਜਿਹੀ ਬਿਆਨਬਾਜੀ ਨਾਲ ਪੰਜਾਬ ਦਾ ਮਾਹੌਲ ਅਸ਼ਾਂਤ ਹੋ ਰਿਹਾ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਅਜਿਹੇ ਅਨਸਰਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਤੁਰੰਤ ਨਕੇਲ ਪਾਈ ਜਾਵੇ।

ਇਸ ਮੌਕੇ ਸ. ਕੇਵਲ ਸਿੰਘ ਬਾਦਲ ਜੂਨੀਅਰ ਮੀਤ ਪ੍ਰਧਾਨ, ਸ. ਸੁਖਦੇਵ ਸਿੰਘ ਭੌਰ ਜਨਰਲ ਸਕੱਤਰ, ਸ. ਰਜਿੰਦਰ ਸਿੰਘ ਮਹਿਤਾ, ਸ. ਦਿਆਲ ਸਿੰਘ ਕੋਲਿਆਂਵਾਲੀ, ਸ. ਕਰਨੈਲ ਸਿੰਘ ਪੰਜੋਲੀ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਨਿਰਮੈਲ ਸਿੰਘ ਜੌਲਾਂ, ਸ. ਸੂਬਾ ਸਿੰਘ ਡੱਬਵਾਲੀ, ਸ. ਭਜਨ ਸਿੰਘ ਸ਼ੇਰਗਿੱਲ, ਸ. ਮੰਗਲ ਸਿੰਘ, ਸ. ਸੁਰਜੀਤ ਸਿੰਘ ਗੜ੍ਹੀ, ਸ. ਮੋਹਨ ਸਿੰਘ ਬੰਗੀ ਤੇ ਸ. ਗੁਰਬਚਨ ਸਿੰਘ ਕਰਮੂੰਵਾਲਾ ਅੰਤ੍ਰਿੰਗ ਕਮੇਟੀ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਤੇ ਸ. ਮਨਜੀਤ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਕੇਵਲ ਸਿੰਘ, ਡਾ. ਪਰਮਜੀਤ ਸਿੰਘ ਸਰੋਆ ਤੇ ਸ. ਬਿਜੈ ਸਿੰਘ ਵਧੀਕ ਸਕੱਤਰ, ਸ. ਪਰਮਜੀਤ ਸਿੰਘ ਮੁੰਡਾਪਿੰਡ ਨਿੱਜੀ ਸਹਾਇਕ ਆਦਿ ਹਾਜ਼ਰ ਸਨ। *੩੧ ਮਈ*

## ਸੇਵਾ ਤੇ ਸਿਮਰਨ ਦਾ ਸਿਧਾਂਤ ਸਾਨੂੰ ਸਾਡੇ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਕੀਤਾ ਗਿਆ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਜ਼ਦੀਕ ਸ੍ਰੀ ਅਖੰਡ ਪਾਠ ਸਾਹਿਬ ਵਾਲੇ ਕਮਰੇ ਤੇ ਕੂਲਰਾਂ ਦਾ ਉਦਘਾਟਨ ਕੀਤਾ।ਉਦਘਾਟਨ ਤੋਂ ਪਹਿਲਾਂ ਭਾਈ ਮੁਖਤਿਆਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਭਾਈ ਰਾਜਦੀਪ ਸਿੰਘ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ। ਉਪਰੰਤ ਭਾਈ ਸਵਿੰਦਰਪਾਲ ਸਿੰਘ ਨੇ ਜਥੇਦਾਰ ਅਵਤਾਰ ਸਿੰਘ ਨੂੰ ਸ੍ਰੀ ਅਖੰਡ ਪਾਠ ਸਾਹਿਬ ਵਾਲੇ ਕਮਰੇ ਦੀਆਂ ਚਾਬੀਆਂ ਭੇਟ ਕੀਤੀਆਂ। ਇਸ ਮੌਕੇ ਜਥੇਦਾਰ ਅਵਤਾਰ ਸਿੰਘ ਨੇ ਕੈਪਸਨ ਕੰਪਨੀ ਵੱਲੋਂ ਭੇਟ ਕੀਤੇ ੧੧ ਕੂਲਰਾਂ ਦਾ ਉਦਘਾਟਨ ਵੀ ਕੀਤਾ।

ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸੇਵਾ ਤੇ ਸਿਮਰਨ ਦਾ ਸਿਧਾਂਤ ਸਾਨੂੰ ਸਾਡੇ ਗੁਰੂ ਸਾਹਿਬ ਵੱਲੋਂ ਬਖਸ਼ਿਸ਼ ਕੀਤਾ ਗਿਆ ਹੈ। ਇਸੇ ਸੰਦਰਭ ਵਿੱਚ ਗੁਰੂ-ਘਰ ਦੇ ਅਨਿਨ ਸੇਵਕ ਤੇ ਸ਼ਰਧਾਵਾਨ ਸਿੱਖ ਭਾਈ ਪ੍ਰਭਜੋਤ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਭਾਈ ਸਵਿੰਦਰਪਾਲ ਸਿੰਘ, ਭਾਈ ਇੰਦਰਪਾਲ ਸਿੰਘ ਤੇ ਭਾਈ ਗੁਰਦੀਪ ਸਿੰਘ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਵਾਲੇ ਸ਼ੀਸ਼ ਮਹਿਲ ਵਰਗੇ ਕਮਰੇ ਦੀ ਸੇਵਾ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਇਸ ਦੀ ਉਸਾਰੀ ਤੇ ਇੰਟੀਰੀਅਲ ਡੈਕੋਰੇਸ਼ਨ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਵੱਲੋਂ

ਮਾਹਿਰ ਕਾਰੀਗਰਾਂ ਵੱਲੋਂ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਗੁਜਰਾਤ ਦੀ ਕੈਪਸਨ ਕੰਪਨੀ ਵੱਲੋਂ ਭਾਈ ਸਵਿੰਦਰਪਾਲ ਸਿੰਘ ਦੀ ਪ੍ਰੇਰਨਾ ਸਦਕਾ ਗੁਰੂ-ਘਰ ਲਈ ਹਾਈ ਕੁਆਲਿਟੀ ਦੇ ਰੀਮੋਟ ਕੰਟਰੋਲ ਵਾਲੇ ਸਪੈਸ਼ਲ ੧੧ ਕੂਲਰਾਂ ਦੀ ਸੇਵਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਕੂਲਰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਦਰਸ਼ਨੀ ਡਿਓੜੀ ਦੇ ਨਜ਼ਦੀਕ ਲਗਾਏ ਜਾਣਗੇ ਤੇ ਇਕ-ਇਕ ਕੂਲਰ ਸ੍ਰੀ ਹਰਿਮੰਦਰ ਸਹਿਬ ਦੀ ਪਰਿਕਰਮਾ ਵਿੱਚ ਸਥਿਤ ਛਬੀਲਾਂ ਤੇ ਲਗਾਇਆ ਜਾਵੇਗਾ ਤਾਂ ਕਿ ਸੰਗਤਾਂ ਨੂੰ ਗਰਮੀ ਤੋਂ ਰਾਹਤ ਮਿਲ ਸਕੇ।

ਇਸ ਮੌਕੇ ਸ. ਰਜਿੰਦਰ ਸਿੰਘ ਮਹਿਤਾ, ਸ.ਗੁਰਬਚਨ ਸਿੰਘ ਕਰਮੂੰਵਾਲਾ ਤੇ ਸ. ਨਿਰਮੈਲ ਸਿੰਘ ਜੌਲਾਂ ਅੰਤ੍ਰਿੰਗ ਮੈਂਬਰ, ਡਾ. ਰੂਪ ਸਿੰਘ ਸਕੱਤਰ, ਆਦਿ ਹਾਜ਼ਰ ਸਨ। *੩੧ ਮਈ*

## ਸ਼੍ਰੋਮਣੀ ਕਮੇਟੀ ਮੈਂਬਰਾਂ ਦੀ ਅਗਵਾਈ 'ਚ ਹਰਿਆਣਾ ਦੀਆਂ ਸੰਗਤਾਂ ਨੇ ਸ੍ਰੀ ਗੁਰੂ ਰਾਮਦਾਸ ਲੰਗਰ ਹਾਲ ਵਿਖੇ ਸੇਵਾ ਕੀਤੀ

ਅੰਮ੍ਰਿਤਸਰ- ਜਥੇਦਾਰ ਬਲਦੇਵ ਸਿੰਘ ਖਾਲਸਾ ਤੇ ਬੀਬੀ ਅਮਰਜੀਤ ਕੌਰ ਬਾੜਾ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ 'ਚ ਜ਼ਿਲ੍ਹਾ ਫਤਿਆਬਾਦ, ਹਿਸਾਰ ਤੇ ਭਿਵਾਨੀ (ਹਰਿਆਣਾ) ਦੀਆਂ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸ੍ਰੀ ਗੁਰੂ ਰਾਮਦਾਸ ਲੰਗਰ ਹਾਲ ਵਿਖੇ ਸੇਵਾ ਕੀਤੀ। ਇਸ ਮੌਕੇ ਭਾਈ ਮਨਜੀਤ ਸਿੰਘ ਗ੍ਰੰਥੀ ਨੇ ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਅਰਦਾਸ ਕੀਤੀ। ਉਕਤ ਮੈਂਬਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੂ ਸਾਹਿਬਾਨ ਵੱਲੋਂ ਲੰਗਰ ਦੀ ਪ੍ਰਥਾ ਚਲਾਉਣ ਦੇ ਸੱਚੇ-ਸੁੱਚੇ ਮਾਰਗ 'ਤੇ ਚੱਲਦਿਆਂ ਹੋਇਆਂ ਸੰਗਤਾਂ ਵੱਲੋਂ ਸੇਵਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਉਹ ਧੰਨਤਾਯੋਗ ਹੁੰਦੇ ਹਨ ਜਿਨ੍ਹਾਂ ਨੂੰ ਗੁਰੂ-ਘਰ ਦੇ ਲੰਗਰ ਵਿੱਚ ਆਪਣੀ ਦੱਸਾਂ ਨਹੁੰਆਂ ਦੀ ਕਿਰਤ ਕਮਾਈ ਵਿੱਚੋਂ ਲੰਗਰ ਦੀ ਸੇਵਾ ਵਿੱਚ ਹਿੱਸਾ ਪਾਉਣ ਦਾ ਮੌਕਾ ਮਿਲਦਾ ਹੈ।

ਇਸ ਮੌਕੇ ਸ. ਅਵਤਾਰ ਸਿੰਘ ਟੋਹਾਣਾ, ਸ. ਜਗਰੂਪ ਸਿੰਘ ਲਾਲੀ, ਸ. ਗੁਰਚਰਨ ਸਿੰਘ, ਸ. ਰਣਜੀਤ ਸਿੰਘ ਭਾਨੀਖੇੜਾ, ਸ. ਬੇਅੰਤ ਸਿੰਘ ਬਿਘੜ, ਸ. ਮਹਿੰਦਰ ਸਿੰਘ ਵਧਵਾ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਹਰਿਆਣਾ, ਸ. ਹਰਪਾਲ ਸਿੰਘ ਅਹਿਰਵਾਂ ਮੀਤ ਪ੍ਰਧਾਨ ਹਰਿਆਣਾ ਆਦਿ ਹਾਜ਼ਰ ਸਨ। *੩ ਮਈ*

## ਟੀ.ਵੀ.ਐਸ. ਵੱਲੋਂ ਨਵਾਂ ਲਾਂਚ ਕੀਤਾ ਮੋਟਰ ਸਾਈਕਲ ਅਤੇ ਮੋਪਿਡ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਭੇਟ

ਅੰਮ੍ਰਿਤਸਰ- ਟੀ.ਵੀ.ਐਸ. ਮੋਟਰ ਦਿੱਲੀ ਵੱਲੋਂ ਆਪਣੇ ਨਵੇਂ ਲਾਂਚ ਕੀਤੇ ਗਏ ਟੀ.ਵੀ.ਐਸ. ਵਿਕਟਰ ੧੧੦ ਸੀ.ਸੀ. ਮੋਟਰ ਸਾਈਕਲ ਅਤੇ ਟੀ.ਵੀ.ਐਸ. ਐਕਸਲ ੧੦੦ ਸੀ.ਸੀ. ਮੋਪਿਡ ਦਾ ਪਹਿਲਾ ਮਾਡਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਭੇਟ ਕੀਤਾ ਗਿਆ। ਕੰਪਨੀ ਦੇ ਜਨਰਲ ਮੈਨੇਜਰ ਸ੍ਰੀ ਯੂ.ਬੀ. ਪਾਂਡੇ ਨੇ ਦੋਨਾਂ ਵਹੀਕਲਾਂ ਦੀਆਂ ਚਾਬੀਆਂ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮੀਤ ਸਿੰਘ ਬੂਹ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਪਰਮਜੀਤ ਸਿੰਘ ਮੁੰਡਾਪਿੰਡ ਨਿਜੀ ਸਹਾਇਕ ਪ੍ਰਧਾਨ ਸਾਹਿਬ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੈਨੇਜਰ ਸ. ਲਖਬੀਰ ਸਿੰਘ ਨੂੰ ਸੌਂਪੀਆਂ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਦੇ ਦਰ-ਘਰ ਤੋਂ ਹਮੇਸ਼ਾ ਬਖਸ਼ਿਸ਼ਾਂ ਦਾ ਖਜਾਨਾਂ ਮਿਲਦਾ ਰਿਹਾ ਹੈ ਇਸ ਲਈ ਜਦੋਂ ਵੀ ਕੋਈ ਨਵੇਂ ਮਾਡਲ ਦੀ ਵਹੀਕਲ ਕੰਪਨੀ ਵੱਲੋਂ ਤਿਆਰ ਕੀਤੀ ਜਾਂਦੀ ਹੈ ਤਾਂ ਉਸਦੀ ਪਹਿਲੀ ਗੱਡੀ ਸ੍ਰੀ ਦਰਬਾਰ ਸਾਹਿਬ ਵਿਖੇ ਭੇਟ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ ਜਾਂਦਾ ਹੈ।।

ਇਸ ਮੌਕੇ ਸ੍ਰੀ ਅਰਵਿੰਦ ਗੁਪਤਾ ਏਰੀਆ ਮੈਨੇਜਰ ਪੰਜਾਬ, ਸ੍ਰੀ ਐਮ.ਐਲ. ਗੋਇਲ ਏਰੀਆ ਸਰਵਿਸ ਮੈਨੇਜਰ ਪੰਜਾਬ, ਸ. ਜਸਵੰਤ ਸਿੰਘ ਬੇਦੀ ਡੀਲਰ ਗੁਰੂ ਨਾਨਕ ਟੀ.ਵੀ.ਐਸ., ਮੋਟੀ ਅਹੂਜਾ ਸੰਗਮ ਟੀ.ਵੀ.ਐਸ., ਸ੍ਰੀ ਸੰਜੇ ਕੁਮਾਰ ਟੀ.ਐਮ. ਸਰਵਿਸ ਅਤੇ ਸ੍ਰੀ ਸੰਜੀਵ ਅਰੋੜਾ ਟੀ.ਐਮ. ਸੇਲਜ਼ ਵੀ ਉਨ੍ਹਾਂ ਦੇ ਨਾਲ ਸਨ। *੧੬ ਮਈ*

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਰਾਮ ਵਿਲਾਸ ਪਾਸਵਾਨ ਨਤਮਸਤਕ ਹੋਏ

ਅੰਮ੍ਰਿਤਸਰ- ਭਾਰਤ ਦੇ ਫੂਡ ਸਪਲਾਈ ਮੰਤਰੀ ਸ੍ਰੀ ਰਾਮ ਵਿਲਾਸ ਪਾਸਵਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ। ਉਨ੍ਹਾਂ ਨਾਲ ਉਦਯੋਗ ਮੰਤਰੀ ਸ੍ਰੀ ਗਿਰੀਰਾਜ ਸਿੰਘ, ਸ੍ਰੀ ਸ਼ਵੇਤ ਮਲਿਕ ਤੇ ਸ੍ਰੀ ਭੂਪਿੰਦਰ ਸਿੰਘ ਯਾਦ ਮੈਂਬਰ ਪਾਰਲੀਮੈਂਟ, ਸ. ਗੁਰਪ੍ਰਤਾਪ ਸਿੰਘ ਟਿੱਕਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸ਼ਹਿਰੀ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਸਨ। ਸ੍ਰੀ ਪਾਸਵਾਨ ਨੇ ਮੱਥਾ ਟੇਕਣ ਉਪਰੰਤ ਸ਼੍ਰੋਮਣੀ ਕਮੇਟੀ ਦੇ ਚੀਫ਼ ਸਕੱਤਰ ਸ. ਹਰਚਰਨ ਸਿੰਘ ਪਾਸੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਇਥੇ ਸਥਿਤ ਹੋਰ ਇਤਿਹਾਸਕ ਅਸਥਾਨਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸ੍ਰੀ ਪਾਸਵਾਨ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਾਂਝੀਵਾਲਤਾ ਦਾ ਪ੍ਰਤੀਕ ਹੈ, ਜਿਸ ਦੇ ਦਰਸ਼ਨ ਕਰ ਕੇ ਮਨ ਨੂੰ ਸ਼ਾਂਤੀ ਅਤੇ ਸਕੂਨ ਪ੍ਰਾਪਤ ਹੋਇਆ ਹੈ। ਉਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਗ ਰਹੇ ਪੱਥਰ, ਆਸ-ਪਾਸ ਦੀਆਂ ਇਮਾਰਤਾਂ ਤੇ ਇਲਾਕੇ ਦੇ ਹੋ ਰਹੇ ਸੁੰਦਰੀਕਰਨ ਦੀ ਭਰਪੂਰ ਪ੍ਰਸ਼ੰਸਾ ਕੀਤੀ।

ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਨੇ ਸ੍ਰੀ ਪਾਸਵਾਨ ਨੂੰ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਮੁੱਖ ਸੂਚਨਾ ਅਧਿਕਾਰੀ ਸ. ਗੁਰਬਚਨ ਸਿੰਘ, ਸ. ਸੁਖਬੀਰ ਸਿੰਘ ਵਧੀਕ ਮੈਨੇਜਰ, ਸ. ਹਰਪ੍ਰੀਤ ਸਿੰਘ ਆਦਿ ਮੌਜੂਦ ਸਨ।

*੨੨ ਮਈ*

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਜਨਾਬ ਫਾਰੂਖ਼ ਅਬਦੁੱਲਾ ਨਤਮਸਤਕ ਹੋਏ

ਅੰਮ੍ਰਿਤਸਰ- ਜੰਮੂ-ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਜਨਾਬ ਫਾਰੂਖ਼ ਅਬਦੁੱਲਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ। ਉਨ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਿਆ ਤੇ ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਕੋਲੋਂ ਸ੍ਰੀ ਹਰਿਮੰਦਰ ਸਾਹਿਬ ਦੇ ਇਤਿਹਾਸ ਦੀ ਜਾਣਕਾਰੀ ਲਈ।

ਸੂਚਨਾ ਕੇਂਦਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਮੈਂ ਸਾਂਝੀਵਾਲਤਾ ਦੇ ਇਸ ਮੁਕੱਦਸ ਅਸਥਾਨ 'ਤੇ ਸ਼ਰਧਾ ਲੈ ਕੇ ਆਇਆਂ ਹਾਂ। ਇਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ੧੯੮੪ ਸਮੇਂ ਜੋ ਕੁਝ ਸਿੱਖਾਂ ਨਾਲ ਵਾਪਰਿਆ ਉਹ ਬਹੁਤ ਹੀ ਦੁੱਖਦਾਈ ਸੀ। ਉਨ੍ਹਾਂ ਕਿਹਾ ਕਿ ਭਾਰਤ ਵਰਗਾ ਕੋਈ ਹੋਰ ਮੁਲਕ ਨਹੀਂ ਜਿੱਥੇ ਸਾਰੇ ਧਰਮਾਂ ਦੇ ਲੋਕ ਵਸਦੇ ਹੋਣ। ਉਨ੍ਹਾਂ ਕਿਹਾ ਕਿ ਮੈਂ ਏਥੇ ਆਪਣੇ ਦੇਸ਼ ਦੀ ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀ ਅਰਦਾਸ ਕਰਕੇ ਚੱਲਿਆ ਹਾਂ। ਉਨ੍ਹਾਂ ਕਿਹਾ ਕਿ ਜਦ ਵੀ ਮੇਰਾ ਦੇਸ਼ ਕਿਸੇ ਮੁਸੀਬਤ ਵਿੱਚ ਹੁੰਦਾ ਹੈ ਤਾਂ ਮੈਂ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ-ਘਰ ਤੋਂ ਇਸ ਦੀ ਖੁਸ਼ਹਾਲੀ ਲਈ ਅਰਦਾਸ ਕਰਕੇ ਜਾਂਦਾ ਹਾਂ।

ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਨੇ ਜਨਾਬ ਫਾਰੂਖ਼ ਅਬਦੁੱਲਾ ਨੂੰ ਸਿਰੋਪਾਓ, ਲੋਈ ਅਤੇ ਧਾਰਮਿਕ ਪੁਸਤਕਾਂ ਦਾ ਸੈਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ. ਗੁਰਬਚਨ ਸਿੰਘ ਮੁੱਖ ਸੂਚਨਾ ਅਧਿਕਾਰੀ ਤੇ ਸ. ਅੰਮ੍ਰਿਤਪਾਲ ਸਿੰਘ ਸਹਾਇਕ ਸੂਚਨਾ ਅਧਿਕਾਰੀ ਵੀ ਮੌਜੂਦ ਸਨ।

*੨੮ ਮਈ*

*(ਬਾਕੀ ਪੰਨਾ ੭੧ 'ਤੇ)*



ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਸ੍ਰੀ ਅੰਮ੍ਰਿਤਸਰ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸਮੇਂ ਪ੍ਰਧਾਨਗੀ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਇਕੱਤਰਤਾ 'ਚ ਹਾਜ਼ਰ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ, ਅੰਤ੍ਰਿੰਗ ਮੈਂਬਰ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਦੇ ਉੱਚ ਅਧਿਕਾਰੀ।

(31 ਮਈ 2016)



ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ । ਉਨ੍ਹਾਂ ਨਾਲ ਸ. ਕੇਵਲ ਸਿੰਘ ਬਾਦਲ ਜੂਨੀਅਰ ਮੀਤ ਪ੍ਰਧਾਨ, ਸ. ਸੁਖਦੇਵ ਸਿੰਘ ਭੌਰ ਜਨਰਲ ਸਕੱਤਰ, ਅੰਤ੍ਰਿੰਗ ਮੈਂਬਰਾਨ ਸ. ਰਜਿੰਦਰ ਸਿੰਘ ਮਹਿਤਾ, ਸ. ਦਿਆਲ ਸਿੰਘ ਕੋਲਿਆਂਵਾਲੀ, ਸ. ਕਰਨੈਲ ਸਿੰਘ ਪੰਜੋਲੀ, ਸ. ਨਿਰਮੈਲ ਸਿੰ ਘ ਜੌਲਾਂ, ਸ. ਸੁਰਜੀਤ ਸਿੰਘ ਗੜ੍ਹੀ ਤੇ ਸ. ਰਾਮਪਾਲ ਸਿੰਘ ਬਹਿਣੀਵਾਲ, ਵਧੀਕ ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਹੋਰ।

(31 ਮਈ 2016)



ਗੁਰਦੁਆਰਾ ਸ੍ਰੀ ਦੇਗਸਰ ਸਾਹਿਬ ਕਟਾਣਾ (ਲੁਧਿਆਣਾ) ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੀ ਪ੍ਰਧਾਨਗੀ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਇਕੱਤਰਤਾ 'ਚ ਹਾਜ਼ਰ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ, ਅੰਤ੍ਰਿੰਗ ਮੈਂਬਰ ਸਾਹਿਬਾਨ ਤੇ ਸ਼੍ਰੋਮਣੀ ਕਮੇਟੀ ਦੇ ਉੱਚ ਅਧਿਕਾਰੀ। (26 ਮਈ 2016)




ਸਿੱਖ ਇਤਿਹਾਸ ਨਾਲ ਸਬੰਧਤ ਐਨੀਮੇਸ਼ਨ ਫਿਲਮ 'ਚਾਰ ਸਾਹਿਬਜ਼ਾਦੇ ਭਾਗ-2' ਦਾ ਪੋਸਟਰ ਜਾਰੀ ਕਰਦੇ ਹੋਏ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ, ਡਾਇਰੈਕਟਰ ਸ੍ਰੀ ਹੈਰੀ ਬਵੇਜਾ, ਸਕੱਤਰ ਸ. ਮਨਜੀਤ ਸਿੰਘ, ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਅਤੇ ਸ. ਪਰਮਜੀਤ ਿ ਸੰਘ ਖਾਲਸਾ। (1 ਜੂਨ 2016)



ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਬਣਾਏ ਜਾ ਰਹੇ ਲੰਗਰ ਘਰ ਅਤੇ ਸ ਰਾਂ ਦੀ ਤੀਸਰੀ ਮੰਜ਼ਿਲ ਦਾ ਲੈਂਟਰ ਪਾਉਣ ਦੀ ਆਰੰਭਤਾ ਮੌਕੇ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ। ਉਨ੍ਹਾਂ ਨਾਲ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ। (14 ਮਈ 2016)



ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਰਹਿ ਚੁੱਕੇ ਜਥੇਦਾਰ ਸਾਹਿਬਾਨ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਸੁਸ਼ੋਭਿਤ ਕਰਨ ਸਮੇਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀ. ਹੈੱਡ ਗ੍ਰੰਥੀ, ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ, ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਤੇ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ। (20 ਮਈ 2016)



ਟੀ.ਵੀ.ਐਸ. ਕੰਪਨੀ ਦੇ ਜਨਰਲ ਮੈਨੇਜਰ ਸ੍ਰੀ ਯੂ.ਬੀ.ਪਾਂਡੇ ਨਵੇਂ ਲਾਂਚ ਕੀਤੇ ਗਏ ਮੋਟਰ ਸਾਈਕਲ ਤੇ ਮੋਪਿਡ ਦੀਆਂ ਚਾਬੀਆਂ ਸ. ਗੁਰਮੀਤ ਸਿੰਘ ਬੂਹ ਮੈਂਬਰ ਸ਼੍ਰੋਮਣੀ ਕਮੇਟੀ, ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ ਤੇ ਸ. ਪਰਮਜੀਤ ਸਿੰਘ ਮੁੰਡਾ ਪਿੰਡ ਨਿੱਜੀ ਸਹਾਇਕ ਨੂੰ ਸੌਂਪਦੇ ਹੋਏ। (16 ਮਈ 2016)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਏ ਕੇਂਦਰੀ ਮੰਤਰੀ ਸ੍ਰੀ ਰਾਮਵਿਲਾਸ ਪਾਸਵਾਨ ਨੂੰ ਸੂਚਨਾ ਕੇਂਦਰ ਵਿਖੇ ਸ. ਹਰਚਰਨ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਕਮੇਟੀ ਤੇ ਹੋਰ ਸਨਮਾਨਿਤ ਕਰਦੇ ਹੋਏ। (27 ਮਈ 2016)

(ਪੰਨਾ ੬੬ ਦਾ ਬਾਕੀ)

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਜਸਟਿਸ ਵੀ. ਗੋਪਾਲਾ ਗੌੜਾ ਨਤਮਸਤਕ ਹੋਏ

ਅੰਮ੍ਰਿਤਸਰ- ਸੁਪਰੀਮ ਕੋਰਟ ਆਫ਼ ਇੰਡੀਆ ਦੇ ਜੱਜ ਜਸਟਿਸ ਵੀ.ਗੋਪਾਲਾ ਗੌੜਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ। ਉਨ੍ਹਾਂ ਦੇ ਨਾਲ ਸੈਸ਼ਨ ਜੱਜ ਸ. ਗੁਰਬੀਰ ਸਿੰਘ ਅਤੇ ਐਡੀ: ਸੈਸ਼ਨ ਜੱਜ ਸ੍ਰੀ ਜੁਗਤੀ ਗੋਇਲ ਨੇ ਵੀ ਮੱਥਾ ਟੇਕਿਆ। ਉਨ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਕਿਤ ਹੋਣ ਉਪਰੰਤ ਇਲਾਹੀ ਬਾਣੀ ਦਾ ਕੀਰਤਨ ਸੁਣਿਆ ਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਪਾਸੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਉਸ ਨਾਲ ਸਥਿਤ ਧਾਰਮਿਕ ਅਸਥਾਨਾਂ ਦੇ ਇਤਿਹਾਸ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ੍ਰੀ ਵੀ.ਗੋਪਾਲਾ ਨੂੰ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਕਮੇਟੀ, ਮੁੱਖ ਸਕੱਤਰ ਸ. ਹਰਚਰਨ ਸਿੰਘ ਤੇ ਮੁੱਖ ਸੂਚਨਾ ਅਧਿਕਾਰੀ ਸ. ਗੁਰਬਚਨ ਸਿੰਘ ਨੇ ਲੋਈ, ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਇਸ ਮੁਕੱਦਸ ਅਸਥਾਨ ਦੇ ਦਰਸ਼ਨ ਕਰਕੇ ਮਨ ਨੂੰ ਸ਼ਾਂਤੀ ਪ੍ਰਾਪਤ ਹੋਈ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਾਂਝੀਵਾਲਤਾ ਦਾ ਪ੍ਰਤੀਕ ਹੈ ਤੇ ਇਥੇ ਹਰ ਧਰਮ ਦੇ ਲੋਕ ਸਿਰ ਝੁਕਾਉਂਦੇ ਹਨ।

ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਆਉਣ ਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਵੱਲੋਂ ਕੀਤੇ ਗਏ ਮਾਣ-ਸਨਮਾਨ ਲਈ ਧੰਨਵਾਦੀ ਹਾਂ। *੧੪ ਮਈ*

# ਸ਼੍ਰੋਮਣੀ ਕਮੇਟੀ ਦੇ ਕਰਮਚਾਰੀਆਂ ਨੂੰ ਸੇਵਾ-ਮੁਕਤ ਹੋਣ ’ਤੇ ਨਿੱਘੀ ਵਿਦਾਇਗੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਰਮਚਾਰੀਆਂ ਸ. ਹਰਦਿਆਲ ਸਿੰਘ ਗੁਰਦੁਆਰਾ ਇੰਸਪੈਕਟਰ, ਸ. ਮੰਗਤ ਸਿੰਘ ਮੁਖਤਾਰੇ ਆਮ, ਸ. ਰਮਜੀਤ ਸਿੰਘ ਤੇ ਸ. ਕੁਲਵੰਤ ਸਿੰਘ ਸੇਵਾਦਾਰ ਨੂੰ ਸੇਵਾ-ਮੁਕਤ ਹੋਣ 'ਤੇ ਨਿੱਘੀ ਵਿਦਾਇਗੀ ਦਿੱਤੀ ਗਈ।

ਇਸ ਮੌਕੇ ਸ. ਮਨਜੀਤ ਸਿੰਘ ਸਕੱਤਰ ਨੇ ਕਿਹਾ ਕਿ ਸ. ਹਰਦਿਆਲ ਸਿੰਘ ਗੁਰਦੁਆਰਾ ਇੰਸਪੈਕਟਰ ੩੪ ਸਾਲ, ਸ. ਮੰਗਤ ਸਿੰਘ ਮੁਖਤਾਰੇ ਆਮ ੩੨ ਸਾਲ, ਸ. ਰਮਜੀਤ ਸਿੰਘ ੩੪ ਸਾਲ ਤੇ ਸ. ਕੁਲਵੰਤ ਸਿੰਘ ੩੧ ਸਾਲ ਗੁਰੂ-ਘਰ ਦੀ ਸੇਵਾ ਕਰਨ ਉਪਰੰਤ ਸੇਵਾ-ਮੁਕਤ ਹੋਏ ਹਨ। ਉਨ੍ਹਾਂ ਕਿਹਾ ਕਿ ਸੇਵਾ-ਮੁਕਤ ਹੋਣ ਵਾਲੇ ਮੁਲਾਜ਼ਮ ਬੜੇ ਭਾਗਾਂ ਵਾਲੇ ਹਨ ਜਿਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਨੌਕਰੀ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਸੇਵਾ-ਮੁਕਤੀ ਦਾ ਸਮਾਂ ਤਾਂ ਹਰ ਇਨਸਾਨ ਤੇ ਆਉਂਦਾ ਹੈ, ਪਰੰਤੂ ਮਿਹਨਤ, ਲਗਨ ਤੇ ਇਮਾਨਦਾਰੀ ਨਾਲ ਕੀਤੀ ਸੇਵਾ ਦੂਸਰਿਆਂ ਲਈ ਮਿਸਾਲ ਬਣਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਾਜ਼ਮਾਂ ਨੇ ਆਪਣੇ ਜਿੰਮੇ ਲੱਗੀ ਸੇਵਾ ਪੂਰੀ ਤਨਦੇਹੀ, ਲਗਨ ਤੇ ਮਿਹਨਤ ਨਾਲ ਨਿਭਾਈ ਹੈ। ਉਨ੍ਹਾਂ ਕਿਹਾ ਕਿ ਅਰਦਾਸ ਹੈ ਸਤਿਗੁਰੂ ਇਨ੍ਹਾਂ ਨੂੰ ਚੜ੍ਹਦੀ ਕਲਾ 'ਚ ਰੱਖਣ, ਤੰਦਰੁਸਤੀ ਬਖ਼ਸ਼ਣ ਤੇ ਇਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗੇ ਰਹਿਣ।

ਇਸ ਮੌਕੇ ਸ. ਹਰਦਿਆਲ ਸਿੰਘ, ਸ. ਮੰਗਤ ਸਿੰਘ, ਸ. ਰਮਜੀਤ ਸਿੰਘ ਤੇ ਸ. ਕੁਲਵੰਤ ਸਿੰਘ ਨੂੰ ਸ. ਮਨਜੀਤ ਸਿੰਘ ਸਕੱਤਰ ਨੇ ਸਿਰੋਪਾਓ, ਸ੍ਰੀ ਸਾਹਿਬ, ਲੋਈ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਰਣਜੀਤ ਸਿੰਘ, ਸ. ਪ੍ਰਤਾਪ ਸਿੰਘ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ ਆਦਿ ਹਾਜ਼ਰ ਸਨ। *੫ ਮਈ*

■

# ਧਰਮ ਪ੍ਰਚਾਰ ਸਰਗਰਮੀਆਂ

## ਬਾਬਾ ਬੰਦਾ ਸਿੰਘ ਬਹਾਦਰ ਦੀ ੩੦੦ ਸਾਲਾ ਸ਼ਹੀਦੀ ਨੂੰ ਸਮਰਪਿਤ ਗੁ: ਬੀੜ ਬਾਬਾ ਬੁੱਢਾ ਜੀ, ਠੱਠਾ (ਤਰਨ ਤਾਰਨ) ਵਿਖੇ ਗੁਰਮਤਿ ਕੈਂਪ

ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਦੀ ੩੦੦ ਸਾਲਾ ਸ਼ਹੀਦੀ ਨੂੰ ਸਮਰਪਿਤ ਵੱਖ-ਵੱਖ ਮਿਸ਼ਨਰੀ ਕਾਲਜਾਂ ਦੇ ਵਿਦਿਆਰਥੀਆਂ ਲਈ ਇਕ ਰੋਜ਼ਾ ਗੁਰਮਤਿ ਕੈਂਪ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਠੱਠਾ (ਤਰਨ ਤਾਰਨ) ਦੇ ਬਾਬਾ ਖੜਕ ਸਿੰਘ ਦੀਵਾਨ ਹਾਲ ਵਿਖੇ ਕਰਵਾਇਆ ਗਿਆ। ਗੁਰਮਤਿ ਕੈਂਪ ਦੀ ਆਰੰਭਤਾ ਸਮੇਂ ਭਾਈ ਪਰਦੀਪ ਸਿੰਘ ਦੇ ਹਜ਼ੂਰੀ ਰਾਗੀ ਜਥੇ ਨੇ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗਿਆਨੀ ਮੱਸਾ ਸਿੰਘ ਤੇ ਗਿਆਨੀ ਹਰਪਾਲ ਸਿੰਘ ਦੇ ਕਵੀਸ਼ਰੀ ਜਥਿਆਂ ਨੇ ਬੀਰ ਰਸੀ ਵਾਰਾਂ ਰਾਹੀਂ ਬਾਬਾ ਬੰਦਾ ਸਿੰਘ ਜੀ ਬਹਾਦਰ ਦੇ ਜੀਵਨ ਤੇ ਰੌਸ਼ਨੀ ਪਾਈ।

ਉਪਰੰਤ ਗੁਰਮਤਿ ਕੈਂਪ ਵਿਚ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਥਾਪੜਾ ਪ੍ਰਾਪਤ ਬਾਬਾ ਬੰਦਾ ਸਿੰਘ ਬਹਾਦਰ ਸੂਰਬੀਰ ਯੋਧਾ ਤੇ ਮਹਾਨ ਸਿੱਖ ਸਨ। ਉਨ੍ਹਾ ਕਿਹਾ ਕਿ ਗੁਰਬਾਣੀ ਨਾਲ ਅਟੁੱਟ ਰਿਸ਼ਤਾ ਹੋਣ ਕਰਕੇ ਹੀ ਬਾਬਾ ਬੰਦਾ ਸਿੰਘ ਜੀ ਬਹਾਦਰ ਮਾਧੋ ਦਾਸ ਤੋਂ ਗੁਰੂ ਦੇ ਸਿੰਘ ਸਜੇ ਤੇ ਖਾਲਸਾ ਰਾਜ ਦੇ ਪਹਿਲੇ ਸੰਸਥਾਪਕ ਹੋਣ ਦਾ ਮਾਣ ਹਾਸਿਲ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਜੋ ਸਿੱਖ ਪੰਥ ਲਈ ਕੀਤਾ ਹੈ ਉਹ ਇਤਿਹਾਸ ਅਮਦਰ ਸੁਨਹਿਰੀ ਅੱਖਰਾਂ ਵਿਚ ਦਰਜ ਹੈ। ਉਨ੍ਹਾਂ ਨੌਜਵਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਬਾਬਾ ਬੰਦਾ ਸਿੰਘ ਜੀ ਬਹਾਦਰ ਦੇ ਜੀਵਨ ਤੋਂ ਪ੍ਰੇਰਨਾ ਲੈਂਦੇ ਹੋਏ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣਨ ਤੇ ਕਲਗੀਧਰ ਦਸਮੇਸ਼ ਪਿਤਾ ਦੀਆਂ ਖੁਸ਼ੀਆਂ ਲੈਣ।

ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਗੁਰਮਤਿ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਦੋਂ ਔਰੰਗਜ਼ੇਬ ਨੂੰ ਜਫਰਨਾਮਾ ਲਿਖਿਆ ਸੀ ਤਾਂ ਉਨ੍ਹਾਂ ਕਿਹਾ ਸੀ ਕਿ ਮੇਰੇ ਚਾਰ ਸਾਹਿਬਜ਼ਾਦੇ ਮੇਰੇ ਤੋਂ ਵਿਛੜ ਗਏ ਹਨ ਪਰ ਮੇਰਾ ਖਾਲਸਾ ਪੰਥ ਅਜੇ ਵੀ ਜਿਉਂਦਾ ਹੈ। ਉਨ੍ਹਾਂ ਕਿਹਾ ਬਾਬਾ ਬੰਦਾ ਸਿੰਘ ਬਹਾਦਰ ਨੇ ਜਜ਼ਬੇ ਦੇ ਦਮ 'ਤੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਦਿੱਤੀ ਤੇ ਆਪਣੇ ਗੁਰੂ ਕੋਲ ਕੀਤੇ ਪ੍ਰਣ ਨੂੰ ਆਖਰੀ ਸਵਾਸਾਂ ਤੀਕ ਸਿੱਖੀ ਸਿਦਕ ਨਿਭਾਉਂਦੇ ਹੋਏ ਪੂਰਾ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਅਜਿਹੇ ਸਿੱਖ ਜਰਨੈਲ ਸਨ ਜਿਨ੍ਹਾਂ ਨੂੰ ਉਨ੍ਹਾਂ ਦੇ ਪੁੱਤਰ ਦੇ ਦੁੱਖ ਨੇ ਵੀ ਡੋਲਣ ਨਹੀਂ ਦਿੱਤਾ ਤੇ ਉਨ੍ਹਾਂ ਸਿੱਖੀ ਲਈ ਆਪਾ ਕੁਰਬਾਨ ਕਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਵਿਸ਼ਵਾਸ ਰੱਖਣ ਤੇ ਸਿੱਖੀ ਵਿੱਚ ਦ੍ਰਿੜ੍ਹ ਰਹਿੰਦਿਆਂ ਬਾਣੀ ਤੇ ਬਾਣੇ ਨਾਲ ਜੁੜਨ ਲਈ ਕਿਹਾ।

ਡਾ. ਸਰਬਜੀਤ ਸਿੰਘ (ਲੁਧਿਆਣਾ) ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਅੱਜ ਦਾ ਸਮਾਂ ਗਿਆਨ ਦਾ ਹੈ। ਉਨ੍ਹਾਂ ਕਿਹਾ ਸਾਡੇ ਗੁਰੂ ਸਾਹਿਬਾਨ ਨੇ ਸਾਨੂੰ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਾਇਆ ਹੈ ਜਿਸ ਵਿੱਚ ਗਿਆਨ ਰੂਪਮਾਨ ਹੈ। ਉਨ੍ਹਾਂ ਕਿਹਾ ਕਿ ਸਿੱਖ ਦੀ ਸੋਚ ਵਿਚ ਜਿੱਤ ਹੈ ਤੇ ਬਾਬਾ ਬੰਦਾ ਸਿੰਘ ਬਹਾਦਰ ਨੇ ਇਸੇ ਦ੍ਰਿੜ

ਜਜ਼ਬੇ ਨਾਲ ਸਰਹਿੰਦ ਫਤਹਿ ਕੀਤੀ ਤੇ ਪਾਪੀਆਂ ਨੂੰ ਉਨ੍ਹਾਂ ਦੇ ਕੀਤੇ ਪਾਪਾਂ ਦੀ ਸਜ਼ਾ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਨੂੰ ਆਪਣਾ ਆਦਰਸ਼ ਬਣਾਉਂਦਿਆਂ ਸਿੱਖੀ ਵਿਚ ਪ੍ਰਪੱਕ ਰਹਿ ਕੇ ਬਾਣੀ ਨੂੰ ਆਪਣੇ ਜੀਵਨ ਦਾ ਆਧਾਰ ਬਣਾਉਣ ਲਈ ਕਿਹਾ।

ਇਸ ਮੌਕੇ ਭਾਈ ਮਨਜੀਤ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਵਧੀਕ ਸਕੱਤਰ ਤੇ ਸ. ਬਲਦੇਵ ਸਿੰਘ ਪ੍ਰਿੰਸੀਪਲ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਨੇ ਵੀ ਵਿਦਿਆਰਥੀਆਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਸਮਾਗਮ ਉਪਰੰਤ ਧਰਮ ਪ੍ਰਚਾਰ ਕਮੇਟੀ ਵੱਲੋਂ ਭਾਈ ਮਨਜੀਤ ਸਿੰਘ, ਸ. ਅਮਰਜੀਤ ਸਿੰਘ ਭਲਾਈਪੁਰ ਤੇ ਬਾਬਾ ਨਿਰਮਲ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਡਾ: ਰੂਪ ਸਿੰਘ ਸਕੱਤਰ, ਸ. ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ, ਡਾ: ਇੰਦਰਜੀਤ ਸਿੰਘ ਗੋਗੋਆਣੀ ਤੇ ਡਾ: ਸਰਬਜੀਤ ਸਿੰਘ ਨੂੰ ਯਾਦਗਾਰੀ ਚਿੰਨ੍ਹ, ਲੋਈ ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ. ਜਗਜੀਤ ਸਿੰਘ ਤੇ ਸ. ਕੁਲਵਿੰਦਰ ਸਿੰਘ ਮੀਤ ਸਕੱਤਰ, ਸ. ਪਰਮਜੀਤ ਸਿੰਘ ਮੈਨੇਜਰ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਠੱਠਾ (ਤਰਨ ਤਾਰਨ) ਤੇ ਵੱਖ-ਵੱਖ ਮਿਸ਼ਨਰੀ ਕਾਲਜਾਂ ਦੇ ਪ੍ਰਿੰਸੀਪਲ ਤੇ ਇੰਚਾਰਜ ਵੀ ਹਾਜ਼ਰ ਸਨ। *੩ ਮਈ*

## ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਦੋਰਾਹਾ ਵਿਖੇ 'ਕੇਸਾਂ ਦੀ ਮਹੱਤਤਾ' ਵਿਸ਼ੇ 'ਤੇ ਸੈਮੀਨਾਰ

ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਚੱਜੀ ਅਗਵਾਈ ਹੇਠ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁ: ਪ੍ਰ: ਕਮੇਟੀ) ਵੱਲੋਂ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਪਾਤਸ਼ਾਹੀ ਨੌਵੀਂ ਪਿੰਡ ਦੋਰਾਹਾ ਜ਼ਿਲ੍ਹਾ ਲੁਧਿਆਣਾ ਵਿਖੇ ਭਾਈ ਤਾਰੂ ਸਿੰਘ ਜੀ ਦੀ ਸ਼ਹਾਦਤ ਨੂੰ ਸਮਰਪਿਤ ਕੇਸਾਂ ਦੀ ਮਹੱਤਤਾ ਤੇ ਸਾਂਭ-ਸੰਭਾਲ ਸਬੰਧੀ ਇਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਤੋਂ ਪਹਿਲਾਂ ਜਥੇਦਾਰ ਹਰਪਾਲ ਸਿੰਘ ਜੱਲਾ ਮੈਂਬਰ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ ਹੇਠ ਹਲਕਾ ਦੋਰਾਹਾ ਵਿਚਲੇ ਸ਼੍ਰੋਮਣੀ ਕਮੇਟੀ ਅਧੀਨ ਆਉਂਦੇ ਸਕੂਲਾਂ ਦੇ ਬੱਚਿਆਂ ਦਰਮਿਆਨ ਗੁਰਬਾਣੀ ਕੰਠ ਮੁਕਾਬਲਾ ਕਰਵਾਇਆ ਗਿਆ। ਜਿਸ ਵਿਚ ਪਹਿਲੀ ਤੋਂ ੧੨ਵੀਂ ਕਲਾਸ ਦੇ ਕਰੀਬ ਇੱਕ ਹਜ਼ਾਰ ਬੱਚਿਆਂ ਨੇ ਹਿੱਸਾ ਲਿਆ। ਇਸ ਮੁਕਾਬਲੇ ਵਿਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਕ੍ਰਮਵਾਰ ੧੫੦੦/-, ੧੨੦੦/-, ੧੦੦੦/- ਤੇ ੮੦੦/- ਰੁਪਏ ਦੀ ਰਾਸ਼ੀ, ਸਰਟੀਫਿਕੇਟ, ਮੈਡਲ ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਬਾਕੀ ਬੱਚਿਆਂ ਨੂੰ ਮੁਕਾਬਲੇ ਵਿਚ ਹਿੱਸਾ ਲੈਣ 'ਤੇ ਸਰਟੀਫਿਕੇਟ ਤੇ ਮੈਡਲ ਦੇ ਕੇ ਨਿਵਾਜਿਆ ਗਿਆ।

ਇਸ ਮੌਕੇ ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ ਨੇ ਬੱਚਿਆਂ ਨੂੰ ਕੇਸਾਂ ਦੀ ਸੰਭਾਲ ਸਬੰਧੀ ਕਰਵਾਏ ਗਏ ਮੁਕਾਬਲੇ ਵਿਚ ਹਿੱਸਾ ਲੈਣ ਲਈ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਨ੍ਹਾਂ ਸਮਾਗਮਾਂ ਨੂੰ ਕਰਾਉਣ ਦਾ ਮੁੱਖ ਮਕਸਦ ਸਿੱਖੀ ਨੂੰ ਪ੍ਰਫੁੱਲਿਤ ਕਰਕੇ ਗੁਰਬਾਣੀ ਦਾ ਪ੍ਰਚਾਰ ਤੇ ਪ੍ਰਸਾਰ ਕਰਨਾ ਹੈ। ਉਨ੍ਹਾਂ ਬੱਚਿਆਂ ਨਾਲ ਆਏ ਮਾਪਿਆਂ ਨੂੰ ਕਿਹਾ ਕਿ ਉਹ ਆਪਣੇ ਘਰ ਤੋਂ ਹੀ ਅਜਿਹਾ ਮਾਹੌਲ ਸਿਰਜਣ ਜਿਸ ਨਾਲ ਬੱਚਿਆਂ ਦਾ ਮਨ ਭਟਕਣ ਦੀ ਥਾਂ ਬਾਣੀ ਨਾਲ ਜੁੜਿਆ ਰਹੇ। ਉਨ੍ਹਾਂ ਕਿਹਾ ਕਿ ਸਕੂਲੀ ਵਿਦਿਆ ਦੇ ਨਾਲ ਨਾਲ ਬੱਚਿਆਂ ਦਾ ਆਪਣੇ ਧਰਮ ਵਿਚ ਪ੍ਰਪੱਕ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅੱਜ ਸਾਹਿਬ-ਏ-ਕਮਾਲ ਦਸਮੇਸ਼ ਪਿਤਾ ਵੱਲੋਂ ਸਿੱਖ ਕੌਮ ਨੂੰ ਦਿੱਤੇ ਸੰਦੇਸ਼ 'ਤੇ ਪਹਿਰਾ ਦੇਣ ਦੀ ਲੋੜ ਹੈ ਤਾਂ ਹੀ ਅਸੀਂ ਸਾਬਤ ਸੂਰਤ ਸਿੱਖ ਦੀ ਪਹਿਚਾਣ ਨੂੰ ਕਾਇਮ ਰੱਖ ਸਕਦੇ ਹਾਂ। ਇਸ ਮੌਕੇ ਡਾ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ ਤੇ ਜਥੇਦਾਰ ਹਰਪਾਲ ਸਿੰਘ ਜੱਲਾ ਨੇ ਵੀ ਕੇਸਾਂ ਦੀ ਮਹਾਨਤਾ ਬਾਰੇ ਚਾਨਣਾ ਪਾਇਆ। ਇਸ ਸਮੇਂ ਜਥੇ. ਹਰਪਾਲ ਸਿੰਘ ਜੱਲਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਸੈਮੀਨਾਰ ਵਿਚ ਸ਼ਾਮਲ ਹੋਏ ਸ਼੍ਰੋਮਣੀ ਕਮੇਟੀ ਅਧਿਕਾਰੀਆਂ, ਸਕੂਲਾਂ ਦੇ ਪ੍ਰਿੰਸੀਪਲਾਂ, ਪ੍ਰਚਾਰਕਾਂ ਤੇ

ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਇਸ ਮੌਕੇ ਸ. ਦਿਲਜੀਤ ਸਿੰਘ ਬੇਦੀ ਤੇ ਡਾ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ, ਸ. ਸਿਮਰਜੀਤ ਸਿੰਘ ਮੀਤ ਸਕੱਤਰ, ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ, ਭਾਈ ਜਸਵਿੰਦਰ ਸਿੰਘ ਸ਼ਹੂਰ ਸੀਨੀ:ਪ੍ਰਚਾਰਕ, ਸਕੂਲ ਮੁਖੀਆਂ, ਪ੍ਰਚਾਰਕਾਂ ਤੇ ਪ੍ਰਬੰਧਕਾਂ ਨੂੰ ਸਨਮਾਨ ਚਿੰਨ੍ਹ ਤੇ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਗੁਰਭਾਗ ਸਿੰਘ ਇੰਚਾਰਜ ਗੁਰਮਤਿ ਵਿਦਿਆਲਾ ਗੁਰਦੁਆਰਾ ਮੰਜੀ ਸਾਹਿਬ, ਆਲਮਗੀਰ, ਭਾਈ ਜਗਦੇਵ ਸਿੰਘ ਹੈਡ ਪ੍ਰਚਾਰਕ, ਸ. ਭਗਵੰਤ ਸਿੰਘ ਪ੍ਰਧਾਨ ਅਤੇ ਸ. ਦਰਸ਼ਨ ਸਿੰਘ ਮੈਨੇਜਰ ਗੁਰਦੁਆਰਾ ਦਮਦਮਾ ਸਾਹਿਬ ਪਾਤਸ਼ਾਹੀ ਨੌਵੀਂ ਦੋਰਾਹਾ ਆਦਿ ਹਾਜ਼ਰ ਸਨ। *੯ ਮਈ*

## ਧਰਮ ਪ੍ਰਚਾਰ ਕਮੇਟੀ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਦੇ ੩੦੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ

ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਅਤੇ ਹੋਰ ਸਿੰਘਾਂ ਦੇ ੩੦੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ ਦਾ ਆਯੋਜਨ ਮਾਤਾ ਗੁਜਰੀ ਕਾਲਜ ਫ਼ਤਹਿਗੜ੍ਹ ਸਾਹਿਬ ਵਿੱਚ ਕੀਤਾ ਗਿਆ। ਆਰੰਭਤਾ ਸਮੇਂ ਅਕਾਲ ਪੁਰਖ ਦੀ ਉਸਤਤ ਕਰਦਿਆਂ ਮਾਤਾ ਗੁਜਰੀ ਕਾਲਜ, ਸ੍ਰੀ ਫਤਹਿਗੜ੍ਹ ਸਾਹਿਬ ਦੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਕੀਤਾ। ਸੈਮੀਨਾਰ ਦੇ ਦੋਵੇਂ ਸੈਸ਼ਨਾਂ ਦੀ ਪ੍ਰਧਾਨਗੀ ਡਾ. ਗੁਰਮੋਹਨ ਸਿੰਘ ਵਾਲੀਆ ਉੱਪ ਕੁਲਪਤੀ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਨੇ ਕੀਤੀ। ਮੁੱਖ ਮਹਿਮਾਨ ਵਜੋਂ ਪ੍ਰੋ. ਕ੍ਰਿਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਅਤੇ ਡਾ: ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਨੇ ਸ਼ਿਰਕਤ ਕੀਤੀ। ਡਾ: ਬਲਵੰਤ ਸਿੰਘ ਢਿੱਲੋਂ ਨੇ ਕੁੰਜੀਵਤ ਭਾਸ਼ਨ ਦਿੰਦਿਆਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਇਕ ਐਸੀ ਸ਼ਖ਼ਸੀਅਤ ਸਨ, ਜਿਨ੍ਹਾਂ ਨੂੰ ਹੋਰਨਾਂ ਸਮਕਾਲੀ ਸਿੱਖਾਂ ਦੀ ਨਿਸਬਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੰਗਤ ਮਾਣਨ ਦਾ ਬੜਾ ਥੋੜ੍ਹਾ ਸਮਾਂ ਮਿਲਿਆ ਸੀ। ਖਾਲਸਾ ਪੰਥ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਨੇ ਐਸੇ ਕਾਰਨਾਮਿਆਂ ਨੂੰ ਸਰੰਜਾਮ ਦਿੱਤਾ, ਜਿਨ੍ਹਾਂ ਦੀ ਮਿਸਾਲ ਇਤਿਹਾਸ ਵਿੱਚ ਹੋਰ ਕਿਧਰੇ ਨਹੀਂ ਮਿਲਦੀ। ਉਨ੍ਹਾਂ ਨੇ ਸਿੱਖਾਂ ਨੂੰ ਜਿਸ ਤਰ੍ਹਾਂ ਮੁਗਲਾਂ ਵਿਰੁੱਧ ਧਰਮ ਯੁੱਧ ਲਈ ਸੰਗਠਿਤ ਕੀਤਾ, ਸੈਨਿਕ ਮੁਹਿੰਮਾਂ ਵਿੱਚ ਜਿਸ ਤਰ੍ਹਾਂ ਅੱਗੇ ਹੋ ਕੇ ਅਗਵਾਈ ਕੀਤੀ ਅਤੇ ਪਹਿਲੇ ਸਿੱਖ ਰਾਜ ਦੀ ਸਥਾਪਨਾ ਕਰਕੇ ਪੰਜਾਬ ਦੇ ਇਤਿਹਾਸ ਵਿੱਚ ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਖੇਤਰ ਵਿੱਚ ਨਿਝਕਲਾਬ ਦਾ ਜੋ ਮੁੱਢ ਬੰਨ੍ਹਿਆਂ ਅਤੇ ਅੰਤ ਦਿੱਲੀ ਵਿੱਚ ਸ਼ਹੀਦੀ ਸਮੇਂ ਜੋ ਸਿਦਕਦਿਲੀ ਤੇ ਅਡੋਲਤਾ ਦਾ ਪ੍ਰਗਟਾਵਾ ਕੀਤਾ, ਉਸ ਤੋਂ ਸਪਸ਼ਟ ਹੈ ਕਿ ਉਹ ਬਹੁਤ ਹੀ ਪ੍ਰਤਿਭਾਸ਼ਾਲੀ ਤੇ ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਸਨ। ਸ. ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਦਸਮ ਪਿਤਾ ਨੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਰਾਜ ਪ੍ਰਬੰਧ ਦੀਆਂ ਸਾਰੀਆਂ ਨੀਤੀਆਂ ਦਿੱਤੀਆਂ ਤੇ ਜ਼ੁਲਮ ਖਤਮ ਕਰਨ ਤੋਂ ਬਾਅਦ ਖਾਲਸਾ ਰਾਜ ਦੇ ਰੂਪ ਵਿੱਚ ਲੋਕਾਂ ਦਾ ਰਾਜ ਸਥਾਪਿਤ ਕੀਤਾ।

ਸਮਾਗਮ ਦੇ ਮੁੱਖ ਮਹਿਮਾਨ ਡਾ: ਰੂਪ ਸਿੰਘ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਕਲਗੀਧਰ ਦਸਮੇਸ਼ ਪਿਤਾ ਤੋਂ ਥਾਪੜਾ ਲੈਣ ਉਪਰੰਤ ਆਪਣੇ ਸਰੀਰਕ ਤੇ ਇਤਿਹਾਸਕ ਰੂਪ ਨੂੰ ਖਤਮ ਕਰ ਦਿੱਤਾ ਤੇ ਸਾਰਾ ਜੀਵਨ ਗੁਰੂ ਕਾ ਬੰਦਾ ਹੋ ਕੇ ਜੀਵਿਆ। ਉਨ੍ਹਾਂ ਕਿਹਾ ਗੁਰਬਾਣੀ ਵਿਆਖਿਆ ਕਰਦੀ ਹੈ ਕਿ ਧਰਮੀ ਪੁਰਸ਼ ਹੀ ਗਿਆਨੀ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਬੁਜਦਿਲ ਹੋ ਚੁੱਕੇ ਲੋਕਾਂ ਵਿੱਚ ਚੜ੍ਹਦੀ ਕਲਾ ਦਾ ਜਜ਼ਬਾ ਭਰਿਆ ਤੇ ਇਸਲਾਮ ਨੂੰ ਝੁਕਾ ਕੇ ਗੁਰੂ ਸਾਹਿਬ ਨਾਲ ਕੀਤਾ ਵਾਅਦਾ ਪੂਰਾ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਫ਼ਤਹਿ ਦਾ ਬਾਦਸ਼ਾਹ ਸੀ।

ਪ੍ਰੋ. ਕ੍ਰਿਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਰਾਜ ਦੇ ਪਹਿਲੇ ਸੰਸਥਾਪਿਕ ਬਾਬਾ ਬੰਦਾ ਸਿੰਘ ਬਹਾਦਰ ਵਾਂਗ ਬਾਕੀ ਸਿੱਖ ਜਰਨੈਲਾਂ ਦੇ ਦਿਨ ਵੀ ਮਨਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਸਿਕੰਦਰ, ਪੋਰਸ, ਅਲੈਗਜ਼ੈਂਡਰ, ਪਾਣੀਪਤ ਦੀ ਤੀਸਰੀ ਲੜਾਈ, ਕੁਰੂਕਸ਼ੇਤਰ ਦੇ ਯੁੱਧ ਦੀ ਜਾਣਕਾਰੀ ਦੇਣ ਦੇ ਨਾਲ-ਨਾਲ ਸਿੱਖ ਬਹਾਦਰ ਯੋਧਿਆਂ ਦਾ ਇਤਿਹਾਸ ਵੀ ਪੜ੍ਹਾਉਣਾ ਚਾਹੀਦਾ ਹੈ।

ਸੈਮੀਨਾਰ ਦੀ ਪ੍ਰਧਾਨਗੀ ਕਰ ਰਹੇ ਡਾ: ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦਾ ਜੀਵਨ ਆਪਣੇ ਆਪ ਵਿੱਚ ਇੱਕ ਮਿਸਾਲ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਬਦਲਾ ਲੈਣ ਲਈ ਨਹੀਂ ਬਲਕਿ ਜ਼ਬਰ ਤੇ ਜ਼ੁਲਮ ਨੂੰ ਖਤਮ ਕਰਨ ਤੇ ਮਜ਼ਲੂਮਾਂ ਨੂੰ ਇਨਸਾਫ਼ ਦਿਵਾਉਣ ਲਈ ਲੜਾਈ ਲੜੀ। ਉਨ੍ਹਾਂ ਸਮਾਗਮ ਵਿੱਚ ਸ਼ਾਮਲ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਰੋਤਿਆਂ ਦਾ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਅਤੇ ਸਮੁੱਚੇ ਅਦਾਰੇ ਵੱਲੋਂ ਧੰਨਵਾਦ ਕੀਤਾ।

ਸੈਮੀਨਾਰ ਵਿਚ ਡਾ: ਹਰਦੇਵ ਸਿੰਘ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਡਾ: ਸਰਬਜਿੰਦਰ ਸਿੰਘ ਤੇ ਡਾ: ਪਰਮਬੀਰ ਸਿੰਘ ਪੰਜਾਬੀ ਯੂਨੀਵਰਸਿਟੀ, ਡਾ: ਅਮਰਜੀਤ ਸਿੰਘ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਵੀ ਬਾਬਾ ਬੰਦਾ ਸਿੰਘ ਜੀ ਬਹਾਦਰ ਦੇ ਜੀਵਨ ਤੇ ਝਾਤ ਪਾਉਂਦਿਆਂ ਵੱਖ-ਵੱਖ ਵਿਸ਼ਿਆਂ 'ਤੇ ਪਰਚੇ ਪੜ੍ਹੇ। ਡਾ: ਜਤਿੰਦਰ ਸਿੰਘ ਸਿੱਧੂ ਪ੍ਰਿੰਸੀਪਲ ਮਾਤਾ ਗੁਜਰੀ ਕਾਲਜ, ਗਿਆਨੀ ਹਰਪਾਲ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ ਧਰਮ ਪ੍ਰਚਾਰ ਕਮੇਟੀ ਨੇ ਵੀ ਸੰਬੋਧਨ ਕੀਤਾ। ਸਟੇਜ ਸਕੱਤਰ ਦੀ ਸੇਵਾ ਪ੍ਰੋ: ਅਨੂਪ੍ਰੀਤ ਸਿੰਘ ਨੇ ਨਿਭਾਈ।

ਸੈਮੀਨਾਰ ਦੇ ਅਖੀਰ ਵਿੱਚ ਪ੍ਰੋ: ਕ੍ਰਿਪਾਲ ਸਿੰਘ ਬਡੂੰਗਰ, ਸ. ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਮੈਂਬਰ ਡਾ: ਰੂਪ ਸਿੰਘ ਸਕੱਤਰ ਤੇ ਡਾ: ਗੁਰਮੋਹਨ ਸਿੰਘ ਵਾਲੀਆ ਵੱਲੋਂ ਗਿਆਨੀ ਹਰਪਾਲ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਮੇਜਰ ਜਨਰਲ ਪ੍ਰਿੰਸੀਪਲ ਜੀ.ਐਸ. ਲਾਂਬਾ, ਡਾ: ਬਲਵੰਤ ਸਿੰਘ ਢਿੱਲੋਂ, ਡਾ: ਜਤਿੰਦਰ ਸਿੰਘ ਸਿੱਧੂ, ਡਾ: ਹਰਦੇਵ ਸਿੰਘ, ਡਾ: ਸਰਬਜਿੰਦਰ ਸਿੰਘ, ਡਾ: ਪਰਮਵੀਰ ਸਿੰਘ, ਡਾ: ਅਮਰਜੀਤ ਸਿੰਘ, ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ, ਸ. ਕੁਲਵਿੰਦਰ ਸਿੰਘ 'ਰਮਦਾਸ' ਤੇ ਸ. ਸਿਮਰਜੀਤ ਸਿੰਘ ਮੀਤ ਸਕੱਤਰ, ਸ. ਅਮਰਜੀਤ ਸਿੰਘ, ਸ. ਗੁਰਮੀਤ ਸਿੰਘ ਤੇ ਸ. ਭਗਵੰਤ ਸਿੰਘ ਮੈਨੇਜਰ ਨੂੰ ਲੋਈ, ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

*੧੩ ਮਈ*

# ਬਾਬਾ ਬੰਦਾ ਸਿੰਘ ਬਹਾਦਰ ਨੇ ਸਰਹਿੰਦ ਦੀ ਧਰਤੀ ਤੇ ਸੁਤੰਤਰ ਸਿੱਖ ਸੋਚ ਦਾ ਪਰਚਮ ਝੁਲਾਇਆ- ਡਾ. ਰੂਪ ਸਿੰਘ

## ਬਾਬਾ ਬੰਦਾ ਸਿੰਘ ਬਹਾਦਰ ਦੇ ੩੦੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ

ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਤੇ ਹੋਰ ਸ਼ਹੀਦ ਸਿੰਘਾਂ ਦੇ ੩੦੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਸਕੂਲਾਂ, ਕਾਲਜਾਂ ਅਤੇ ਮਿਸ਼ਨਰੀ ਕਾਲਜਾਂ ਦੇ ਪ੍ਰਿੰਸੀਪਲਾਂ, ਪ੍ਰਚਾਰਕਾਂ, ਸਕਾਲਰਾਂ ਨੇ ਹਾਜ਼ਰੀ ਭਰੀ।

ਸੈਮੀਨਾਰ ਵਿੱਚ ਹਾਜ਼ਰ ਪ੍ਰਮੁੱਖ ਸਖਸ਼ੀਅਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਡਾ. ਰੂਪ ਸਿੰਘ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਸਰਹਿੰਦ ਦੀ ਧਰਤੀ 'ਤੇ ਸੁਤੰਤਰ ਸਿੱਖ ਸੋਚ ਚਾ ਪਰਚਮ

ਲਹਿਰਾਇਆ। ਉਨ੍ਹਾਂ ਕਿਹਾ ਕਿ ਕੌਮ ਦੀਆਂ ਇਮਾਰਤਾਂ ਤੇ ਸੰਸਥਾਵਾਂ ਦੀ ਉਸਾਰੀ ਕੇਵਲ ਧਰਮੀ ਪੁਰਸ਼ ਹੀ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਕਲਗੀਧਰ ਦਸਮੇਸ਼ ਪਿਤਾ ਦਾ ਥਾਪੜਾ ਪ੍ਰਾਪਤ ਕਰਨ ਤੋਂ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਨੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਦਿੱਤੀ। ਉਨ੍ਹਾਂ ਕਿਹਾ ਕਿ ਅਤਿ ਬਿਖੜੇ ਸਮੇਂ ਸਿੱਖ ਬਾਦਸ਼ਾਹਤ ਕਾਇਮ ਕਰਨਾ ਬਾਬਾ ਬੰਦਾ ਸਿੰਘ ਬਹਾਦਰ ਦੀ ਵਿਸ਼ੇਸ਼ ਪੰਥਕ ਸੇਵਾ ਸੀ।

ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਕਿਹਾ ਕਿ ਕੋਈ ਵੀ ਕੌਮ ਮਾਰਿਆਂ ਨਹੀਂ ਮਰਦੀ, ਮਰਦੀ ਉਦੋਂ ਹੈ ਜਦੋਂ ਉਹ ਆਪਣੇ ਸਿਧਾਂਤਾਂ ਤੋਂ ਭਟਕ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅਗਰ ਕੌਮ ਨੂੰ ਹਮੇਸ਼ਾ ਜ਼ਿੰਦਾ ਰੱਖਣਾ ਹੈ ਤਾਂ ਆਸ਼ਾਵਾਦੀ ਬਣੋ ਤੇ ਹਮੇਸ਼ਾ ਚੜ੍ਹਦੀ ਕਲਾ ਦੀ ਕਾਮਨਾ ਕਰੋ। ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਜੋ ਕੌਮਾਂ ਆਪਣਾ ਇਤਿਹਾਸ ਭੁੱਲ ਜਾਂਦੀਆਂ ਹਨ ਉਹ ਕਦੇ ਅੱਗੇ ਨਹੀਂ ਵਧ ਸਕਦੀਆਂ। ਇਸ ਲਈ ਜ਼ਰੂਰੀ ਹੈ ਕਿ ਆਪਣੇ ਇਤਿਹਾਸ ਨੂੰ ਬਾਰ-ਬਾਰ ਦੁਹਰਾਇਆ ਜਾਵੇ। ਉਨ੍ਹਾਂ ਕਿਹਾ ਕਿ ਚੰਗੇ ਇਤਿਹਾਸਕਾਰ ਬਨਣ ਲਈ ਸਿੱਖਣ, ਸਿਖਾਉਣ ਤੇ ਅਮਲ ਕਰਨ ਦੀ ਨੀਤੀ ਅਪਨਾਓ। ਉਨ੍ਹਾਂ ਕਿਹਾ ਕਿ ਅੱਜ ਦਾ ਯੁੱਗ ਕੰਪਿਊਟਰ ਦਾ ਯੁੱਗ ਹੈ ਇਸ ਲਈ ਇਤਿਹਾਸ ਦੀ ਖੋਜ ਲਈ ਸਭ ਤੋਂ ਉੱਤਮ ਮਾਧਿਅਮ ਇੰਟਰਨੈਟ ਹੈ। ਡਾ. ਗੁਰਵੀਰ ਸਿੰਘ ਨੇ ਕਿਹਾ ਕਿ ਮਹਾਂਨਾਇਕ ਬਾਬਾ ਬੰਦਾ ਸਿੰਘ ਬਹਾਦਰ ਨੇ ਕਲਗੀਧਰ ਪਿਤਾ ਤੋਂ ਬਾਅਦ ਸਿੱਖਾਂ ਦੀ ਬਿਖਰੀ ਹੋਈ ਸ਼ਕਤੀ ਨੂੰ ਇਕੱਤਰ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨਾਲ ਸਾਰੇ ਸਿੱਖ ਸਿੱਖੀ ਤੋਂ ਕੁਰਬਾਨ ਹੋਏ, ਕਿਸੇ ਨੇ ਆਪਣੇ ਧਰਮ ਨੂੰ ਨਹੀਂ ਬਦਲਿਆ, ਬਲਕਿ ਅਡੋਲ ਰਹਿ ਕੇ ਸ਼ਹੀਦੀਆਂ ਪ੍ਰਾਪਤ ਕੀਤੀਆਂ। ਸ. ਸੁਖਦੇਵ ਸਿੰਘ ਭੂਰਾ ਕੋਹਨਾ ਵਧੀਕ ਸਕੱਤਰ ਧਰਮ ਪ੍ਰਚਾਰ ਕਮੇਟੀ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ੮ ਮਹੀਨੇ ਦੁਸ਼ਮਣ ਦੇ ਘੇਰੇ ਵਿੱਚ ਰਹਿ ਕੇ ਸੁਨਹਿਰਾ ਇਤਿਹਾਸ ਸਿਰਜਿਆ ਜਿਸ ਨੂੰ ਅਸੀਂ ਸਿਜਦਾ ਕਰਦੇ ਹਾਂ।

ਇਸ ਮੌਕੇ ਭਾਈ ਜਗਦੇਵ ਸਿੰਘ ਹੈਡ ਪ੍ਰਚਾਰਕ, ਭਾਈ ਸਰਵਣ ਸਿੰਘ, ਭਾਈ ਜਸਵਿੰਦਰ ਸਿੰਘ ਸ਼ਹੂਰ, ਭਾਈ ਬਲਵੰਤ ਸਿੰਘ, ਭਾਈ ਹੀਰਾ ਸਿੰਘ ਮਨਿਹਾਲਾ, ਭਾਈ ਗੁਰਬਚਨ ਸਿੰਘ ਕਲਸੀਆਂ ਤੇ ਭਾਈ ਸਰਬਜੀਤ ਸਿੰਘ ਨੇ ਵੀ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਸ. ਜਗਜੀਤ ਸਿੰਘ, ਸ. ਕੁਲਵਿੰਦਰ ਸਿੰਘ 'ਰਮਦਾਸ' ਤੇ ਸ. ਸਿਮਰਜੀਤ ਸਿੰਘ ਮੀਤ ਸਕੱਤਰ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਮਨਜੀਤ ਸਿੰਘ ਇੰਚਾਰਜ, ਸ. ਕ੍ਰਿਪਾਲ ਸਿੰਘ ਚੌਹਾਨ ਅਤੇ ਪ੍ਰਿੰਸੀਪਲ ਬਲਦੇਵ ਸਿੰਘ ਆਦਿ ਮੌਜੂਦ ਸਨ। *੧੮ ਮਈ*

# ਸਿੱਖ ਮਿਸ਼ਨ ਹਾਪੁੜ (ਯੂ.ਪੀ.) ਵੱਲੋਂ ਵੱਖ-ਵੱਖ ਥਾਈਂ ਗੁਰਮਤਿ ਸਮਾਗਮ

ਸ. ਬ੍ਰਿਜਪਾਲ ਸਿੰਘ ਇੰਚਾਰਜ ਸਿੱਖ ਮਿਸ਼ਨ ਹਾਪੁੜ (ਯੂ.ਪੀ.) ਵੱਲੋਂ ਪੁੱਜੀ ਜਾਣਕਾਰੀ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਯੂ.ਪੀ. ਦੇ ਵੱਖ-ਵੱਖ ਸਥਾਨਾਂ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ-ਸੰਚਾਰ ਸਮਾਗਮ ਕਰਵਾਏ ਗਏ। ਸਿੱਖ ਮਿਸ਼ਨ ਯੂ.ਪੀ. ਦੇ ਪ੍ਰਚਾਰਕ ਅਤੇ ਕਵੀਸ਼ਰ ਸਾਹਿਬਾਨ ਵੱਲੋਂ ਸੰਗਤਾਂ ਨੂੰ ਗੁਰੂ ਇਤਿਹਾਸ ਤੋਂ ਜਾਣੂ ਕਰਵਾਉਂਦਿਆਂ ਅੰਮ੍ਰਿਤ-ਪਾਨ ਕਰਨ ਲਈ ਪ੍ਰੇਰਿਆ ਗਿਆ। ਇਨ੍ਹਾਂ ਸਮਾਗਮਾਂ ਦੀ ਸਫਲਤਾ ਲਈ ਸ. ਸੁਖਮੀਤ ਸਿੰਘ ਕਾਦੀਆਂ ਮੈਂਬਰ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਯੋਗਦਾਨ ਪਾਇਆ ਗਿਆ।

ਇਨ੍ਹਾਂ ਗੁਰਮਤਿ ਸਮਾਗਮਾਂ ਸਮੇਂ ਗੁਰਦੁਆਰਾ ਦੁੱਖ ਨਿਵਾਰਨ ਸਰਸਈਆ ਘਾਟ ਕਾਨਪੁਰ ਵਿਖੇ ੪੮ ਪ੍ਰਾਣੀ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਏ ਬਰੇਲੀ ਵਿਖੇ ੪੩ ਪ੍ਰਾਣੀ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਿਵਲ ਲਾਈਨ ਰਾਮਪੁਰ ਵਿਖੇ ੩੪ ਪ੍ਰਾਣੀ, ਗੁਰਦੁਆਰਾ ਸਾਹਿਬ ਭਾਈ ਬੰਨੇ ਜੀ ਕਾਨਪੁਰ ਵਿਖੇ ੩੯ ਪ੍ਰਾਣੀ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬਿਲਾਸਪੁਰ ਵਿਖੇ ੧੩੯ ਪ੍ਰਾਣੀ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਟਾਂਡਾ ਜ਼ਿਲ੍ਹਾ ਅੰਬੇਦਕਰ ਨਗਰ ਵਿਖੇ ੮੧ ਪ੍ਰਾਣੀ ਗੁਰੂ ਵਾਲੇ ਬਣੇ। ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ-ਰਹਿਤ ਦਿੱਤੇ ਗਏ।

## ਵਿਸ਼ੇਸ਼ ਰਿਪੋਰਟ:

# ਬਾਬਾ ਬੰਦਾ ਸਿੰਘ ਬਹਾਦਰ ਦੇ ੩੦੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਅਤੇ ਨਗਰ ਕੀਰਤਨ

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਰਹਿਮਤਾਂ ਨਾਲ ਵਰੋਸਾਏ ਹੋਏ ਖਾਲਸਾ ਰਾਜ ਦੇ ਰੂਹੇ ਰਵਾਂ ਤੇ ਸਿੱਖ ਪੰਥ ਦੇ ਮਹਾਂ-ਨਾਇਕ, ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ, ਉਨ੍ਹਾਂ ਦੇ ਸਪੁੱਤਰ ਬਾਬਾ ਅਜੈ ਸਿੰਘ ਅਤੇ ਉਨ੍ਹਾਂ ਨਾਲ ਸ਼ਹੀਦ ਹੋਏ ਸਿੰਘਾਂ ਦੇ ੩੦੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਗੜ੍ਹੀ ਗੁਰਦਾਸ ਨੰਗਲ ਵਿਖੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਉੱਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਦੇ ਆਰੰਭ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਦਲਬੀਰ ਸਿੰਘ ਤੇ ਗੁਰਦੁਆਰਾ ਸਾਹਿਬ ਗੜ੍ਹੀ ਗੁਰਦਾਸ ਨੰਗਲ ਦੇ ਹਜ਼ੂਰੀ ਰਾਗੀ ਜਥੇ ਨੇ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਸਵਿੰਦਰ ਸਿੰਘ, ਭਾਈ ਜਰਨੈਲ ਸਿੰਘ ਤੇ ਭਾਈ ਪੂਰਨ ਸਿੰਘ ਅਰਸ਼ੀ ਦੇ ਢਾਡੀ ਜਥਿਆਂ ਅਤੇ ਭਾਈ ਗੁਰਨਾਮ ਸਿੰਘ ਤੇ ਭਾਈ ਜੋਗਾ ਸਿੰਘ ਭਾਗੋਵਾਲ ਦੇ ਕਵੀਸ਼ਰੀ ਜਥਿਆਂ ਨੇ ਬੀਰ ਰਸੀ ਵਾਰਾਂ ਦੁਆਰਾ ਸੰਗਤਾਂ ਨੂੰ ਸ਼ਹੀਦਾਂ ਦੇ ਇਤਿਹਾਸ ਨਾਲ ਜੋੜਿਆ। ਅਰਦਾਸ ਭਾਈ ਸੁਲਤਾਨ ਸਿੰਘ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ।

ਸੰਗਤਾਂ ਨੂੰ ਸੰਬੋਧਨ ਕਰਦਿਆਂ ਸ. ਸੁਖਬੀਰ ਸਿੰਘ ਬਾਦਲ ਉਪ ਮੁੱਖ ਮੰਤਰੀ ਪੰਜਾਬ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਜ਼ਬਰ-ਜ਼ੁਲਮ, ਅਨਿਆਂ ਤੇ ਅੱਤਿਆਚਾਰ ਵਿਰੁੱਧ ਲੜਾਈ ਲੜੀ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਸਿੱਖ ਰਾਜ ਦੇ ਉਸਰੱਈਏ ਸਨ ਤੇ ਉਨ੍ਹਾਂ ਗਰੀਬ ਕਿਸਾਨਾਂ ਨੂੰ ਉਨ੍ਹਾਂ ਦੀ ਜ਼ਮੀਨ ਦਾ ਮਾਲਕ ਬਣਾਇਆ। ਉਨ੍ਹਾਂ ਕਿਹਾ ਕਿ ਅਕਾਲੀ ਰਾਜ ਵਿੱਚ ਸਿੱਖ ਗੁਰੂ ਸਾਹਿਬਾਨ ਤੇ ਸ਼ਹੀਦ ਸਿੰਘਾਂ ਦੀਆਂ ਯਾਦਗਾਰਾਂ ਤੇ ਤਕਰੀਬਨ ੧ ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਰਕਮ ਖਰਚੀ ਗਈ। ਉਨ੍ਹਾਂ ਕਿਹਾ ਕਿ ਸ਼ਤਾਬਦੀਆਂ ਮਨਾਉਣ ਦਾ ਮਕਸਦ ਨੌਜਵਾਨਾਂ ਨੂੰ ਆਪਣੇ ਇਤਿਹਾਸ ਤੋਂ ਜਾਣੂੰ ਕਰਵਾਉਣਾ ਹੈ ਤੇ ਹਰ ਵਿਅਕਤੀ ਸ਼ਤਾਬਦੀ ਸਮਾਗਮਾਂ ਵਿੱਚ ਆਪਣੇ ਪੂਰੇ ਪਰਿਵਾਰ ਸਮੇਤ ਹਾਜ਼ਰੀਆਂ ਭਰ ਕੇ ਕਲਗੀਧਰ ਦਸਮੇਸ਼ ਪਿਤਾ ਦੀਆਂ ਖੁਸ਼ੀਆਂ ਹਾਸਲ ਕਰੇ। ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਜੀਵਨੀ ਤੇ ਚਾਨਣਾ ਪਾਉਂਦਿਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਉਨ੍ਹਾਂ ਨਾਲ ਇਨ੍ਹਾਂ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਇਆ।

ਸ. ਹਰਚਰਨ ਸਿੰਘ ਮੁੱਖ ਸਕੱਤਰ ਨੇ ਕਿਹਾ ਕਿ ਜ਼ੁਲਮ ਅਨਿਆਂ ਖਿਲਾਫ਼ ਜੂਝਦੇ ਹੋਇਆਂ ਸ਼ਹੀਦੀ ਪ੍ਰਾਪਤ ਕਰ ਜਾਣਾ ਖਾਲਸੇ ਦਾ ਮਿਸ਼ਨ ਰਿਹਾ ਹੈ। ਸਮੇਂ ਦੇ ਜ਼ਾਬਰ ਹੁਕਮਰਾਨਾਂ ਵੱਲੋਂ ਗਰੀਬਾਂ, ਨਿਤਾਣਿਆਂ ਅਤੇ ਦੱਬੇ ਕੁਚਲੇ ਲੋਕਾਂ ਨੂੰ ਸਮਾਨਤਾ ਤੇ ਨਿਆਂ ਦਿਵਾਉਣ ਲਈ ਕਲਗੀਧਰ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਜਿੱਥੇ ਆਪ ਸਾਰੀ ਉਮਰ ਸੰਘਰਸ਼ਸ਼ੀਲ ਰਹੇ, ਉੱਥੇ ਆਪਣੇ ਅੰਤਿਮ ਸਮੇਂ ਇਸੇ ਮਿਸ਼ਨ ਨੂੰ ਨਿਰੰਤਰ ਜਾਰੀ ਰੱਖਣ ਲਈ ਨਾਂਦੇੜ ਦੀ ਧਰਤੀ ਤੋਂ ਬਾਬਾ ਬੰਦਾ ਸਿੰਘ ਜੀ ਬਹਾਦਰ ਨੂੰ ਥਾਪੜਾ ਦੇ ਕੇ ਪੰਜਾਬ ਵੱਲ ਤੋਰਿਆ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਜੀ ਬਹਾਦਰ ਨੇ ਆਪਣੇ ਸਾਥੀ ਸਿੰਘਾਂ ਸਮੇਤ ਜਿਸ ਤਰ੍ਹਾਂ ਚੜ੍ਹਦੀ ਕਲ੍ਹਾ ਨਾਲ ਸ਼ਹਾਦਤ ਪ੍ਰਾਪਤ ਕੀਤੀ ਉਸ ਦੀ ਮਿਸਾਲ ਦੁਨੀਆਂ ਦੇ ਇਤਿਹਾਸ ਵਿੱਚ ਹੋਰ ਕਿਧਰੇ ਨਹੀਂ ਮਿਲਦੀ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਸ. ਨਿਰਮਲ ਸਿੰਘ ਕਾਹਲੋਂ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ।

ਇਸ ਉਪਰੰਤ ਸ. ਸੁਖਬੀਰ ਸਿੰਘ ਬਾਦਲ ਉਪ ਮੁੱਖ ਮੰਤਰੀ ਨੂੰ ਜਥੇਦਾਰ ਸੁੱਚਾ ਸਿੰਘ ਲੰਗਾਹ ਮੈਂਬਰ ਸ਼੍ਰੋਮਣੀ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਸਾਹਿਬ, ਲੋਈ, ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਜ ਸਕੱਤਰ ਦੀ ਸੇਵਾ ਸ. ਸੁਖਦੇਵ ਸਿੰਘ ਭੂਰਾ ਕੋਹਨਾ ਨੇ ਨਿਭਾਈ।

ਇਸ ਮੌਕੇ ਸ. ਗੁਰਬਚਨ ਸਿੰਘ ਬੱਬੇਹਾਲੀ ਤੇ ਸ੍ਰੀ ਦੇਸ ਰਾਜ ਧੁੱਗਾ ਸੰਸਦੀ ਸਕੱਤਰ, ਸ. ਲਖਬੀਰ ਸਿੰਘ ਲੋਦੀਨੰਗਲ, ਸ. ਸੁਖਜਿੰਦਰ ਸਿੰਘ ਲੰਗਾਹ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸ. ਜਗਰੂਪ ਸਿੰਘ ਸੇਖਵਾਂ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਰਤਨ ਸਿੰਘ ਜਫਰਵਾਲ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਸੱਜਣ ਸਿੰਘ ਬੱਜੂਮਾਨ, ਸ. ਗੁਰਨਾਮ ਸਿੰਘ ਜੱਸਲ ਤੇ ਸ. ਕਸ਼ਮੀਰ ਸਿੰਘ ਬਰਿਆਰ, ਸ. ਬਖਸ਼ੀਸ਼ ਸਿੰਘ ਧਾਰੋਵਾਲੀ ਸਾਬਕਾ ਮੈਂਬਰ ਅੰਤ੍ਰਿੰਗ ਕਮੇਟੀ, ਸ. ਜਗਜੀਤ ਸਿਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। *੨੦ ਮਈ*

## ਗੁਰਦੁਆਰਾ ਸਾਹਿਬ ਗੜ੍ਹੀ ਗੁਰਦਾਸ ਨੰਗਲ ਤੋਂ ਦਿੱਲੀ ਤਕ ਨਗਰ ਕੀਰਤਨ:

ਮਹਾਨ ਸਿੱਖ ਜਰਨੈਲ ਤੇ ਪਹਿਲੇ ਸਿੱਖ ਹੁਕਮਰਾਨ ਬਾਬਾ ਬੰਦਾ ਸਿੰਘ ਜੀ ਬਹਾਦਰ, ਉਨ੍ਹਾਂ ਦੇ ਸਪੁੱਤਰ ਬਾਬਾ ਅਜੈ ਸਿੰਘ ਤੇ ਹੋਰ ਸ਼ਹੀਦ ਸਿੰਘਾਂ ਦੇ ੩੦੦ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਗੜ੍ਹੀ ਗੁਰਦਾਸ ਨੰਗਲ ਤੋਂ ਮਹਿਰੌਲੀ, ਦਿੱਲੀ ਤਕ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਤਰਨ ੨੧ ਮਈ ਨੂੰ ਆਰੰਭ ਹੋਇਆ ਅਤੇ ੨੯ ਮਈ ਨੂੰ ਸਮਾਪਤ ਹੋਇਆ।

ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਤੋਂ ਥਾਪੜਾ ਲੈਣ ਉਪਰੰਤ ਜ਼ੁਲਮ ਦੇ ਖਾਤਮੇ ਲਈ ਵਜੀਦੇ ਨੂੰ ਮਾਰਿਆ ਤੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾਈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੂੰ ਗੁਰਦਾਸ ਨੰਗਲ ਦੀ ਗੜ੍ਹੀ ਵਿੱਚੋਂ ਸਿੰਘਾਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਦਿੱਲੀ ਵਿਖੇ ਬਾਬਾ ਜੀ ਦੇ ਸਪੁੱਤਰ ਬਾਬਾ ਅਜੈ ਸਿੰਘ ਦਾ ਕਾਲਜਾ ਉਨ੍ਹਾਂ ਦੇ ਸਾਹਮਣੇ ਕੱਢ ਕੇ ਸ਼ਹੀਦ ਕਰ ਦਿੱਤਾ ਗਿਆ ਅਤੇ ਬਾਬਾ ਜੀ ਦਾ ਮਾਸ ਜਮੂਰਾਂ ਨਾਲ ਨੋਚ-ਨੋਚ ਕੇ ਸ਼ਹੀਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹ ਇਕ ਐਸੀ ਮਿਸਾਲ ਹੈ ਜੋ ਦੁਨੀਆਂ ਦੇ ਇਤਿਹਾਸ ਵਿੱਚ ਕਿਧਰੇ ਨਹੀਂ ਮਿਲਦੀ।

ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਬਾਬਾ ਬੰਦਾ ਸਿੰਘ ਜੀ ਬਹਾਦਰ ਦੀ ਅਦੁੱਤੀ ਸ਼ਹਾਦਤ 'ਤੇ ਚਾਨਣਾ ਪਾਉਣ ਦੇ ਨਾਲ-ਨਾਲ ਨਗਰ-ਕੀਰਤਨ ਵਿੱਚ ਸ਼ਾਮਲ ਹੋਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ, ਧਾਰਮਿਕ ਜਥੇਬੰਦੀਆਂ, ਸਭਾ ਸੁਸਾਇਟੀਆਂ, ਨਿਹੰਗ ਸਿੰਘ ਜਥੇਬੰਦੀਆਂ, ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਅਤੇ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਅਹਿਮ ਐਲਾਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਸਿਰਮੌਰ ਸੰਸਥਾ ਹੋਣ ਦੇ ਨਾਤੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਨੂੰ ਬਾਬਾ ਬੰਦਾ ਸਿੰਘ ਜੀ ਬਹਾਦਰ ਦੇ ਸ਼ਤਾਬਦੀ ਸਮਾਗਮ ਮਨਾਉਣ ਲਈ ੨ ਕਰੋੜ ਰੁਪਏ ਦੀ ਸਹਾਇਤਾ ਦੇਵੇਗੀ। ਇਸ ਤੋਂ ਇਲਾਵਾ ਨਗਰ ਕੀਰਤਨ ਦੇ ਪ੍ਰਬੰਧਕ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ।

ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਰਵਾਨਾ ਹੋਇਆ। ਪਾਲਕੀ ਸਾਹਿਬ ਵਾਲੀ ਗੱਡੀ ਦੇ ਪਿੱਛੇ-ਪਿੱਛੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਾਵਨ ਸ਼ਸਤਰ-ਬਸਤਰ, ਕੰਘਾ ਤੇ ਕੇਸਾਂ ਦੇ

ਦਰਸ਼ਨ ਕਰਾਉਣ ਵਾਲੀ ਗੱਡੀ ਵੀ ਚੱਲ ਰਹੀ ਸੀ। ਨਗਰ ਕੀਰਤਨ ਨਾਲ ਬਾਬਾ ਅਵਤਾਰ ਸਿੰਘ ਬਿਧੀ ਚੰਦੀ ਸੰਪਰਦਾ ਦੇ ਜਥੇ ਵੱਲੋਂ ਹਾਥੀ, ਘੋੜਿਆਂ 'ਤੇ ਸਵਾਰ ਗੁਰੂ ਕੀਆਂ ਲਾਡਲੀਆਂ ਫੌਜਾਂ ਸਤਿ ਸ੍ਰੀ ਅਕਾਲ ਦੇ ਜੈਕਾਰੇ ਛੱਡਦੀਆਂ ਜਾ ਰਹੀਆਂ ਸਨ ਤੇ ਸਕੂਲਾਂ ਦੇ ਬੱਚੇ ਵੀ ਸ਼ਾਮਲ ਸਨ। ਸਤਿਨਾਮੁ-ਵਾਹਿਗੁਰੂ ਦਾ ਜਾਪ ਕਰਦੀਆਂ ਸੰਗਤਾਂ ਕੜਾਕੇ ਦੀ ਗਰਮੀ ਵਿੱਚ ਵੀ ਚੜ੍ਹਦੀ ਕਲਾ ਦਾ ਸੰਕੇਤ ਦੇ ਰਹੀਆਂ ਸਨ। ਗੁਰੂ-ਘਰ ਨਾਲ ਸ਼ਰਧਾ ਰੱਖਣ ਵਾਲਿਆਂ ਵੱਲੋਂ ਜਗ੍ਹਾ-ਜਗ੍ਹਾ ਲੰਗਰ ਤੇ ਠੰਢੇ-ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ ਸਨ। ਪਹਿਲੇ ਦਿਨ ਨਗਰ ਕੀਰਤਨ ਗੁਰਦੁਆਰਾ ਸਾਹਿਬ ਗੜ੍ਹੀ ਗੁਰਦਾਸ ਨੰਗਲ ਤੋਂ ਚੱਲ ਕੇ ਪਿੰਡ ਲੰਗਾਹ, ਜੌੜਾ ਛੱਤਰਾਂ, ਬੋਪਾਰਾਏ, ਸੰਗਤਪੁਰਾ, ਦੌਲਤਪੁਰ, ਕਲਾਨੌਰ, ਰਹੀਮਾਂਬਾਦ, ਅਦਾਲਤਪੁਰ, ਦੇਹੜ ਗਵਾਰ, ਅਠਵਾਲ, ਕੋਟਲੀ ਸੂਰਤ ਮੱਲ੍ਹੀ, ਡੇਰਾ ਪਠਾਨਾ, ਸ਼ਿਕਾਰ ਮਾਛੀਆਂ, ਚਾਕਾਂਵਾਲੀ, ਕਾਹਲਾਂਵਾਲੀ, ਡੇਰਾ ਬਾਬਾ ਨਾਨਕ, ਠੇਠਰਕੇ, ਧਰਮਕੋਟ, ਝੰਗੀ ਤੋਂ ਹੁੰਦਾ ਹੋਇਆ ਗੁਰਦੁਆਰਾ ਬਾਬਾ ਬੁੱਢਾ ਜੀ ਰਮਦਾਸ ਵਿਖੇ ਵਿਸ਼ਰਾਮ ਕਰਨ ਲਈ ਰੁਕਿਆ।

ਨਗਰ ਕੀਰਤਨ ਦੀ ਦੂਸਰੇ ਦਿਨ ਗੁਰਦੁਆਰਾ ਸਾਹਿਬ ਬਾਬਾ ਬੁੱਢਾ ਜੀ ਰਮਦਾਸ ਤੋਂ ਚੱਲ ਹੋ ਕੇ ਗੱਗੋਮਾਹਲ, ਗੁਜਰਪੁਰਾ, ਅਜਨਾਲਾ, ਈਸਾਪੁਰ, ਟਾਹਲੀ ਸਾਹਿਬ, ਭੁੱਲਰ ਚੁਗਾਵਾਂ, ਚਵਿੰਡਾ, ਵਣੀਏਕੇ, ਰਣੀਕੇ ਮੋੜ, ਅਟਾਰੀ, ਨੇਸ਼ਟਾ ਰਾਜਾਤਾਲ, ਸਰਾਏ ਅਮਾਨਤ ਖਾਂ, ਗੰਡੀਵਿੰਡ ਸਰਾਂ, ਬਗਿਆੜੀ ਤੋਂ ਹੁੰਦਾ ਹੋਇਆ ਰਾਤ ਦੇ ਵਿਸ਼ਰਾਮ ਲਈ ਗੁਰਦੁਆਰਾ ਸਾਹਿਬ ਬੀੜ ਬਾਬਾ ਬੁੱਢਾ ਜੀ, ਠੱਠਾ (ਤਰਨ-ਤਾਰਨ) ਵਿਖੇ ਪਹੁੰਚਿਆ।

ਤੀਸਰੇ ਦਿਨ ਨਗਰ ਕੀਰਤਨ ਦੀ ਰਵਾਨਗੀ ਪੁਲੀਸ ਬੈਂਡ ਅਤੇ ਸਕੂਲਾਂ ਦੇ ਬੈਂਡ ਦੀ ਸ਼ਾਨੋ ਸ਼ੌਕਤ ਨਾਲ ਰੂਹਾਨੀਅਤ ਦਾ ਦ੍ਰਿਸ਼ ਪੇਸ਼ ਕਰਦਿਆਂ ਗੁਰਦੁਆਰਾ ਸਾਹਿਬ ਬੀੜ ਬਾਬਾ ਬੁੱਢਾ ਜੀ ਠੱਠਾ, ਤਰਨ-ਤਾਰਨ ਤੋਂ ਕੀਤੀ ਗਈ। ਆਰੰਭਤਾ ਸਮੇਂ ਸ. ਰਜਿੰਦਰ ਸਿੰਘ ਮਹਿਤਾ ਤੇ ਸ. ਗੁਰਬਚਨ ਸਿੰਘ ਕਰਮੂੰਵਾਲਾ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਕਮੇਟੀ ਨੇ ਨਗਰ ਕੀਰਤਨ ਵਿਚ ਸ਼ਾਮਲ ਸਮੂਹ ਧਾਰਮਿਕ ਸਭਾ ਸੁਸਾਇਟੀਆਂ, ਨਿਹੰਗ ਸਿੰਘ ਜਥੇਬੰਦੀਆਂ, ਟਕਸਾਲਾਂ, ਸਕੂਲਾਂ ਕਾਲਜਾਂ ਦੇ ਬੱਚਿਆਂ, ਪੁਲੀਸ ਅਫ਼ਸਰਾਂ, ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਤੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਜੀ ਆਇਆਂ ਕਿਹਾ। ਨਗਰ ਕੀਰਤਨ ਗੁਰਦੁਆਰਾ ਸਾਹਿਬ ਬੀੜ ਬਾਬਾ ਬੁੱਢਾ ਜੀ ਠੱਠਾ ਤੋਂ ਰਵਾਨਾ ਹੋ ਕੇ ਝਬਾਲ, ਗੁਰਦੁਆਰਾ ਬਾਬਾ ਬੋਤਾ ਸਿੰਘ ਜੀ ਬਾਬਾ ਗਰਜਾ ਸਿੰਘ ਜੀ ਨੂਰਦੀ ਸਰਾਂ, ਤਰਨ ਤਾਰਨ ਸ਼ਹਿਰ, ਬਾਈਪਾਸ ਗੋਇੰਦਵਾਲ, ਪੰਡੋਰੀ, ਨੌਰੰਗਾਬਾਦ ਸ਼ੇਖਚੱਕ, ਭਰੋਵਾਲ, ਫਤਿਆਬਾਦ, ਗੋਇੰਦਵਾਲ ਸਾਹਿਬ, ਮੁੰਡੀ ਮੋੜ, ਤਲਵੰਡੀ ਚੌਧਰੀਆਂ ਤੋਂ ਹੁੰਦਾ ਹੋਇਆ ਰਾਤ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ (ਕਪੂਰਥਲਾ) ਵਿਖੇ ਠਹਿਰਿਆ।

ਨਗਰ ਕੀਰਤਨ ਚੌਥੇ ਪੜਾਅ ਲਈ ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ ਤੋਂ ਰਵਾਨਾ ਹੋ ਕੇ ਡੱਲਾ, ਮੋੜ ਮਲਸੀਆਂ, ਸੀਚੇਵਾਲ, ਈਸੇਵਾਲ, ਮਲਸੀਆਂ, ਕਾਲੇਵਾਲੀ ਬਾੜਾ, ਨੂਰਪੁਰ ਚੱਠਾ, ਨੂਰਮਹਿਲ ਬਾਈਪਾਸ, ਬਹਾਦਰਪੁਰ, ਸੰਗਤਪੁਰਾ, ਬੇਗਮਪੁਰਾ, ਪ੍ਰਤਾਪਪੁਰਾ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਪਾਤਸ਼ਾਹੀ ਪੰਜਵੀਂ, ਮੌ ਸਾਹਿਬ (ਜਲੰਧਰ) ਵਿਖੇ ਰਾਤ ਦਾ ਵਿਸ਼ਰਾਮ ਕੀਤਾ।

ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਪਾਤਸ਼ਾਹੀ ਪੰਜਵੀਂ, ਮੌ ਸਾਹਿਬ ਤੋਂ ਨਗਰ ਕੀਰਤਨ ਪੰਜਵੇਂ ਪੜਾਅ ਲਈ ਰਵਾਨਾ ਹੋਇਆ। ਇਹ ਉਹ ਪਾਵਨ ਧਰਤੀ ਹੈ ਜਿੱਥੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਵਿਆਹ ਮਾਤਾ ਗੰਗਾ ਜੀ ਨਾਲ ਹੋਇਆ। ਅਤਿ ਦੀ ਗਰਮੀ ਹੋਣ 'ਤੇ ਵੀ ਸ਼ਰਧਾਵਾਨ ਸੰਗਤਾਂ ਗੁਰੂ ਰੰਗ ਵਿੱਚ ਰੰਗੀਆਂ ਨਾਲ ਚੱਲ ਰਹੀਆਂ ਸਨ। ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਗਰ ਕੀਰਤਨ ਦਾ ਲੁਧਿਆਣਾ ਪੁੱਜਣ ਤੇ ਨਿੱਘਾ ਸਵਾਗਤ ਕੀਤਾ। ਸ੍ਰੀ ਗੁਰੂ ਅਰਜਨ ਦੇਵ ਜੀ ਪਾਤਸ਼ਾਹੀ ਪੰਜਵੀਂ ਮੌ ਸਾਹਿਬ (ਜਲੰਧਰ) ਤੋਂ ਰਵਾਨਾ ਹੋ ਕੇ ਨਗਰ ਕੀਰਤਨ ਫਿਲੌਰ, ਲਾਡੋਵਾਲੀ, ਨੂਰਪੁਰ ਬੇਟ, ਸਲੇਮ ਟਾਬਰੀ, ਰੇਲਵੇ ਸਟੇਸ਼ਨ ਲੁਧਿਆਣਾ, ਚੌਂਕ ਭਗਤ ਸਿੰਘ, ਗੁਰਦੁਆਰਾ ਸਾਹਿਬ ਸ਼ਹੀਦਾਂ ਫੇਰੂਮਾਨ, ਪ੍ਰਤਾਪ ਚੌਂਕ, ਸ਼ੇਰਪੁਰ ਚੌਂਕ, ਗਿਆਸਪੁਰਾ, ਕੰਗਨਵਾਲ,

ਗੁਰਦੁਆਰਾ ਰੇਰੂ ਸਾਹਿਬ, ਸਾਹਨੇਵਾਲ, ਰਾਜਗੜ੍ਹ, ਦੋਰਾਹਾ ਪੁੱਲ, ਗੁਰਦੁਆਰਾ ਮੰਜੀ ਸਾਹਿਬ ਕੋਟਾਂ, ਬੀਜ਼ਾ, ਲਿਬੜਾ, ਕੰਨਾ, ਮੰਡੀ ਗੋਬਿੰਦਗੜ੍ਹ, ਸਰਹੰਦ ਤੋਂ ਹੁੰਦਾ ਹੋਇਆ ਰਾਤ ਦੇ ਵਿਸ਼ਰਾਮ ਲਈ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਸਰਹਿੰਦ ਵਿਖੇ ਠਹਿਰਿਆ।

ਨਗਰ ਕੀਰਤਨ ਛੇਵੇਂ ਪੜਾਅ ਲਈ ਕਲਗੀਧਰ ਦਸਮੇਸ਼ ਪਿਤਾ ਦੇ ਛੋਟੇ-ਛੋਟੇ ਦੋ ਲਾਲਾਂ ਸਾਹਿਬਜ਼ਾਦਾ ਜੋਰਾਵਰ ਸਿੰਘ ਜੀ ਸਾਹਿਬਜ਼ਾਦਾ ਫ਼ਤਹਿ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੇ ਅਸਥਾਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਸਰਹੰਦ ਦੀ ਧਰਤੀ ਤੋਂ ਰਵਾਨਾ ਹੋਇਆ। ਨਗਾਰੇ ਦੀ ਚੋਟ ਨਾਲ ਗਤਕਾ ਪਾਰਟੀਆਂ ਆਪਣੇ-ਆਪਣੇ ਜ਼ੌਹਰ ਦਿਖਾਉਂਦੀਆਂ ਨਗਰ ਕੀਰਤਨ ਦੀ ਸ਼ਾਨ ਵਧਾ ਰਹੀਆਂ ਸਨ। ਇਥੋਂ ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸੁਖਜਿੰਦਰ ਸਿੰਘ ਦੇ ਜਥੇ ਵੱਲੋਂ ਅੰਮ੍ਰਿਤਮਈ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਨੇ ਅਰਦਾਸ ਉਪਰੰਤ ਹੁਕਮਨਾਮਾ ਲਿਆ। ਸ਼ਰਧਾਲੂ ਸੰਗਤਾਂ ਵੱਲੋਂ ਪੂਰੇ ਰਸਤੇ ਵਿੱਚ ਵੱਖ-ਵੱਖ ਤਰ੍ਹਾਂ ਦੇ ਲੰਗਰ ਅਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਗਾ ਕੇ ਸੰਗਤਾਂ ਦੀ ਸੇਵਾ ਕੀਤੀ ਜਾ ਰਹੀ ਸੀ। ਨਗਰ ਕੀਰਤਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਸਰਹੰਦ ਤੋਂ ਰਵਾਨਾ ਹੋ ਕੇ ਪਟਿਆਲਾ ਮੋੜ, ਸ਼ਾਮਪੁਰ, ਹੰਸਾਲੀ ਸਾਹਿਬ, ਜਿੰਦਰਗੜ੍ਹ, ਰਿਉਣਾ ਨੀਵਾਂ, ਪਤਾਲਸੀ, ਚੰਦੂਮਾਜਰਾ ਮੋੜ, ਬਸੰਤਪੁਰਾ, ਉਗਸੀ ਸੈਣੀਆਂ, ਪਿਲਖੜੀ, ਰਾਜਪੁਰਾ ਸ਼ੰਭੂ ਬੈਰੀਅਰ ਤੋਂ ਹੁੰਦਾ ਹੋਇਆ ਰਾਤ ਦੇ ਵਿਸ਼ਰਾਮ ਲਈ ਗੁਰਦੁਆਰਾ ਸ੍ਰੀ ਮੰਜੀ ਸਾਹਿਬ, ਅੰਬਾਲਾ (ਹਰਿਆਣਾ) ਵਿਖੇ ਠਹਿਰਿਆ।

ਅਗਲੇ ਪੜਾਅ ਲਈ ਨਗਰ ਕੀਤਰਨ ਮੀਰੀ-ਪੀਰੀ ਦੇ ਮਾਲਕ ਸ੍ਰੀ ਹਰਗੋਬਿੰਦ ਸਾਹਿਬ ਜੀ ਦੀ ਚਰਨ-ਛੋਹ ਪ੍ਰਾਪਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਬਾਉਲੀ ਸਾਹਿਬ ਪਾਤਸ਼ਾਹੀ ਛੇਵੀਂ ਅੰਬਾਲਾ ਤੋਂ ਰਵਾਨਾ ਹੋਇਆ। ਇਥੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਕਲਗੀਧਰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਦ ਨਾਂਦੇੜ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਸਿੰਘ ਸਜਾਇਆ ਤੇ ਖਾਲਸੇ ਦਾ ਆਗੂ ਥਾਪ ਕੇ ਜ਼ਾਲਮਾਂ ਨੂੰ ਸੋਧਣ ਹਿੱਤ ਪੰਜਾਬ ਵੱਲ ਤੋਰਿਆ ਤਾਂ ਬਾਬਾ ਬੰਦਾ ਸਿੰਘ ਬਹਾਦਰ ਦੀ ਅਗਵਾਈ ਵਿੱਚ ਖ਼ਾਲਸੇ ਨੇ ਮੁਗਲ ਰਾਜ ਦੇ ਮਹਿਲ ਢਹਿ-ਢੇਰੀ ਕਰ ਦਿੱਤੇ। ਉਨ੍ਹਾਂ ਕਿਹਾ ਕਿ ਆਖਰੀ ਸਮੇਂ ਤੀਕ ਸਿੱਖੀ ਕੇਸਾਂ ਸੁਆਸਾਂ ਸੰਗ ਨਿਭਾਉਣ ਵਾਲੇ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਤੋਂ ਸਭ ਨੂੰ ਪ੍ਰੇਰਣਾ ਲੈਣ ਦੀ ਲੋੜ ਹੈ। ਨਗਰ ਕੀਰਤਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਬਾਉਲੀ ਸਾਹਿਬ ਪਾਤਸ਼ਾਹੀ ਛੇਵੀਂ ਅੰਬਾਲਾ ਤੋਂ ਰਵਾਨਾ ਹੋ ਕੇ ਅੰਬਾਲਾ ਛਾਉਣੀ, ਸ਼ਾਹਪੁਰ, ਮਛੋਂਦਾ, ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ, ਸ਼ਾਹਪੁਰ ਮਾਰਕੰਡਾ, ਮੀਰੀ-ਪੀਰੀ ਹਸਪਤਾਲ, ਰਤਨਗੜ੍ਹ, ਸ਼ਰੀਫਗੜ੍ਹ, ਧੰਨਧੇੜੀ, ਮਸਾਣਾ, ਪਿਪਲੀ, ਸਮਾਣਾ ਬਾਊ, ਨੀਲੋਖੇੜੀ, ਤਰਾਵੜੀ, ਸ਼ਾਮਗੜ੍ਹ, ਲਿਬਰਟੀ ਚੌਂਕ, ਆਈ.ਟੀ.ਆਈ. ਚੌਂਕ, ਮਾਡਲ ਟਾਊਨ ਸੈਕਟਰ-੧੩ ਤੋਂ ਹੁੰਦਾ ਹੋਇਆ ਰਾਤ ਦੇ ਵਿਸ਼ਰਾਮ ਲਈ ਡੇਰਾ ਕਾਰ ਸੇਵਾ ਕਲੰਦਰੀ ਗੇਟ, ਕਰਨਾਲ (ਹਰਿਆਣਾ) ਵਿਖੇ ਪਹੁੰਚਿਆ।

ਅਗਲੇ ਪੜਾਅ ਲਈ ਡੇਰਾ ਕਾਰ ਸੇਵਾ ਕਲੰਦਰੀ ਗੇਟ ਕਰਨਾਲ ਤੋਂ ਰਵਾਨਾ ਹੋ ਕੇ ਨਗਰ ਕੀਰਤਨ ਮਧੂਬਨ, ਬਸਤਾੜਾ, ਘਰੋਂਡਾ, ਬਾਬਰਪੁਰਾ, ਪਾਣੀਪਤ, ਸ਼ਿਵਾਹ, ਮਛਰੋਲੀ, ਸਮਾਲਖਾ, ਚੋਖੀ ਦੋਖੀ, ਘਨੌਰ ਲੜਸੋਲੀ, ਮੂਰਥਲ, ਜੀਵਨ ਨਗਰ, ਸੋਨੀਪਤ, ਕਮਾਸਪੁਰ, ਬੱਡ ਖਾਲਸਾ, ਬਹਾਲਗੜ੍ਹ, ਅਸ਼ੋਕਾ ਯੂਨੀਵਰਸਿਟੀ, ਰਾਈ ਥਾਨਾ, ਗੁਰੂ ਤੇਗ ਬਹਾਦਰ ਮੈਮੋਰੀਅਲ ਪਾਰਕ, ਬੀਸਵਾਮੀਲ, ਆਂਸਲ ਪਲਾਜ਼ਾ, ਟੀ.ਡੀ.ਆਈ. ਮਾਲ ਨਰੇਲਾ, ਸਿੱਧੂ ਬਾਰਡਰ, ਲਵਨਿਆ ਚੌਂਕ, ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਸਵਰੂਪ ਨਗਰ, ਕਰਨਾਲ ਬਾਈਪਾਸ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਮਜਨੂੰ ਟਿੱਲਾ ਦਿੱਲੀ ਵਿਖੇ ਪਹੁੰਚਿਆ। ਰਸਤੇ ਵਿਚ ਸ਼ਰਧਾਲੂ ਸੰਗਤਾਂ ਵੱਲੋਂ ਪੂਰੇ ਰਾਹ

ਵਿੱਚ ਚਾਹ, ਬਿਸਕੁਟ, ਫਲ ਆਦਿ ਦੇ ਲੰਗਰ ਅਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਗਾ ਕੇ ਸੰਗਤਾਂ ਦੀ ਸੇਵਾ ਕੀਤੀ ਗਈ।

ਸ੍ਰੀ ਗੁਰੂ ਨਾਨਕ ਦੇਵ ਜੀ ਤੇ ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਗੁਰਦੁਆਰਾ ਮਜਨੂੰ ਟਿੱਲਾ ਸਾਹਿਬ ਦਿੱਲੀ ਤੋਂ ਨਗਰ ਕੀਰਤਨ ਜੈਕਾਰਿਆਂ ਦੀ ਗੂੰਜ 'ਚ ਆਪਣੇ ਆਖਰੀ ਪੜਾਅ ਗੁਰਦੁਆਰਾ ਸਾਹਿਬ ਮਹਿਰੌਲੀ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਭਾਈ ਸੰਦੀਪ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਪੂਰਨ ਸਿੰਘ ਅਰਸ਼ੀ ਤੇ ਭਾਈ ਜਗਦੀਸ਼ ਸਿੰਘ ਵਡਾਲਾ ਦੇ ਢਾਡੀ ਜਥਿਆਂ ਵੱਲੋਂ ਅੰਮ੍ਰਿਤਮਈ ਬਾਣੀ ਦੇ ਕੀਰਤਨ ਅਤੇ ਬੀਰ-ਰਸੀ ਵਾਰਾਂ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

ਇਥੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜਿਨ੍ਹਾਂ ਨਾਲ ੭੦੦ ਦੇ ਕਰੀਬ ਸਿੰਘਾਂ ਨੂੰ ਗੜ੍ਹੀ ਗੁਰਦਾਸ ਨੰਗਲ ਤੋਂ ਮਹਿਰੌਲੀ ਤੀਕ ਸਮੇਂ ਦੀ ਮੁਗ਼ਲ ਹਕੂਮਤ ਨੇ ਬੰਦੀ ਬਣਾ ਕੇ ਲਿਆਂਦਾ ਅੱਜ ਉਸ ਮਹਾਨ ਜਰਨੈਲ ਦੀ ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸਜਾਇਆ ਜਾਣਾ ਸਿੱਖ ਕੌਮ ਲਈ ਬੜੇ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਅੰਤਲੇ ਸਮੇਂ ਸਿੱਖੀ ਸਿਦਕ ਨਾ ਛੱਡਦਿਆਂ ਬੇਬਾਕ ਹੋ ਕੇ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕਿ ਹਰ ਪਰਿਵਾਰ ਆਪਣੇ ਬੱਚਿਆਂ ਨੂੰ ਇਤਿਹਾਸ ਤੋਂ ਜਾਣੂ ਕਰਵਾਏ।

ਇਸ ਮੌਕੇ ਜਥੇਦਾਰ ਸੁੱਚਾ ਸਿੰਘ ਲੰਗਾਹ ਮੈਂਬਰ ਸ਼੍ਰੋਮਣੀ ਕਮੇਟੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੂੰ ਸਾਡੀ ਸੱਚੀ ਸ਼ਰਧਾਂਜਲੀ ਇਹ ਹੋਵੇਗੀ ਕਿ ਅਸੀਂ ਉਨ੍ਹਾਂ ਨੂੰ ਸਮਰਪਿਤ ਸਮਾਗਮਾਂ ਵਿੱਚ ਸ਼ਮੂਲੀਅਤ ਕਰਕੇ ਲਾਸਾਨੀ ਇਤਿਹਾਸ ਨੂੰ ਸਦਾ ਯਾਦ ਰਖੀਏ ਤਾਂ ਕਿ ਆਉਣ ਵਾਲੀ ਨਵੀਂ ਪੀੜ੍ਹੀ ਆਪਣੀ ਵਿਰਾਸਤ ਤੇ ਮਾਣ ਕਰ ਸਕੇ। ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਨੇ ਸਮੂਹ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਕਿਹਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਰਨ ਵਿੱਚ ਆਉਂਦਿਆਂ ਹੀ ਮਾਧੋ ਦਾਸ ਬੈਰਾਗੀ ਅੰਮ੍ਰਿਤ ਛਕ ਕੇ ਨਾ ਸਿਰਫ ਬਾਬਾ ਬੰਦਾ ਸਿੰਘ ਬਹਾਦਰ ਬਣਿਆ ਬਲਕਿ ਉਸ ਦਾ ਜੀਵਨ, ਸੁਭਾਅ, ਪਹਿਰਾਵਾ ਤੇ ਵਿਚਾਰ ਵੀ ਬਦਲ ਗਏ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਤੋਂ ਸਿੱਖਿਆ ਲੈਂਦਿਆਂ ਨੌਜਵਾਨ ਪੀੜ੍ਹੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੀ ਬਣੇ। ਇਸ ਤੋਂ ਇਲਾਵਾ ਸ. ਮਨਜੀਤ ਸਿੰਘ ਜੀ.ਕੇ. ਪ੍ਰਧਾਨ ਦਿੱਲੀ ਸਿੱਖ ਮੈਨੇਜਮੈਂਟ ਕਮੇਟੀ ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ ਵਧੀਕ ਸਕੱਤਰ ਸ਼੍ਰੋਮਣੀ ਕਮੇਟੀ ਨੇ ਵੀ ਸੰਬੋਧਨ ਕੀਤਾ। ਉਪਰੰਤ ਸਮਾਗਮ ਵਿੱਚ ਸ਼ਾਮਿਲ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।

ਗੁਰਦੁਆਰਾ ਮਜਨੂੰ ਟਿੱਲਾ ਸਾਹਿਬ ਦਿੱਲੀ ਤੋਂ ਨਗਰ ਕੀਰਤਨ ਚੌਂਕ ਖੈਬਰ, ਦਿੱਲੀ ਯੂਨੀਵਰਸਿਟੀ, ਮਾਲ ਰੋਡ, ਗੁਰੂ ਤੇਗ ਬਹਾਦਰ ਨਗਰ ਚੌਂਕ, ਸ਼ਾਂਤੀ ਨਗਰ, ਗੁਰਦੁਆਰਾ ਨਾਨਕ ਪਿਆਓ ਜੀ, ਰਾਣਾ ਪ੍ਰਤਾਪ ਬਾਗ, ਗੁੜ ਮੰਡੀ, ਸ਼ਕਤੀ ਨਗਰ ਚੌਂਕ, ਬਰਫਖਾਨਾ ਚੌਂਕ, ਸੈਂਟ ਸਟੀਫਨ ਹਸਪਤਾਲ, ਹਾਰਡਿੰਗ ਲਾਇਬ੍ਰੇਰੀ, ਪੁਰਾਣੀ ਦਿੱਲੀ ਰੇਲਵੇ ਸਟੇਸ਼ਨ, ਚਾਂਦਨੀ ਚੌਂਕ, ਲਾਲ ਕਿਲ੍ਹੇ ਤੋਂ ਸਲੀਮਗੜ੍ਹ, ਨੇਤਾ ਜੀ ਸੁਭਾਸ਼ ਚੰਦਰ ਰੋਡ, ਦਰਿਆ ਗੰਜ, ਦਿੱਲੀ ਗੇਟ, ਅੰਬੇਦਕਰ ਸਟੇਡੀਅਮ, ਆਈ.ਟੀ.ਓ. ਚੌਂਕ, ਪ੍ਰਗਤੀ ਮੈਦਾਨ, ਸੁੰਦਰ ਨਗਰ, ਗੁਰਦੁਆਰਾ ਦਮਦਮਾ ਸਾਹਿਬ, ਨਿਜਾਮੁਦੀਨ, ਭੋਗਲ, ਆਸ਼ਰਮ ਚੌਂਕ ਤੋਂ ਲਾਜਪਤ ਨਗਰ, ਸਾਊਥ ਐਕਸਟੈਂਸ਼ਨ, ਏਮਜ਼ ਮੌੜ ਤੋਂ ਗੁਰਦੁਆਰਾ ਸਾਹਿਬ ਗਰੀਨ ਪਾਰਕ, ਅਰਵਿੰਦੋ ਮਾਰਗ ਮਹਿਰੌਲੀ ਚੌਂਕ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਮਹਿਰੌਲੀ ਵਿਖੇ ਸੰਪੰਨ ਹੋਇਆ।

ਨਗਰ ਕੀਰਤਨ ਵਿੱਚ ਪਹਿਲੇ ਦਿਨ ਤੋਂ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਆਪਣੀ ਪੂਰੀ ਟੀਮ ਨਾਲ ਭੇਟਾ ਰਹਿਤ ਲਿਟਰੇਚਰ ਸੰਗਤਾਂ ਨੂੰ ਸਿੱਖੀ ਦੇ ਪ੍ਰਚਾਰ-ਪ੍ਰਸਾਰ ਵਜੋਂ ਵੰਡਿਆ ਜਾਂਦਾ ਰਿਹਾ। ਵੱਖ-ਵੱਖ ਥਾਵਾਂ 'ਤੇ ਪੁਲਿਸ ਦੇ ਜਵਾਨਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਲਾਮੀ ਦਿੱਤੀ ਗਈ।

ਨਗਰ ਕੀਰਤਨ ਦੌਰਾਨ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ, ਸ. ਸੁਰਜੀਤ ਸਿੰਘ ਭਿੱਟੇਵਢ ਤੇ ਸ. ਵੀਰ ਸਿੰਘ ਲੋਪੋਕੇ, ਸ. ਗੁਰਿੰਦਰਪਾਲ ਸਿੰਘ ਗੋਰਾ, ਜਥੇਦਾਰ ਰਤਨ ਸਿੰਘ ਜਫਰਵਾਲ, ਸ. ਸੱਜਣ ਸਿੰਘ ਬੱਜੂਮਾਨ, ਸ. ਗੁਰਨਾਮ ਸਿੰਘ ਜੱਸਲ, ਸ. ਕਸ਼ਮੀਰ ਸਿੰਘ ਬਰਿਆਰ, ਸ. ਬਖਸ਼ੀਸ਼ ਸਿੰਘ ਧਾਰੋਵਾਲੀ, ਸ. ਅਮਰੀਕ ਸਿੰਘ ਵਿਛੋਆ, ਬਾਬਾ ਨਿਰਮਲ ਸਿੰਘ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਵਿਰਸਾ ਸਿੰਘ ਵਲਟੋਹਾ ਵਿਧਾਇਕ, ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ, ਸੰਤ ਜਗਜੀਤ ਸਿੰਘ ਜੀ ਹਰਖੋਵਾਲ, ਸ. ਸਵਰਨ ਸਿੰਘ ਕੁਲਾਰ, ਸ. ਬਲਦੇਵ ਸਿੰਘ ਕਲਿਆਣ, ਸ. ਸ਼ਿੰਗਾਰਾ ਸਿੰਘ ਲੋਹੀਆਂ, ਬੀਬੀ ਗੁਰਮੀਤ ਕੌਰ, ਬੀਬੀ ਉਪਿੰਦਰਜੀਤ ਕੌਰ, ਸ. ਹਰਜਿੰਦਰ ਸਿੰਘ ਲੱਲੀਆਂ, ਸ. ਸਰੂਪ ਸਿੰਘ ਢੇਸੀ, ਸ. ਹਰਪਾਲ ਸਿੰਘ ਜੱਲਾ, ਠੇਕੇਦਾਰ ਕੰਵਲ ਇੰਦਰ ਸਿੰਘ, ਬੀਬੀ ਰਜਿੰਦਰ ਕੌਰ, ਸ. ਪ੍ਰਿਤਪਾਲ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਦੂਖ ਨਿਵਾਰਨ ਸਾਹਿਬ, ਸ. ਬਲਵਿੰਦਰ ਸਿੰਘ ਲਾਇਲਪੁਰੀ, ਸ. ਇੰਦਰਜੀਤ ਸਿੰਘ ਮੱਕੜ, ਸ. ਮਨਿੰਦਰਪਾਲ ਸਿੰਘ ਮੱਕੜ, ਸ. ਕ੍ਰਿਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ, ਬਾਬਾ ਬਲਬੀਰ ਸਿੰਘ ੯੬ ਕਰੋੜੀ, ਸ. ਕਰਨੈਲ ਸਿੰਘ ਪੰਜੋਲੀ, ਸੰਤ ਸੁਖਜਿੰਦਰ ਸਿੰਘ, ਸੰਤ ਜਰਨੈਲ ਸਿੰਘ ਆਹਲੋਵਾਲ, ਸ. ਗੁਰਦੀਪ ਸਿੰਘ ਭਾਨੋਖੇੜੀ, ਜਥੇਦਾਰ ਬਲਦੇਵ ਸਿੰਘ ਯਮੁਨਾਨਗਰ, ਜਥੇਦਾਰ ਬਲਦੇਵ ਸਿੰਘ ਖਾਲਸਾ ਹਿਸਾਰ, ਜਥੇਦਾਰ ਜਗਸੀਰ ਸਿੰਘ ਮਾਂਗੇਆਣਾ, ਬੀਬੀ ਮਨਜੀਤ ਕੌਰ ਯਮੁਨਾਨਗਰ, ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵੱਲੋਂ ਬਾਬਾ ਨਾਗਰ ਸਿੰਘ, ਬਾਬਾ ਮੱਖਣ ਸਿੰਘ ਤਰਨਾ ਦਲ, ਬਾਬਾ ਜੋਗਾ ਸਿੰਘ ਕਰਨਾਲ ਵਾਲੇ, ਸ. ਦਰਸ਼ਨ ਸਿੰਘ ਸ਼ਿਵਾਲਿਕ, ਸ. ਹਰਪ੍ਰੀਤ ਸਿੰਘ ਸ਼ਿਵਾਲਿਕ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸਕੱਤਰ ਡਾ. ਰੂਪ ਸਿੰਘ ਤੇ ਸ. ਮਨਜੀਤ ਸਿੰਘ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਹਰਭਜਨ ਸਿੰਘ ਮਨਾਵਾਂ, ਸ. ਮਹਿੰਦਰ ਸਿੰਘ ਆਹਲੀ, ਸ. ਕੇਵਲ ਸਿੰਘ, ਸ. ਪਰਮਜੀਤ ਸਿੰਘ ਸਰੋਆ, ਸ. ਪ੍ਰਤਾਪ ਸਿੰਘ ਤੇ ਸ. ਬਿਜੈ ਸਿੰਘ, ਸ. ਪਰਮਜੀਤ ਸਿੰਘ ਮੁੰਡਾਪਿੰਡ ਨਿਜੀ ਸਹਾਇਕ, ਮੀਤ ਸਕੱਤਰ ਸ. ਜਗਜੀਤ ਸਿੰਘ, ਸ. ਸੰਤੋਖ ਸਿੰਘ, ਸ. ਕੁਲਵਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਜਸਵਿੰਦਰ ਸਿੰਘ ਦੀਨਪੁਰ, ਸ. ਹਰਜੀਤ ਸਿੰਘ ਲਾਲੂ ਘੁੰਮਣ, ਸ. ਗੁਰਮੀਤ ਸਿੰਘ ਬੁੱਟਰ, ਸ. ਸਕੱਤਰ ਸਿੰਘ, ਸ. ਮਹਿੰਦਰ ਸਿੰਘ, ਸ. ਸਤਿੰਦਰ ਸਿੰਘ, ਸ. ਸਿਮਰਜੀਤ ਸਿੰਘ, ਸ. ਚਾਨਣ ਸਿੰਘ, ਸ. ਤਰਵਿੰਦਰ ਸਿੰਘ ਤੇ ਸ. ਹਰਿੰਦਰਪਾਲ ਸਿੰਘ, ਸ. ਸੁਲੱਖਣ ਸਿੰਘ ਮੈਨੇਜਰ, ਸ. ਸੁਖਵਿੰਦਰ ਸਿੰਘ ਗਰੇਵਾਲ ਪੀ.ਏ. ਅਤੇ ਸ਼੍ਰੋਮਣੀ ਕਮੇਟੀ ਦੇ ਸਟਾਫ ਤੇ ਸੰਗਤਾਂ ਨੇ ਸੇਵਾਵਾਂ ਨਿਭਾਈਆਂ।

■

ਅੰਮ੍ਰਿਤ ਛਕੋ

ਸਿੰਘ ਸਜੋ

ਹਿਸਾਬ-ਕਿਤਾਬ

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਅਪ੍ਰੈਲ ੨੦੧੬

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ਸਸਪੈਂਸ | ੪ | | ੭੪੦੪੫੭੧੧੧.੦੦ |
| ੨ | ਧਾਰਮਿਕ ਫੰਡ ੮੫ | ੫ | ੬੬੬੭੮੧੩੫੩.੦੦ | ੨੫੨੬੦੨੬੯.੦੦ |
| ੩ | ਧਾਰਮਿਕ ਫੰਡ ੮੭ | ੩੮ | ੭੩੬੭੫੭੫੮.੦੦ | ੨੯੨੫੧੭੦.੦੦ |
| ੪ | ਪ੍ਰਚਾਰ ਸਹਾਇਤਾ | ੬੩ | | ੧੦੮੦੦.੦੦ |
| ੫ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ੍ਰੀਦ) | ੮੯ | ੧੩੧੪੭੬੮.੦੦ | |
| ੬ | ਧਾਰਮਿਕ ਪ੍ਰੀਖਿਆ ਵਜੀਫੇ | ੧੦੯ | ੪੦੭੮੭੫.੦੦ | |
| ੭ | ਪੱਤਰ-ਵਿਹਾਰ ਕੋਰਸ ਤੇ ਖੋਜ ਕੇਂਦਰ | ੧੬੯ | ੩੮੫੧੯੩.੦੦ | ੧੦੦.੦੦ |
| ੮ | ਧਰਮ ਤੇ ਅੰਮ੍ਰਿਤ ਪ੍ਰਚਾਰ | ੧੯੦ | ੭੬੩੧੦੮.੦੦ | ੫੮੫੪੭.੦੦ |
| ੯ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੨੦ | ੧੩੭੭੮੦੫.੦੦ | ੩੦੭੦੦.੦੦ |
| ੧੦ | ਗੁਰਮਤਿ ਗਿਆਨ ਹਿੰਦੀ | ੨੬੭ | ੨੧੩੬੫੧.੦੦ | ੩੦੦.੦੦ |
| ੧੧ | ਤਨਖਾਹ ਸਟਾਫ ਦਫਤਰ | ੨੯੫ | ੩੬੭੬੫੪੯.੦੦ | |
| ੧੨ | ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ | ੩੦੫ | ੬੩੨੭੫੦.੦੦ | |
| ੧੩ | ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼ | ੩੧੩ | ੬੧੧੭੧੧.੦੦ | |
| ੧੪ | ਤਨਖਾਹ ਧਾਰਮਿਕ ਟੀਚਰ | ੩੨੧ | ੬੨੭੮੯੧.੦੦ | |
| ੧੫ | ਡਾਕ ਤੇ ਤਾਰ ਖਰਚ | ੩੨੭ | ੬੮੧੪.੦੦ | |
| ੧੬ | ਫਿਲਮਾਂ ਰਾਹੀਂ ਪ੍ਰਚਾਰ(ਤਨਖਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ) | ੩੩੬ | ੧੮੧੩੫੩.੦੦ | |
| ੧੭ | ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੩੫੬ | ੨੦੪੦੯੦.੦੦ | |
| ੧੮ | ਟੈਲੀਫੋਨ | ੩੮੩ | ੭੦੫੩.੦੦ | |
| ੧੯ | ਮੁਰੰਮਤ ਸਮਾਨ ਦਫਤਰ | ੪੦੩ | ੩੩੧੫.੦੦ | |
| ੨੦ | ਵਰਦੀਆਂ ਮੁਲਾਜਮਾਂ | ੪੨੧ | ੬੨੧੫੦.੦੦ | |
| ੨੧ | ਸਫਰ ਖਰਚ ਮੁਲਾਜਮਾਂ | ੪੩੩ | ੪੧੯੫.੦੦ | |
| ੨੨ | ਫੁਟਕਲ ਦਫਤਰ ਤੇ ਰੋਸ਼ਨੀ | ੪੪੯ | ੧੮੨੨੦.੦੦ | ੧੦੦੦੦.੦੦ |
| ੨੩ | ਬੀਮਾ ਗੱਡੀਆਂ ਤੇ ਕੈਸ਼ | ੪੭੧ | ੧੬੬੮੪.੦੦ | |

| | | | |
|---|---|---|---|
| ੨੪ ਬੀਮਾ ਪੇਸ਼ਗੀ ਮੁਲਾਜਮਾਂ ਐਕਸੀਡੈਂਟਲ | ੫੦੩ | | ੪੪੭.੦੦ |
| ੨੫ ਬੀਮਾ ਪੇਸ਼ਗੀ ਮੁਲਾਜਮਾਂ ਮੈਡੀਕਲੇਮ | ੫੧੩ | | ੪੮੬੭.੦੦ |
| ੨੬ ਗਰੈਚੁਇਟੀ ਤੇ ਛੁੱਟੀਆਂ ਆਦਿ (ਸ਼੍ਰੋਮਣੀ ਕਮੇਟੀ ਨੂੰ) | ੫੨੩ | ੬੫੦੦੦੦੦.੦੦ | |
| ੨੭ ਸ਼ਤਾਬਦੀਆਂ ਸਮਾਰੋਹ | ੫੨੭ | ੨੬੧੦੦.੦੦ | |
| ੨੮ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੌਹੜ | ੫੭੭ | ੬੪੧੬੬੪.੦੦ | ੧੪੦੩੫.੦੦ |
| ੨੯ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੫੮੭ | ੨੭੧੭੯੯.੦੦ | ੭੩੨੬.੦੦ |
| ੩੦ ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜਪੁਰ | ੬੦੯ | ੭੬੦੦੬.੦੦ | |
| ੩੧ ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੬੧੯ | ੧੦੨੬੨੬.੦੦ | |
| ੩੨ ਗੁਰ:ਸੰਗੀਤ ਵਿਦਿਆਲੇ:(ਬਾਦੀਆਂ,ਮੁਕਤਸਰ ਸਾਹਿਬ, ਭੂਰਾ ਕੋਹਨਾ, ਕਾਲਾਮਾਲਾ ਸੰਗਰੂਰ) ਤਨ:, ਸ:ਖ: ਤੇ ਫੁਟ:ਆਦਿ | ੬੨੯ | ੩੨੧੧੩੨.੦੦ | |
| ੩੩ ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ ਬਰਨਾਲਾ ਤੇ ਡੇਰਾ ਬਾਬਾ ਨਾਨਕ ,ਭਾਈ ਗੁਰਦਾਸ ਵਿਦਿ:ਆਲਮਗੀਰ) ਤਨਖਾਹਾਂ, ਸਫਰ ਖਰਚ ਤੇ ਫੁਟਕਲ ਆਦਿ | ੬੪੫ | ੪੨੬੫੧੫.੦੦ | |
| ੩੪ ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ | ੬੭੧ | ੩੪੮੦੦.੦੦ | |
| ੩੫ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ, (ਤਨਖਾਹਾਂ,ਆਨਰੇਰੀਅਮ ਤੇ ਫੁਟਕਲ ਆਦਿ) | ੬੭੫ | ੪੪੩੫੪੨.੦੦ | |
| ੩੬ ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੦੧ | ੪੩੫੪੨੩੭.੦੦ | ੬੦੦੦੦.੦੦ |
| ੩੭ ਸਫਰ ਖਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੧੩ | ੨੫੫੧੧੮.੦੦ | ੬੯੧੫.੦੦ |
| ੩੮ ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੭੩੩ | ੨੨੫੬੫੫.੦੦ | |
| ੩੯ ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖਰਚੇ | ੭੬੬ | | ੩੨੭੮੯੪.੦੦ |
| ੪੦ ਇਮਾਰਤ ਗੁਰਮਤਿ ਕਾਲਜ ਡੇਰਾ ਬਾਬਾ ਨਾਨਕ | ੮੩੨ | ੮੪੦੬੮੦.੦੦ | ੬੬੭੮੫.੦੦ |

| | | | |
|---|---|---|---|
| ੪੧ ਖਾਲਸਾ ਸਕੂਲ ਚਿੱਟੀ ਸਿੰਘਪੁਰਾ ਅਨੰਤ ਨਾਗ ਜੰਮੂ-ਕਸ਼ਮੀਰ (ਠੇਕੇਦਾਰਾਂ) | ੮੬੯ | ੪੫੭੯੦੪੨.੦੦ | |
| ੪੨ ਖਾਲਸਾ ਸਕੂਲ ਚਿੱਟੀ ਸਿੰਘਪੁਰਾ ਅਨੰਤ ਨਾਗ ਜੰਮੂ ਕਸ਼ਮੀਰ (ਸੀਮਿੰਟ) | ੮੭੦ | | ੪੧੬੯੧੦.੦੦ |
| ੪੩ ਖਾਲਸਾ ਸਕੂਲ ਚਿੱਟੀ ਸਿੰਘਪੁਰਾ ਅਨੰਤ ਨਾਗ ਜੰਮੂ-ਕਸ਼ਮੀਰ (ਸਰੀਆ) | ੮੭੧ | | ੬੫੭੫੦੦.੦੦ |
| ੪੪ ਸਮਾਨ ਦਫਤਰ ਧਰਮ ਪ੍ਰਚਾਰ | ੮੮੩ | ੫੬੬੩੦.੦੦ | |
| ੪੫ ਸਮਾਨ ਗੁਰਮਤਿ ਸੰ: ਵਿਦਿਆਲਾ ਭੂਰਾ ਕੋਹਨਾ | ੯੧੪ | ੨੪੦੩੮.੦੦ | |
| ੪੬ ਸਮਾਨ ਸਬ-ਆਫਿਸ ਤਲਵੰਡੀ ਸਾਬੋ ਕੀ ਬਠਿੰਡਾ | ੯੧੯ | ੧੫੭੦੦.੦੦ | |
| ੪੭ ਕਰਜਾ ਗੋਲਡਨ ਆਫਸੈਟ ਪ੍ਰੈਸ ਰਾਮਸਰ | ੯੩੩ | | ੨੦੦੦੦੦.੦੦ |
| ੪੮ ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੧੦੦੧ | ੩੫੫੦੯੫.੦੦ | |
| ੪੯ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੧੦੧੭ | ੨੪੨੫੩.੦੦ | |
| ੫੦ ਗੁਰ:ਵਿਦਿਆਲਾ ਸ਼ੇਖੁਪੁਰਾ ਮੰਚੂਰੀ, ਕਰਨਾਲ ਤਨ:, ਵਜੀ:,ਸ:ਖਰਚ ਤੇ ਫੁਟ: | ੧੦੩੫ | ੧੧੦੬੫੩.੦੦ | |
| ੫੧ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ,ਬਿੱਲ ਅਤੇ ਫੁਟਕਲ ਆਦਿ) ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, (ਊਨਾ) | ੧੦੪੭ | ੧੦੨੮੨੨.੦੦ | |
| ੫੨ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ, ਬਿੱਲ ਅਤੇ ਫੁਟਕਲ ਆਦਿ) ਰਾਜਿਸਥਾਨ ਸਿੱਖ ਮਿਸ਼ਨ (ਬੁੱਢਾ ਜੌਹੜ) | ੧੦੫੮ | ੪੫੨੨੦.੦੦ | |
| ੫੩ ਤਨ:ਸਫਰ ਖਰਚ ਸਟਾਫ਼ ਯੂ:ਪੀ:,ਦਿੱਲੀ ਅਤੇ ਮੱਧ ਪ੍ਰਦੇਸ਼ ਮਿਸ਼ਨ | ੧੦੬੭ | ੯੧੪੪੨੭.੦੦ | |
| ੫੪ ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ, ਖਰਚ ਗੱਡੀਆਂ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੭੯ | ੨੧੦੭.੦੦ | |
| ੫੫ ਸ੍ਰੀ ਗੁਰੂ ਰਾਮ ਦਾਸ ਜੀ ਗੁਰਮਤਿ ਵਿਦਿਆਲਾ ਸ਼ਾਹਜਹਾਨਪੁਰ (ਯੂ.ਪੀ) | ੧੧੦੯ | ੯੩੯੪੦.੦੦ | |
| ੫੬ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ | | | |

| | | | |
|---|---|---|---|
| ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ (ਬਿੱਲ ਫੁਟਕਲ ਆਦਿ) ਅਹਿਮਦਾਬਾਦ, ਗੁਜਰਾਤ | ੧੧੫੧ | ੨੭੯੬੩.੦੦ | |
| ੫੭ ਤਨ: ਤੇ ਸਫ਼ਰ ਖ਼ਰਚ ਸਟਾਫ਼ ਛਤੀਸਗੜ੍ਹ ਸਿੱਖ ਮਿਸ਼ਨ ਬਿੱਲ ਫੁਟਕਲ ਆਦਿ | ੧੧੬੩ | ੧੦੧੯੨੭.੦੦ | |
| ੫੮ ਗੁਰੂ ਨਾਨਕ ਦੇਵ ਗੁ:ਵਿਦਿ: ਛਤੀਸਗੜ੍ਹ ਮਿਸ਼ਨ (ਤਨ:ਸਫਖਰਚ ਅਤੇ ਬਿੱਲ ਆਦਿ) | ੧੧੭੫ | ੯੩੭੫੬.੦੦ | |
| ੫੯ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੮੯ | ੧੧੭੪੧੩.੦੦ | |
| ੬੦ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੯੯ | ੧੬੩੫੨.੦੦ | |
| ੬੧ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ ਸਿੱਖ ਮਿਸ਼ਨ, ਫੁਟਕਲ ਆਦਿ (ਕਾਸ਼ੀਪੁਰ) | ੧੨੧੧ | ੨੯੫੨੪੪.੦੦ | |
| ੬੨ ਤਨਖਾਹ ,ਸਫਰ ਖਰਚ ਆਦਿ ਸਿੱਖ ਮਿਸ਼ਨ ਨੇਪਾਲ | ੧੨੨੭ | ੨੮੭੪੪.੦੦ | ੫੦੦੦.੦੦ |
| ੬੩ ਸਹਾਇਤਾ ਗੁਰਦੁਆਰਾ ਸਾਹਿਬਾਨ | ੧੨੫੪ | ੧੦੦੦੦.੦੦ | |
| ੬੪ ਸਹਾਇਤਾ ਗੁਰੂ ਕਾਸ਼ੀ ਕਾਲਜ ਆਫ ਸਿੱਖ ਸਟੱਡੀਜ ਤਲਵੰਡੀ ਸਾਬੋ ਕੀ (ਬਠਿੰਡਾ) | ੧੨੭੫ | ੧੦੯੬੧੮.੦੦ | |
| ੬੫ ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ | ੧੨੯੫ | ੩੫੨੧੬.੦੦ | |
| ੬੬ ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ ਸਿੱਖ ਸ਼ਸ਼ਤਰ ਵਿਦਿਆ (ਗਤਕਾ) | ੧੩੦੯ | ੧੫੨੪੯੪੦.੦੦ | |
| ੬੭ ਸਹਾਇਤਾ ਕੁਦਰਤੀ ਆਫਤਾਂ, ਕੈਂਸਰ ਰਲੀਫ ਫੰਡ (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੫੩ | | ੨੬੭੮.੦੦ |
| ੬੮ ਸਹਾਇਤਾ ਯਾਦਗਾਰੀ ਪ੍ਰੋਜੈਕਟ ਤੇ ਇਤਿਹਾਸਕ ਇਮਾਰਤਾਂ | ੧੩੬੭ | ੩੨੬੩੧੧੦.੦੦ | ੫੮੬੭੩੬.੦੦ |
| ੬੯ ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਿਵਾਨਾ ਨੂੰ ਸਨਮਾਨਤ | ੧੩੭੩ | ੧੦੯੫੦੦.੦੦ | |
| ੭੦ ਸਹਾਇਤਾ ਮੁਫਤ ਵਿਦਿਆ ਅੰਮ੍ਰਿਤਧਾਰੀ ਵਿਦਿਆਰਥੀ (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੮੫ | ੩੬੨੦੦੦.੦੦ | |
| ੭੧ ਆਮਦਨ ਕਰ | ੧੪੩੩ | | ੧੨੧੫੦੦.੦੦ |

| | | | |
|---|---|---|---|
| ੭੨ ਟੀ.ਡੀ.ਐਸ. (ਅਦਾਇਗੀ ਯੋਗ) | ੧੪੫੧ | ੧੩੫੦.੦੦ | ੧੬੫੯੫੭.੦੦ |
| ੭੩ ਸੇਲ ਟੈਕਸ | ੧੪੭੧ | | ੨੦੮੬੧੦.੦੦ |
| ੭੪ ਸਹਾਇਤਾ ਭਾਈ ਨਗਾਹੀਆ ਜੀ ਪਬ:ਸਕੂਲ | | | |
| ਫਾਰ ਡੈਫ ਆਲਮਗੀਰ ਲੁਧਿਆਣਾ | ੧੪੮੧ | ੨੬੦੮੦.੦੦ | |
| ੭੫ ਅਣਦਿੱਤੀ ਤਨਖਾਹ | ੧੫੦੧ | ੫੭੬੦੯.੦੦ | ੯੩੭੨੨.੦੦ |
| ੭੬ ਅਣਦਿੱਤੇ ਬਿਲਜ਼ | ੧੫੧੯ | | ੧੦੦੦.੦੦ |
| ੭੭ ਅਮਾਨਤ ਕਿਰਾਇਆ ਤੇ ਬਿਜਲੀ | | | |
| ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੧੫੪੭ | ੭੩੬੪੮.੦੦ | ੭੩੬੪੮.੦੦ |
| ੭੮ ਅਮਾਨਤ ਕਿਰਾਇਆ ਸ੍ਰੀ ਫਤਹਿਗੜ੍ਹ ਸਾਹਿਬ | ੧੫੭੧ | | ੧੬੪੨.੦੦ |
| ੭੯ ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ | ੧੫੭੭ | | ੨੨੧੬੬.੦੦ |
| ੮੦ ਅਮਾਨਤ ਮੁਲਾਜਮਾਂ | ੧੫੯੭ | ੫੯੫੦.੦੦ | |
| ੮੧ ਅਮਾਨਤ ਸ਼੍ਰੋਮਣੀ ਕਮੇਟੀ | ੧੬੨੩ | ੨੨੨੮੫.੦੦ | ੨੨੨੮੫.੦੦ |
| ੮੨ ਪੇਸ਼ਗੀ ਜਨਰਲ | ੧੬੫੫ | ੭੧੪੮੭੬੬.੦੦ | ੫੩੨੭੬੮੭.੦੦ |
| ੮੩ ਪੇਸ਼ਗੀ ਹਥਿਆਰ | ੧੭੨੧ | | ੧੪੦੦.੦੦ |
| ੮੪ ਪੇਸ਼ਗੀ ਤਨਖਾਹ | ੧੭੨੮ | ੮੬੫੫੦੦.੦੦ | ੩੦੦੦੦.੦੦ |
| ੮੫ ਕਿਰਾ: ਦੁਕਾਨਾਂ ਤੇ ਫਲੈਟਸ ਸਿੱਖ ਮਿਸ਼ਨ ਹਰਿਆਣਾ | ੧੭੮੮ | ੩੬੯੫੬੩.੦੦ | |
| ੮੬ ਜਾਇਦਾਦ ਕਿਰਾਇਆ ਸਿੱਖ ਮਿਸ਼ਨ ਹਰਿਆਣਾ | ੧੭੯੧ | | ੩੬੯੫੬੩.੦੦ |
| ੮੭ ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੧੭੯੭ | ੨੯੪੭੯੨.੦੦ | ੬੭੮੬.੦੦ |
| ੮੮ ਜਾਇਦਾਦ ਯੂ.ਪੀ. ਸਿੱਖ ਮਿਸ਼ਨ ਹਾਪੜ | ੧੮੦੭ | | ੨੯੪੭੯੨.੦੦ |
| ੮੯ ਪ੍ਰੋ: ਫੰਡ ਸਟਾਫ਼ | ੨੦੦੨ | ੧੭੫੪੪੮੦.੦੦ | ੧੭੫੫੯੦੬.੦੦ |
| ੯੦ ਕਰਜਾ ਪ੍ਰੋ: ਫੰਡ | ੨੦੩੧ | ੮੫੭੦੦.੦੦ | ੮੫੭੦੦.੦੦ |
| ੯੧ ਸੇਫ਼ ਖਾਤਾ | ੨੦੪੧ | | ੧੦੦੦੦੦੦.੦੦ |
| ੯੨ S.B A/c No.੬੫੦੩੮੬੦੦੪੯੦ SBP, | | | |
| ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੦੪੬ | ੧੦੦੫੦੦੦੦.੦੦ | ੧੧੭੧੫੧੮੧.੦੦ |
| ੯੩ S.B A/c No.੦੦੯੭੬੦੦੦/੦੦੭੦੧੨੭ PNB, | | | |
| ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੧੦੧ | | ੧੩੫੦.੦੦ |
| ੯੪ S.B A/c No.੭੪੭੯੦੦੦/੦੦੦੦੮੭੩੨ PNB, | | | |
| ਸਰਾਂਏ, ਅੰਮ੍ਰਿਤਸਰ | ੨੧੧੫ | ੫੦੦੦੦੦.੦੦ | ੫੬੯੫੬੨੩.੦੦ |
| ੯੫ S.B A/c No.੧੩੧੩੧੦੦੦੦੧੭੯੬੬ HDFC, | | | |
| ਗੋਲਡਨ ਟੈਂਪਲ, ਅੰਮ੍ਰਿਤਸਰ | ੨੧੩੬ | ੧੧੭੯੫੩੨੭.੨੫ | ੧੦੫੬੬੪੫੬.੦੦ |

| | | | |
|---|---|---|---|
| ੯੬ S.B A/c No.੨੪੮੦ PSB, ਸਰਾਂਏ ਅੰਮ੍ਰਿਤਸਰ | ੨੧੬੬ | ੧੭੩੮੮੨੮.੦੦ | ੫੫੯੪੩੭੨.੦੦ |
| ੯੭ S.B A/c No.੨੦੧੬੫੭੧੭੯੮੫ Allahabad Bank, ਕਟੜਾ ਆਹਲੂਵਾਲੀਆ, ਅੰਮ੍ਰਿਤਸਰ | ੨੨੩੯ | ੩੦੦੦੦੦.੦੦ | |
| ੯੮ S.B A/c No.੨੪੦੦੦ Indian Overseas Bank, ਹਾਲ ਬਜਾਰ, ਅੰਮ੍ਰਿਤਸਰ | ੨੨੫੩ | ੨੬੪੫੦.੦੦ | |
| ੯੯ S.B A/c No.੦੦੬੬੦੧੦੦੩੨੩੩ ICICI Bank, ਮਾਲ ਰੋਡ, ਅੰਮ੍ਰਿਤਸਰ | ੨੨੭੩ | | ੧੦੧੬੭੫੪੧.੦੦ |
| ੧੦੦ S.B A/c No.੯੧੧੦੧੦੦੩੦੩੭੪੬੭੨ Axis Bank, ਕੋਰਟ ਰੋਡ, ਅੰਮ੍ਰਿਤਸਰ | ੨੨੭੯ | ੨੦੨੦੦੦੦੦.੦੦ | ੧੮੪੦੧੮੦.੦੦ |
| ੧੦੧ S.B A/c No.੭੫੦੧੦੧੦੧੧੦੦੧੭੨੪ ਵਿਜੈ ਬੈਂਕ ਮਾਲਵੀਆ ਰੋਡ | ੨੨੮੯ | ੨੫੦੦੦੦੦.੦੦ | |
| ੧੦੨ S.B A/c No. ੦੮੧੧੬੫੫੬੪੨ ਕੋਟਿਕ ਮਹਿੰਦਰਾ ਬੈਂਕ ਮਾਲ ਰੋਡ | ੨੩੦੩ | | ੧੦੩੩੯੦੩੫.੦੦ |
| ੧੦੩ ਕਮਿਸ਼ਨ ਬੈਂਕਾਂ | ੨੩੮੧ | | ੨੮੬.੨੫ |
| ੧੦੪ ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੩੮੭ | ੬੨੨੦.੦੦ | ੪੩੩੭੭੨.੦੦ |
| ੧੦੫ ਜਮਾਨਤ ਵਿਦਿਆਰਥੀਆਂ | ੨੪੦੫ | ੧੮੦੦੦.੦੦ | ੭੨੦੦.੦੦ |
| ੧੦੬ ਜਮਾਨਤਾਂ ਮੁਲਾਜਮਾਂ | ੨੪੨੫ | ੨੭੫੯੯.੦੦ | ੭੫੦੦.੦੦ |
| ੧੦੭ ਕੈਸ਼ ਹੋਣ ਯੋਗ ਚੈਕਸ (ਅਦਾਇਗੀ ਯੋਗ) | ੨੪੪੨ | ੧੮੫੦੦੦.੦੦ | |
| | **ਜੋੜ** | ੮੩੫੯੬੫੦੧੭.੨੫ | ੮੩੭੦੬੦੯੫੦.੨੫ |
| | **ਹੱਥ ਦੀ ਬਾਕੀ** | ੧੦੯੫੯੩੩.੦੦ | |
| | **ਕੁਲ ਜੋੜ** | ੮੩੭੦੬੦੯੫੦.੨੫ | ੮੩੭੦੬੦੯੫੦.੨੫ |

ਸਹੀ/- ਸਹੀ/-

ਚੀਫ ਅਕਾਊਂਟੈਂਟ, ਐਡੀ. ਸਕੱਤਰ,

ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖਰਚ ਜਨਰਲ ਬੋਰਡ ਫੰਡ, ਮਹੀਨਾ ਨਵੰਬਰ ੨੦੧੫

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | **ਜਨਰਲ ਲੈਜਰ ਨੰ:੧** | | | |
| ੧ | ਦਸਵੰਧ ਸੈਕਸ਼ਨ-੮੫ | ੧੩ | | ੭੭੦੩੪੫੭.੦੦ |
| ੨ | ਦਸਵੰਧ ਸੈਕਸ਼ਨ-੮੭ | ੮੫ | | ੧੧੫੯੭੦੦.੦੦ |
| ੩ | ਵਿਕਰੀ ਸਟੇਸ਼ਨਰੀ /ਸਟਾਕ ਸਟੇਸ਼ਨਰੀ | ੧੨੪ | | ੭੬੯.੦੦ |
| ੪ | ਆਮਦਨ ਗੁਰਦੁਆਰਾ ਗਜ਼ਟ | ੧੩੬ | | ੪੪੦.੦੦ |
| ੫ | ਖਰਚ ਗੁਰਦੁਆਰਾ ਗਜ਼ਟ | ੧੪੪ | ੭੦੦੫੫.੦੦ | |
| ੬ | ਕਿਰਾਇਆ ਕੁਆਰਟਰ (ਮੁਲਾਜਮਾਂ) | ੧੫੩ | | ੨੦੭੮੬.੦੦ |
| ੭ | ਐਂਟਰਟੇਨਮੈਂਟ | ੧੬੪ | ੧੬੬੨੧.੦੦ | |
| ੮ | ਖਰਚ ਸਬ-ਆਫਿਸ, ਚੰਡੀਗੜ੍ਹ | ੧੮੪ | ੯੦੩੭੦੫.੦੦ | |
| ੯ | ਖਰਚ ਸ੍ਰੀ ਕਲਗੀਧਰ ਨਿਵਾਸ,ਚੰਡੀਗੜ੍ਹ | ੧੯੨ | ੨੧੫੭੩੯.੦੦ | |
| ੧੦ | ਇਮਾਰਤ ਤੇ ਖਰਚ ਦਰੀਆਂ ਤੇ ਗਲੀਚੇ ਤੇਜਾ ਸਿੰਘ ਸਮੁੰਦਰੀ ਹਾਲ | ੧੯੮ | ੮੪੮੬੦.੦੦ | |
| ੧੧ | ਸਟੇਸ਼ਨਰੀ ਦਫਤਰ | ੨੦੩ | ੧੧੧੦੦੦.੦੦ | |
| ੧੨ | ਸਮਾਨ ਤੇ ਫਰਨੀਚਰ ਦਫਤਰ | ੨੧੪ | ੪੫੯੦੭.੦੦ | |
| ੧੩ | ਮੁਰੰਮਤ ਸਮਾਨ | ੨੨੩ | ੧੭੯੯੦.੦੦ | |
| ੧੪ | ਮੁਕਦੱਮੇ ਸਮੇਤ ਖਰਚ ਸਿੱਖ ਜੁਡੀਸ਼ਲ ਕਮਿਸ਼ਨ | ੨੩੮ | ੧੩੫੦੯੧੩.੦੦ | ੨੫੦੦੦.੦੦ |
| ੧੫ | ਸਫਰ ਖਰਚ ਮੁਲਾਜਮਾਂ | ੩੦੯ | ੨੧੬੨੨੩.੦੦ | |
| ੧੬ | ਕਾਰ ਖਰਚ | ੩੮੭ | ੫੪੫੪੯੫.੦੦ | |
| ੧੭ | ਪਬਲੀਸਿਟੀ | ੪੧੮ | ੩੭੧੧੨੫੫.੦੦ | |
| ੧੮ | ਫੁਟਕਲ | ੪੩੬ | ੩੮੯੮੦.੦੦ | ੧੧੦੦.੦੦ |
| ੧੯ | ਕੰਪਿਊਟਰ | ੪੪੯ | ੨੯੭੦੦.੦੦ | |
| ੨੦ | ਡਾਕ ਤੇ ਤਾਰ ਖਰਚ | ੪੬੦ | ੨੩੮੧੮.੦੦ | |

| | | | |
|---|---|---|---|
| ੨੧ ਸਮਾਨ ਕੰਪਿਊਟਰ | ੪੭੨ | ੧੩੧੫੦.੦੦ | |
| ੨੨ ਜਮੀਨ ਜਾਇਦਾਦ ਜਨਰਲ ਸ਼ਿਵਦੇਵ ਸਿੰਘ ਦੀਵਾਨ ਗੁਰਬਚਨ ਸਿੰਘ ਖਾਲਸਾ ਕਾਲਜ ਪਟਿਆਲਾ | ੫੦੦ | ੩੭੫੩੪੫੦੦.੦੦ | |

**ਜਨਰਲ ਲੈਜਰ ਨੰ:੨**

| | | | |
|---|---|---|---|
| ੨੩ ਟੈਲੀਫੋਨ ਦਫਤਰ | ੫੦੭ | ੩੧੬੨੦.੦੦ | |
| ੨੪ ਤਨਖਾਹ ਜਨਰਲ ਵਿਭਾਗ ਕਲਰਕਾਂ ਤੇ ਸੇਵਾਦਾਰਾਂ | ੫੨੦ | ੧੦੬੧੨੩੭੩.੦੦ | |
| ੨੫ ਤਨਖਾਹ ਇੰਸਪੈਕਸ਼ਨ ਵਿਭਾਗ | ੫੨੮ | ੩੫੦੪੧੫੩.੦੦ | |
| ੨੬ ਆਡਿਟ ਫੀਸ ਇੰਟਰਨਲ | ੫੩੫ | ੪੮੪੫੦੦.੦੦ | |
| ੨੭ ਪੇਸ਼ਗੀ ਜਨਰਲ | ੫੬੨ | ੮੦੪੬੨੧੦.੦੦ | ੫੭੩੦੫੮੬.੦੦ |
| ੨੮ ਟੈਲੀਫੋਨ ਇੰਟਰਨਲ | ੫੭੬ | ੭੭.੦੦ | |
| ੨੯ ਪੇਸ਼ਗੀ ਅਸਲਾ | ੫੮੦ | | ੨੮੦੦.੦੦ |
| ੩੦ ਗੁ: ਸੁਧਾਰ ਸੇਵਕ ਫੰਡ (ਸਹਾਇਤਾ ਪੈਨਸ਼ਨਾਂ) | ੫੮੨ | ੫੨੫.੦੦ | |
| ੩੧ ਸਹਾਇਤਾ ਮੀਰੀ-ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਹਰਿਆਣਾ | ੬੦੬ | ੫੦੦੦੦੦੦.੦੦ | ੭੦੦੦੦੦੦.੦੦ |
| ੩੨ ਲੈਣ ਦੇਣ ਵਿੱਦਿਆ ਫੰਡ | ੬੨੩ | ੨੬੫੩੪੮੯.੦੦ | ੩੦੦੧੦੨੬੦.੦੦ |
| ੩੩ ਪੇਸ਼ਗੀ ਤਨਖਾਹ | ੭੦੦ | ੧੨੪੧੦੦੦.੦੦ | ੧੨੬੩੦੦੦.੦੦ |
| ੩੪ ਤਨਖਾਹ ਅਤੇ ਬਿੱਲ ਸਬ ਆਫਿਸ ਕੁਰੁਕਸ਼ੇਤਰ (ਹਰਿਆਣਾ) | ੭੩੬ | ੨੭੪੬੯੮.੦੦ | |
| ੩੫ ਸਹਾਇਤਾ: ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ | ੭੪੫ | ੧੦੦੦੦੦੦੦.੦੦ | |
| ੩੬ ਰੋਸ਼ਨੀ ਦਫਤਰ | ੭੫੨ | ੫੮੭੫.੦੦ | |
| ੩੭ ਸੀਮੈਂਟ ਸਰੀਆ : ਸ਼ਹੀਦ ਬਾਬਾ ਸੰਗਤ ਸਿੰਘ ਬਹੁ-ਤਕਨੀਕੀ ਕਾਲਜ ਬੰਗਾ | ੭੭੩ | ੭੨੯੦੦.੦੦ | |
| ੩੮ ਇਮਾਰਤ ਬੀਬੀ ਸ਼ਰਨ ਕੌਰ ਖਾਲਸਾ ਕਾਲਜ, ਚਮਕੌਰ ਸਾਹਿਬ, ਰੋਪੜ | ੭੭੬ | ੩੮੮੭੦੮੯.੦੦ | |
| ੩੯ ਸੀਮੈਂਟ ਸਰੀਆ ਬੀ:ਸ਼ਰਨ ਕੌਰ ਕਾਲਜ, ਚਮਕੌਰ ਸਾਹਿਬ | ੭੭੮ | ੧੫੩੪੨੯੨.੦੦ | ੧੭੮੪੧੯੧.੦੦ |
| ੪੦ ਇਮਾਰਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ | | | |

| | | | |
|---|---|---|---|
| ਖਾਲਸਾ ਕਾਲਜ ਭਗਤਾ ਭਾਈ ਕਾ | ੭੮੩ | ੩੮੩੮੫੯੬.੦੦ | |
| ੪੧ ਸੀਮੈਂਟ ਸਰੀਆ ਖਾਲਸਾ ਕਾਲਜ ਭਗਤਾ ਭਾਈ ਕਾ (ਬਠਿੰਡਾ) | ੭੮੭ | ੧੨੭੩੫੦.੦੦ | ੪੭੪੦੬੯.੦੦ |
| ੪੨ ਇਮਾਰਤ ਸ੍ਰੀ ਗੁਰੂ ਹਰਕਿਸ਼ਨ ਸਾਹਿਬ ਜੀ ਖਾਲਸਾ ਕਾਲਜ ਪੰਜੋਖਰਾ ਸਾਹਿਬ (ਹਰਿ:) | ੭੯੪ | ੯੭੮੦੬.੦੦ | |
| ੪੩ ਸੀਮੈਂਟ ਸਰੀਆ ਖਾਲਸਾ ਕਾਲਜ ਪੰਜੋਖਰਾ ਸਾਹਿਬ (ਹਰਿਆਣਾ) | ੭੯੬ | ੪੮੮੦੦.੦੦ | |
| ੪੪ ਸੀਮੈਂਟ ਸਰੀਆ ਮਾਤਾ ਸਾਹਿਬ ਕੌਰ ਖਾਲਸਾ ਕਾਲਜ ਧਾਮੋ ਮਾਜਰਾ, ਪਟਿਆਲਾ | ੮੫੧ | ੨੫੦੦.੦੦ | |
| ੪੫ ਸਰੀਆ ਸੀਮੈਂਟ ਗੁਰੂ ਗੋਬਿੰਦ ਸਿੰਘ ਜੀ ਪਬਲਿਕ ਸਕੂਲ, ਮਲੂਕਾ (ਬਠਿੰਡਾ) | ੮੫੭ | ੭੧੨੩੩੧.੦੦ | |
| ੪੬ ਇਮਾਰਤ ਸਾਹਿਬਜ਼ਾਦਾ ਫਤਹਿ ਸਿੰਘ ਪਬਲਿਕ ਸਕੂਲ ਗੁਰੂ ਕਾ ਬਾਗ ਘੁੱਕੇਵਾਲੀ | ੮੫੯ | ੧੦੯੦੪੫੨.੦੦ | |
| ੪੭ ਸੀਮੈਂਟ ਸਰੀਆ ਸਾਹਿਬਜ਼ਾਦਾ ਫਤਹਿ ਸਿੰਘ ਪਬਲਿਕ ਸਕੂਲ ਗੁਰੂ ਕਾ ਬਾਗ ਘੁੱਕੇਵਾਲੀ | ੮੬੧ | | ੪੦੭੫੫.੦੦ |
| ੪੮ ਸਹਾਇਤਾ ਗਰੀਬ ਬੱਚਿਆਂ ਦੀ ਪੜ੍ਹਾਈ | ੯੭੯ | ੧੨੪੦੧੦.੦੦ | |
| **ਜਨਰਲ ਲੈਜਰ ਨੰ:੩** | | | |
| ੪੯ ਬਚਤ ਹਿਸਾਬ ਨੰ:੨੧੨੩ ਪੰਜਾਬ ਐਂਡ ਸਿੰਧ ਬੈਂਕ ਨਿਵਾਸ ਅੰਮ੍ਰਿਤਸਰ | ੧੦੨੫ | ੩੬੦੭੨੬੭.੦੦ | ੧੯੫੯੯੩੪੫.੦੦ |
| ੫੦ ਬਚਤ ਹਿਸਾਬ ਨੰ:੬੭੫੮ ਪੰਜਾਬ ਐਂਡ ਸਿੰਧ ਬੈਂਕ ਚੌਂਕ ਪਰਾਗਦਾਸ | ੧੦੫੩ | ੧੦੯੨੭੧.੦੦ | ੫੩੧੬੬੫੮.੦੦ |
| ੫੧ ਬਚਤ ਹਿਸਾਬ ਨੰ:੧੬੬੧੮ ਪੰਜਾਬ ਐਂਡ ਸਿੰਧ ਬੈਂਕ ਘੰਟਾ ਘਰ, ਅੰਮ੍ਰਿਤਸਰ | ੧੦੬੭ | | ੨੧੮੮੧੦.੦੦ |
| ੫੨ ਬਚਤ ਹਿਸਾਬ ਨੰ: ੯੪੭੪੯ ਐਚ.ਡੀ.ਐਫ.ਸੀ. ਬੈਂਕ, ਘੰਟਾ ਘਰ, ਅੰਮ੍ਰਿਤਸਰ | ੧੦੭੯ | ੩੦੨੫੧.੦੦ | ੫੧੫੧੫੧੦.੦੦ |
| ੫੩ ਬਚਤ ਹਿਸਾਬ ਨੰਬਰ ੫੭੪੪ ਪੰਜਾਬ ਨੈਸ਼ਨਲ ਬੈਂਕ ਗੋਲਡਨ ਟੈਂਪਲ ਕੰਪਲੈਕਸ | ੧੦੯੯ | ੨੬੦੨੬੦.੦੦ | ੧੨੦੨੧੮੬੬.੦੦ |
| ੫੪ ਬਚਤ ਹਿਸਾਬ ਨੰ: ੨੧੭੫ ਆਂਧਰਾ ਬੈਂਕ | | | |

| | | | |
|---|---|---|---|
| ਹਾਲ ਬਜ਼ਾਰ | ੧੧੧੮ | ੬੭੦.੦੦ | |
| ੫੫ ਬਚਤ ਹਿਸਾਬ ਨੰ: ੬੫੦੨੨੧੬੭੦੭੫ | | | |
| ਸਟੇਟ ਬੈਂਕ ਆਫ ਪਟਿਆਲਾ | ੧੧੩੮ | ੫੭੮੦੦੦੦.੦੦ | ੮੮੫੭੪੨੧.੦੦ |
| ੫੬ ਬਚਤ ਹਿਸਾਬ ਨੰ: ੨੫੭੮ ਕਾਰਪੋਰੇਸ਼ਨ ਬੈਂਕ, | | | |
| ਸਿਟੀ ਸੈਂਟਰ | ੧੧੭੩ | ੨੪੭੨.੦੦ | |
| ੫੭ ਕਮਿਸ਼ਨ ਬੈਂਕਾਂ ਤੋਂ | ੧੧੯੬ | ੫੭.੦੦ | |
| ੫੮ ਅਮਾਨਤ ਮੈਡੀਕਲੇਮ ਇੰਸ਼ੋਰੈਂਸ ਮੁਲਾਜ਼ਮਾਂ | ੧੧੯੬ | ੪੧੦੦੯.੦੦ | ੩੦੨੫੧.੦੦ |
| ੫੯ ਜਮਾਨਤ ਠੇਕੇਦਾਰਾਂ | ੧੨੧੦ | | ੪੨੯੦੫੦.੦੦ |
| ੬੦ ਬਚਤ ਹਿਸਾਬ ਨੰ: ੦੧੧੨੭੫ | | | |
| ਆਈ.ਸੀ.ਆਈ.ਸੀ.ਆਈ.ਬੈਂਕ | ੧੨੧੯ | ੨੦੦੦੦੦੦.੦੦ | ੧੦੨੦੬੦੭੨.੦੦ |
| ੬੧ ਬਚਤ ਹਿਸਾਬ ਨੰ: ੪੮੭੮੭ ਇੰਡੋਸਿੰਡ ਬੈਂਕ, | | | |
| ਮਾਲ ਰੋਡ, ਅੰਮ੍ਰਿਤਸਰ | ੧੨੩੭ | ੭੦੦੦੦੦੦.੦੦ | ੪੮੨੦੦.੦੦ |
| ੬੨ ਸੂਦ ਜਨਰਲ ਬੈਂਕਾਂ ਤੋਂ | ੧੨੪੩ | ੭੫.੦੦ | ੧੧੨੪੧੩.੦੦ |
| ੬੩ ਸੇਲ ਟੈਕਸ ਫਰਮਾਂ | ੧੩੬੧ | ੧੪੩੭੪੦.੦੦ | ੩੯੬੧੩੭.੦੦ |
| ੬੪ ਇੰਨਕਮ ਟੈਕਸ (ਫਰਮਾਂ) | ੧੩੭੫ | ੧੬੭੩੭੪.੦੦ | ੩੫੧੭੫੫.੦੦ |
| ੬੫ ਇੰਨਕਮ ਟੈਕਸ (ਮੁਲਾਜ਼ਮਾਂ) | | ੯੨੩੨੮੦.੦੦ | ੫੬੧੩੩੫.੦੦ |
| | **ਜੋੜ** | ੧੧੮੩੮੬੨੮੩.੦੦ | ੧੧੮੫੧੭੭੩੬.੦੦ |
| | **ਹੱਥ ਦੀ ਬਾਕੀ** | ੪੮੬੨੩੧.੦੦ | ੩੫੪੭੭੮.੦੦ |
| | **ਕੁਲ ਜੋੜ** | ੧੧੮੮੭੨੫੧੪.੦੦ | ੧੧੮੮੭੨੫੧੪.੦੦ |

ਸਹੀ/- ਸਹੀ/-
ਚੀਫ਼ ਅਕਾਊਂਟੈਂਟ, ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖਰਚ ਟਰੱਸਟ ਫੰਡ, ਮਹੀਨਾ ਜਨਵਰੀ ੨੦੧੬

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | **ਜਨਰਲ ਲੈਜਰ ਨੰ:੧** | | | |
| | **ਸਿੱਖ ਇਤਿਹਾਸ ਖੋਜ ਫੰਡ** | | | |
| ੧ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੫ | | ੫੦੬੦੦੦.੦੦ |
| ੨ | ਤਨਖਾਹ ਤੇ ਕਮਿਸ਼ਨ | ੨੩ | ੪੪੩੨੦੪.੦੦ | |
| ੩ | ਸਿੱਖ ਇਤਿ:ਦੀ ਖੋਜ ਲਿਖਾਈ ਛਪਾਈ ਤੇ ਹੋਰ ਪੁਰਾਤਨ ਗ੍ਰੰਥਾਂ ਦੀ ਛਪਾਈ ਆਦਿ | ੩੨ | ੪੦੪੨.੦੦ | |
| ੪ | ਸਫਰ ਖਰਚ ਫੁਟਕਲ | ੫੫ | ੫੬੫.੦੦ | |
| ੫ | ਟੈਲੀਫੂਨ | ੫੨ | ੧੭੭੬.੦੦ | |
| | **ਗੁ:ਤੇ ਗੁ:ਲਿਟਰੇਚਰ ਫੰਡ** | | | |
| ੬ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੬੧ | | ੫੧੬੮੦੦੦.੦੦ |
| ੭ | ਵਿਕਰੀ ਪੁਸਤਕਾਂ ਤੇ ਭੇਟਾ ਸ੍ਰੀ ਪਾਵਨ ਸਰੂਪ | ੭੯ | | ੩੯੨੬੦੬.੦੦ |
| ੮ | ਵਸੂਲਣਯੋਗ ਬਿੱਲ ਦੀਆਂ ਰਕਮਾਂ ਗੁਰਬਾਣੀ ਤੇ ਗੁ:ਲਿਟਰੇਚਰ | ੧੦੧ | | ੧੧੫੨੨੯੫.੦੦ |
| ੯ | ਤਨਖਾਹ ਤੇ ਕਮਿਸ਼ਨ | ੧੨੨ | ੪੯੩੬੫੭.੦੦ | |
| ੧੦ | ਜਿਲਦਬੰਦੀ | ੧੩੯ | ੭੮੬੬੫੮.੦੦ | ੮੭੦੦.੦੦ |
| ੧੧ | ਤਨਖਾਹ ਜਿਲਦਬੰਦੀ ਵਿਭਾਗ | ੧੪੫ | ੨੨੬੦੨੨.੦੦ | |
| ੧੨ | ਦਰਸ਼ਨ ਭੇਟਾ | ੧੫੧ | ੬੦੧੨੫.੦੦ | |
| ੧੩ | ਸਫਰ ਖਰਚ | ੧੭੨ | ੩੮੩੦.੦੦ | |
| | **ਯਾਤਰਾ ਗੁ: ਸਾਹਿਬਾਨ ਪਾਕਿਸਤਾਨ** | | | |
| ੧੪ | ਤਨਖਾਹ ਸਟਾਫ ਆਦਿ | ੨੬੨ | ੧੬੯੦੯੧.੦੦ | |
| ੧੫ | ਖਰਚ ਗੁ: ਸਾਹਿਬਾਨ ਪਾਕਿਸਤਾਨ | ੨੭੧ | ੪੭੬.੦੦ | |
| | **ਭਾਈਚਾਰਕ ਸੁਧਾਰ ਫੰਡ** | | | |
| ੧੬ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੧੮੨ | | ੮੦੦੦.੦੦ |
| ੧੭ | ਤਨਖਾਹ ਸਟਾਫ ਆਦਿ | ੧੯੪ | ੨੦੧੦੦੮.੦੦ | |

| | | | |
|---|---|---|---|
| **ਜਨਰਲ ਪ੍ਰੋ:ਫੰਡ** | | | |
| ੧੮ ਸੂਦ ਤੇ ਆਮਦਨ | ੨੦੮ | | ੫੯੪੨੩.੯੬ |
| **ਜਨਰਲ ਲੈਜਰ ਨੰ:੨** | | | |
| **ਅਮਾਨਤਾਂ** | | | |
| ੧੯ ਅਮਾਨਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੫੧੧ | ੪੨੮੩੬੪.੦੦ | ੨੦੦੯੯.੦੦ |
| ੨੦ ਅਮਾਨਤ ਗੁਰਦਵਾਰੇ | ੫੨੫ | | ੧੮੦੦੦.੦੦ |
| ੨੧ ਅਮਾਨਤ ਮੁਲਾਜਮਾਂ ਤੇ ਜਨਰਲ | ੫੩੮ | ੩੫੩੭.੦੦ | |
| ੨੨ ਅਮਾਨਤ ਐਲ.ਆਈ.ਸੀ. ਮੁਲਾਜਮਾਂ | ੫੪੮ | | ੪੯੬੦.੦੦ |
| ੨੩ ਪੇਸ਼ਗੀ ਬੀਮਾ | ੯੬੮ | | ੪੪੯੫੮੧.੪੬ |
| ੨੪ ਅਮਾਨਤ ਕਲਰਕਾਂ/ਸੇਵਾਦਾਰਾਂ | ੫੬੬ | | ੩੭੭੦੦.੦੦ |
| ੨੫ ਲੈਣ ਦੇਣ ਜਨਰਲ ਬੋਰਡ ਫੰਡ | ੫੭੪ | ੧੧੦੦੦੦੦.੦੦ | ੭੦੦੦੦੦.੦੦ |
| ੨੬ ਖਰਚ ਦਫਤਰ | ੫੯੬ | ੯੮੦੫੭੭.੦੦ | ੧੦੦੦੦੦੦.੦੦ |
| **ਜਮਾਨਤਾਂ** | | | |
| ੨੭ ਜਮਾਨਤ ਮੁਲਾਜਮਾਂ | ੬੪੪ | ੫੦੦੦.੦੦ | ੧੨੭੫੦੦.੦੦ |
| ੨੮ ਮਿਆਦੀ ਹਿਸਾਬ ਜਮਾਨਤਾਂ | ੬੭੨ | ੨੨੭੨੧.੦੦ | |
| ੨੯ ਜਮਾਨਤ ਠੇਕੇਦਾਰਾਂ | ੬੮੦ | | ੨੨੬੯੦.੦੦ |
| ੩੦ ਪੇਸ਼ਗੀ ਜਨਰਲ | ੯੭੯ | ੫੯੦੧੮੧੨.੦੦ | ੭੪੫੫੦੧੮.੦੦ |
| ੩੧ ਪੇਸ਼ਗੀ ਤਨਖਾਹ | ੮੮੫ | ੨੦੯੩੪੦.੦੦ | ੧੩੬੮੪੦.੦੦ |
| ੩੨ ਬਚਤ ਹਿਸਾਬ ਨੰ:੨੧੨੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੮੦੨ | ੬੮੨੫੦੧੫.੦੦ | ੧੦੬੭੨੪੧੫.੦੦ |
| ੩੩ ਬਚਤ ਹਿਸਾਬ ਨੰ:੧੩੧੩੧੦੦੦੦੯੪੬੭੦ ਐਚ.ਡੀ.ਐਫ.ਸੀ. ਬੈਂਕ ਗੋਲਡਨ ਟੈਂਪਲ | ੯੯੦ | ੫੦੧੩੩੨੧.੦੦ | ੧੫੦੨੮੦੮.੦੦ |
| ੩੪ ਬਚਤ ਹਿਸਾਬ ਨੰ:੩੫੮ (ਪੀ.ਐਸ.ਬੀ.ਹਾਲ ਬਾਜ਼ਾਰ) | ੮੦੯ | ੬੮੧੯.੩੧ | |
| ੩੫ ਬਚਤ ਹਿਸਾਬ ਨੰ:੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੮੩੭ | ੧੫੨੧੦੯੯੨.੦੯ | ੩੪੩੬੧੫੭.੨੦ |
| ੩੬ ਬਚਤ ਹਿਸਾਬ ਨੰ: ੬੫੦੨੦੭੨੧੭੨੦ ਸਟੇਟ ਬੈਂਕ ਆਫ ਪਟਿਆਲਾ ਜੱਲ੍ਹਿਆਂ ਵਾਲਾ ਬਾਗ, ਅੰਮ੍ਰਿਤਸਰ (ATM) | ੮੬੯ | ੨੭੫੬.੦੦ | ੧੫੩੩੩੪੮.੦੦ |
| ੩੭ ਬਚਤ ਹਿਸਾਬ ਟੂ ਇੰਨ ਵਨ ਨੰ:C.L.S.B. ੦੧/੦੧੦੦੬੯ ਕਾਰਪੋਰੇਸ਼ਨ ਬੈਂਕ ਲਾਰੈਂਸ ਰੋਡ | ੮੯੩ | ੨੭੦੬.੦੦ | |
| ੩੮ ਟੈਕਸ ਡਿਡੈਕਸ਼ਨ ਐਟ ਸੋਰਸ (ਠੇਕੇਦਾਰਾਂ) | ੯੬੧ | ੧੬੫੨.੦੦ | ੧੦੭੮੩.੦੦ |

**ਸ਼੍ਰੋਮਣੀ ਗੁ: ਪ੍ਰ: ਕਮੇਟੀ, ਧਰਮ ਪ੍ਰਚਾਰ ਕਮੇਟੀ, ਸੈਕਸ਼ਨ ੮੫ ਦੇ**

**ਗੁ: ਸਾਹਿਬਾਨ ਦਾ ਗ੍ਰੈਚੂਇਟੀ ਅਤੇ ਛੁੱਟੀਆਂ ਦਾ ਫੰਡ**

| | | | |
|---|---|---|---|
| ੩੯ ਵਸੂਲੀ ਦਫ਼ਾ-੮੫ ਗੁ: ਸਾਹਿਬਾਨ ਤੋਂ ਗ੍ਰੈਚੂਇਟੀ ਤੇ ਤਨਖਾਹ ਰਿਆਇਤੀ ਛੁੱਟੀਆਂ ਦਾ ਫੰਡ | ੯੨੮ | | ੫੬੧੧੮੫੫.੦੦ |
| ੪੦ ਗ੍ਰੈਚੂਇਟੀ ਤੇ ਛੁੱਟੀਆਂ ਦਾ ਸੇਵਾਫਲ ਮੁਲਾਜ਼ਮਾਂ | ੯੪੩ | ੮੩੪੭੫੪੧.੦੦ | |

**ਜਨਰਲ ਲੈਜਰ ਨੰ:੩**

**ਕੁਦਰਤੀ ਆਫਤਾਂ ਤੇ ਹੜ੍ਹ ਪੀੜਤ ਫੰਡ/ਕੈਂਸਰ ਰਲੀਫ ਫੰਡ**

| | | | |
|---|---|---|---|
| ੪੧ ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ ਕੁਦਰਤੀ ਆਫਤਾਂ/ਕੈਂਸਰ ਰਲੀਫ | ੧੩੩੩ | | ੨੦੯੭੦੦੦.੦੦ |
| ੪੨ ਮੁਲਾਜਮਾਂ, ਮੈਂਬਰ ਸਾਹਿਬਾਨ ਅਤੇ ਸੰਗਤਾਂ ਪਾਸੋਂ ਸਹਾਇਤਾ | ੧੧੧੩ | | ੩੩੮੫੪੦੨.੫੪ |
| ੪੩ ਖਰਚ ਕੈਂਸਰ ਰਲੀਫ ਫੰਡ ਲਈ | ੧੨੪੪ | ੫੦੬੦੦੦੦.੦੦ | ੧੨੦੦੦੦.੦੦ |
| ੪੪ ਤਨਖਾਹ ਸਟਾਫ ਕੈਂਸਰ ਰਲੀਫ ਫੰਡ | ੧੧੩੪ | ੩੦੪੬੧੮.੦੦ | |
| ੪੫ ਸਫਰ ਖਰਚ | ੧੩੪੩ | ੧੩੨੫.੦੦ | |
| ੪੬ ਖਰਚ ਕੁਦਰਤੀ ਆਫਤਾਂ | ੧੩੦੫ | ੩੦੦੦੦੦.੦੦ | |
| ੪੭ ਭੁਚਾਲ ਪੀੜਤਾਂ ਲਈ ਸਹਾਇਤਾ (ਸੰਗਤਾਂ ਮੁਲਾਜਮਾਂ ਪਾਸੋਂ) | ੧੨੩੯ | ੯੦੭੧੦੦.੦੦ | |

**ਸ਼ਹੀਦੀ ਫੰਡ**

| | | | |
|---|---|---|---|
| ੪੮ ਸਹਾਇਤਾ ਸ਼ਹੀਦ ਅਤੇ ਜ਼ਖਮੀ ਸਿੰਘਾਂ ਦੇ ਪਰਿਵਾਰਾਂ ਨੂੰ | ੧੦੦੧ | ੫੦੦੦੦.੦੦ | |
| ੪੯ ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੧੦੧੦ | | ੮੧੦੦੦.੦੦ |
| ੫੦ ਸਹਾਇਤਾ ਧਰਮੀ ਫੌਜੀਆਂ ਨੂੰ | ੧੦੩੭ | ੩੦੦੦੦੦.੦੦ | |
| ੫੧ ੧੯੮੪ ਦੇ ਦੰਗਾ ਪੀੜਤ ਸਿੱਖਾਂ ਦੇ ਬੱਚਿਆਂ ਦੀ ਉਚੇਰੀ ਵਿੱਦਿਆ ਲਈ ਸਹਾਇਤਾ | ੧੦੭੨ | ੧੨੨੮੧੨.੦੦ | |
| ੫੨ ਫੀਸ ਵਕੀਲਾਂ | ੧੦੨੦ | ੪੩੦੦੩੦.੦੦ | |

**ਧਰਮ ਅਰਥ ਅਤੇ ਪੰਥਕ ਭਲਾਈ ਫੰਡ**

| | | | |
|---|---|---|---|
| ੫੩ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ (ਧਰਮ ਅਰਥ) | ੧੩੫੫ | | ੮੦੦੦.੦੦ |
| ੫੪ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ ਪੰਥਕ ਭਲਾਈ ਫੰਡ | ੧੩੬੩ | | ੮੦੦੦.੦੦ |

| | | | |
|---|---|---|---|
| ੫੫ ਬਚਤ ਹਿਸਾਬ ਨੰ:੩੨੪੨੩ ਪੰਜਾਬ ਨੈਸ਼ਨਲ ਬੈਂਕ | ੧੪੧੭ | ੮੨੬੦੮੭੫.੦੦ | ੨੨੦੦੦੦੦.੦੦ |
| ੫੬ ਫੁਟਕਲ ਆਮਦਨ ਸੰਗਤਾਂ ਪਾਸੋਂ | ੧੪੪੧ | | ੨੭੭੫੦੧.੦੦ |
| ੫੭ ਪੰਥਕ ਭਲਾਈ ਫੰਡ (ਖਰਚ) | ੧੪੪੯ | ੪੨੦੦.੦੦ | |
| ੫੮ ਧਰਮ ਅਰਥ ਫੰਡ (ਖਰਚ) | ੪੦੦ | ੧੧੩੮੦੦੦.੦੦ | |
| ੫੯ ਸਫਰ ਖਰਚ | ੧੪੧੯ | ੧੦੯੦.੦੦ | |
| **ਪ੍ਰੋਵੀਡੈਂਟ ਫੰਡ** | | | |
| ੬੦ ਪ੍ਰੋਵੀਡੈਂਟ ਫੰਡ | ੫੫ | ੧੮੫੧੩੯੨.੧੬ | ੧੮੨੫੭੧੩੦.੩੬ |
| ੬੧ ਕਰਜਾ ਪ੍ਰੋਵੀਡੈਂਟ ਫੰਡ | ੧੦੬ | ੩੦੦੦੦.੦੦ | ੩੨੨੮੦੪.੦੦ |
| ੬੨ ਅਮਾਨਤ ਪ੍ਰੋਵੀਡੈਂਟ ਫੰਡ | ੧੫੯ | ੬੭੮੦੧੧੬.੦੦ | ੬੭੮੦੧੧੬.੦੦ |
| ੬੩ ਬਚਤ ਹਿਸਾਬ ਪ੍ਰੋਵੀਡੈਂਟ ਫੰਡ ਪੰਜਾਬ ਐਂਡ ਸਿੰਧ ਬੈਂਕ ਨਿਵਾਸ ਅਤੇ ਹਾਲ ਬਜਾਰ | ੨੦੦ | ੧੬੬੦੧੫੮.੩੬ | ੧੩੨੦੩.੪੦ |
| ੬੪ ਬਚਤ ਹਿਸਾਬ ਪ੍ਰੋਵੀਡੈਂਟ ਫੰਡ ਕਾਰਪੋਰੇਸ਼ਨ ਬੈਂਕ ਲਾਰੰਸ ਰੋਡ | ੨੩੫ | ੨੦੬.੦੦ | ੨੭੦੬.੦੦ |
| ੬੫ ਬਚਤ ਹਿਸਾਬ ਪ੍ਰੋ: ਫੰਡ ਸਟੇਟ ਬੈਂਕ ਪਟਿਆਲਾ | ੨੭੪ | ੨੫੬.੦੦ | ੨੭੫੬.੦੦ |
| | **ਜੋੜ** | ੭੩੬੫੪੭੮੫.੯੨ | ੭੩੫੯੦੩੯੮.੯੨ |
| | **ਹੱਥ ਦੀ ਬਾਕੀ** | ੨੪੧੫੮.੦੦ | ੮੮੫੪੫.੦੦ |
| | **ਵੱਡਾ ਜੋੜ** | ੭੩੬੭੮੯੪੩.੯੨ | ੭੩੬੭੮੯੪੩.੯੨ |

ਸਹੀ/-
ਚੀਫ਼ ਅਕਾਊਂਟੈਂਟ,

ਸਹੀ/-
ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।